@Qpatrika
@qaumipatrika punjabi
instagram.com/ qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Tuesday, 16 July 2024

VISIT:
www.qaumipatrika.org
Email: qpatrika@gmail.com

Punjabi National Daily

Qaumi Patrika NO.1

ਨਵੀਂ ਦਿੱਲੀ: ਮੰਗਲਵਾਰ 16 ਜੁਲਾਈ 2024, 1 ਸਾਵਣ ਨਾਨਕਸ਼ਾਹੀ ਸੰਮਤ 555 (ਸਫੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 42, ਅੰਕ 240. qpatrika@gmail.com ਫੋਨ : 9971359517 www.qaumipatrika.org

## ਆਤਿਸ਼ੀ ਨੇ ਕੇਜਰੀਵਾਲ ਦੀ ਸਿਹਤ ਨੂੰ ਦੱਸਿਆ ਖਤਰਾ

**ਸਿੰਮੀ ਕੌਰ ਬੱਬਰ**

ਨੈਸ਼ਨਲ ਡੈਸਕ 15 ਜੁਲਾਈ। ਆਮ ਆਦਮੀ ਪਾਰਟੀ (ਆਪ) ਨੇ ਐਤਵਾਰ ਨੂੰ ਦੋਸ਼ ਲਾਇਆ ਕਿ ਜੁਡੀਸ਼ੀਅਲ ਹਿਰਾਸਤ ਵਿਚ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਸਿਹਤ ਨੂੰ ਗੰਭੀਰ ਖਤਰਾ ਹੈ। ਦਿੱਲੀ ਦੀ ਕੈਬਨਿਟ ਮੰਤਰੀ ਆਤਿਸੀ ਨੇ ਇੱਥੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੂਗਰ ਤੋਂ ਪੀੜਤ ਕੇਜਰੀਵਾਲ ਦਾ ਸੂਗਰ ਲੈਵਲ ਖਤਰਨਾਕ ਤੌਰ 'ਤੇ ਹੇਠਾਂ ਆ ਗਿਆ ਹੈ। ਆਤਿਸੀ ਨੇ ਕਿਹਾ, "ਭਾਜਪਾ ਸਰਕਾਰ ਨੇ ਝੂਠੇ ਕੇਸ 'ਚ ਕੇਜਰੀਵਾਲ ਨੂੰ ਜੇਲ੍ਹ ਭੇਜਣ ਦੀ ਸਾਜਸ਼ਿ ਰਚੀ ਹੈ। ਉਨ੍ਹਾਂ ਦੀ ਸਿਹਤ ਨੂੰ ਗੰਭੀਰ ਖਤਰਾ ਹੈ। ਉਨ੍ਹਾਂ ਦਾ ਭਾਰ 8.5 ਕਿਲੋ ਘੱਟ ਗਿਆ ਹੈ ਅਤੇ ਸੌਣ ਵੇਲੇ ਉਨ੍ਹਾਂ ਦਾ ਸੂਗਰ ਲੈਵਲ ਪੰਜ ਵਾਰ 50 ਤੋਂ ਹੇਠਾਂ ਆ ਗਿਆ ਹੈ। ਇਹ ਚਿੰਤਾਜਨਕ ਸਥਿਤੀ ਹੈ, ਖਾਸ ਤੌਰ 'ਤੇ ਸੂਗਰ ਦੇ ਮਰੀਜ ਲਈ।" ਉਨ੍ਹਾਂ ਕਿਹਾ, "ਜੇ ਕੇਜਰੀਵਾਲ ਨੂੰ ਦੌਰਾ ਪੈਂਦਾ ਹੈ, ਜੇਕਰ ਉਨ੍ਹਾਂ ਦਾ ਦਿਮਾਗ ਖਰਾਬ ਹੋ ਜਾਂਦਾ ਹੈ ਜਾਂ ਉਨ੍ਹਾਂ ਨੂੰ ਸਥਾਈ ਨੁਕਸਾਨ ਹੁੰਦਾ ਹੈ ਤਾਂ ਇਸ ਦਾ ਜਮਿੇਵਾਰ ਕੌਣ ਹੋਵੇਗਾ?" ਮੰਤਰੀ ਨੇ ਦਾਅਵਾ ਕੀਤਾ ਕਿ 'ਆਪ' ਮੁਖੀ ਨੂੰ ਜੇਲ੍ਹ ਵਿਚ ਸਹੀ ਡਾਕਟਰੀ ਦੇਖਭਾਲ ਨਹੀਂ ਮਿਲ ਰਹੀ ਹੈ। ਜਦੋਂ ਮੰਤਰੀ ਨੂੰ ਪੁੱਛਿਆ ਗਿਆ ਕਿ ਕੀ ਉਹ ਇਸ ਮੁੱਦੇ 'ਤੇ ਅਦਾਲਤ ਤੱਕ ਪਹੁੰਚ ਕਰਨਗੇ ਤਾਂ ਉਨ੍ਹਾਂ ਕਿਹਾ ਕਿ ਉਹ ਇਸ ਮੁੱਦੇ 'ਤੇ ਆਪਣੇ ਵਕੀਲਾਂ ਅਤੇ ਡਾਕਟਰਾਂ ਦੀ ਸਲਾਹ ਲੈ ਰਹੇ ਹਨ। ਆਤਿਸੀ ਨੇ ਕਿਹਾ, "ਭਾਜਪਾ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਜੇਕਰ ਅਰਵਿੰਦ ਕੇਜਰੀਵਾਲ ਨੂੰ ਕੁਝ ਹੋਇਆ ਤਾਂ ਦੇਸ ਹੀ ਨਹੀਂ, ਭਗਵਾਨ ਵੀ ਉਨ੍ਹਾਂ ਨੂੰ ਮੁਆਫ ਨਹੀਂ ਕਰਨਗੇ।"




## ਰਾਮਲੱਲਾ ਦੇ ਦਰ 'ਤੇ ਪੁੱਜੇ ਚੀਫ ਜਸਟਿਸ ਡੀ.ਵਾਈ. ਚੰਦਰਚੂੜ

ਨੈਸ਼ਨਲ ਡੈਸਕ 15 ਜੁਲਾਈ। ਚੀਫ ਜਸਟਿਸ ਡੀ.ਵਾਈ. ਚੰਦਰਚੂੜ ਨੇ ਸ਼ੁੱਕਰਵਾਰ ਨੂੰ ਇਥੇ ਰਾਮ ਮੰਦਰ ਵਿਚ ਰਾਮਲੱਲਾ ਦੇ ਦਰਸ਼ਨ ਕੀਤੇ। ਜਲ਼ਿਾ ਪ੍ਰਸ਼ਾਸਨ ਮੁਤਾਬਕ, ਚੀਫ ਜਸਟਿਸ ਦੁਪਹਿਰ ਕਰੀਬ 3 ਵਜੇ ਅਯੁੱਧਿਆ ਹਵਾਈ ਅੱਡੇ 'ਤੇ ਉਤਰੇ, ਜਿੱਥੇ ਅਯੁੱਧਿਆ ਦੇ ਜਲ਼ਿਾ ਮੈਜਿਸਟਰੇਟ ਨਿਤੀਸ ਕੁਮਾਰ ਨੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਤੋਂ ਬਾਅਦ ਜਸਟਿਸ ਚੰਦਰਚੂੜ ਹਨੂੰਮਾਨ ਗੜ੍ਹੀ ਮੰਦਰ ਅਤੇ ਰਾਮ ਮੰਦਰ ਗਏ ਅਤੇ ਉੱਥੇ ਪੂਜਾ ਅਰਚਨਾ ਕੀਤੀ। ਕੁਮਾਰ ਨੇ ਦੱਸਿਆ ਕਿ ਚੀਫ ਜਸਟਿਸ ਕਰੀਬ



ਢਾਈ ਘੰਟੇ ਅਯੁੱਧਿਆ 'ਚ ਰਹੇ, ਜਿਸ ਤੋਂ ਬਾਅਦ ਉਹ ਸਾਮ 5.30 ਵਜੇ ਰਾਮਕਥਾ ਪਾਰਕ ਸਥਿਤ ਹੈਲੀਪੈਡ ਤੋਂ ਹੈਲੀਕਾਪਟਰ ਰਾਹੀਂ ਲਖਨਊ ਲਈ ਰਵਾਨਾ ਹੋਏ। ਦੱਸਣਯੋਗ ਹੈ ਕਿ ਚੀਫ ਜਸਟਿਸ ਚੰਦਰਚੂੜ ਨੇ ਰਾਮ ਮੰਦਰ ਵਿਵਾਦ ਮਾਮਲੇ ਦੇ ਨਿਪਟਾਰੇ 'ਚ ਅਹਿਮ ਭੂਮਿਕਾ ਨਿਭਾਈ ਹੈ। ਸਾਲ 2010 ਵਿਚ ਜਦੋਂ ਇਲਾਹਾਬਾਦ ਹਾਈ ਕੋਰਟ ਨੇ ਰਾਮ ਮੰਦਰ ਨੂੰ ਲੈ ਕੇ ਆਪਣਾ ਫੈਸਲਾ ਸੁਣਾਇਆ ਸੀ, ਜਸਟਿਸ ਚੰਦਰਚੂੜ ਉਸ ਸਮੇਂ ਦੀ ਬੈਂਚ ਦਾ ਹਿੱਸਾ ਸਨ। ਇਸ ਤੋਂ ਇਲਾਵਾ ਜਦੋਂ ਸੁਪਰੀਮ ਕੋਰਟ ਨੇ 2019 'ਚ ਰਾਮ ਮੰਦਰ 'ਤੇ ਅਹਿਮ ਫੈਸਲਾ ਦਿੱਤਾ ਸੀ, ਉਦੋਂ ਵੀ ਚੰਦਰਚੂੜ ਪੰਜ ਜੱਜਾਂ ਦੇ ਬੈਂਚ ਦਾ ਹਿੱਸਾ ਸਨ।

## ਪ੍ਰਧਾਨ ਮੰਤਰੀ ਮੋਦੀ ਦੀ ਰੂਸ ਯਾਤਰਾ ਤੋਂ ਬਾਅਦ ਅਜੀਤ ਡੋਭਾਲ ਨੇ ਅਮਰੀਕੀ ਹਮਰੁਤਬਾ ਸੁਲਿਵਨ ਨਾਲ ਕੀਤੀ ਗੱਲ

ਨਵੀਂ ਦਿੱਲੀ 15 ਜੁਲਾਈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਰੂਸ ਯਾਤਰਾ ਤੋਂ ਬਾਅਦ ਭਾਰਤ-ਅਮਰੀਕਾ ਸੰਬੰਧਾਂ 'ਚ ਅਸਥਿਰਤਾ ਦੇ ਕੁਝ ਸੰਕੇਤਾਂ ਵਿਚਾਲੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਭਾਲ ਨੇ ਸ਼ੁੱਕਰਵਾਰ ਨੂੰ ਆਪਣੇ ਅਮਰੀਕੀ ਹਮਰੁਤਬਾ ਜੇਕ ਸੁਲਿਵਨ ਨਾਲ ਫੋਨ 'ਤੇ ਗੱਲਬਾਤ ਕੀਤੀ। ਵਿਦੇਸ਼ ਮੰਤਰਾਲਾ ਨੇ



ਦੱਸਿਆ ਕਿ ਡੋਭਾਲ ਅਤੇ ਸੁਲਿਵਨ ਨੇ ਸ਼ਾਂਤੀ ਅਤੇ ਸੁਰੱਖਿਆ ਦੀ ਦਿਸ਼ਾ 'ਚ ਗਲੋਬਲ ਚੁਣੌਤੀਆਂ ਨਾਲ ਨਜਿੱਠਣ ਅਤੇ ਭਾਰਤ-ਅਮਰੀਕਾ ਵਿਆਪਕ ਗਲੋਬਲ ਰਣਨੀਤਕ ਸਾਂਝੇਦਾਰੀ ਨੂੰ ਹੋਰ ਵਿਸਥਾਰ ਦੇਣ ਲਈ ਸਮੂਹਿਕ ਰੂਪ ਨਾਲ ਕੰਮ ਕਰਨ ਜਰੂਰਤ ਦੋਹਰਾਈ। ਉਸ ਨੇ ਦੱਸਿਆ ਕਿ ਦੋਹਾਂ ਦੇਸ਼ਾਂ ਦੇ ਰਾਸ਼ਟਰੀ ਸੁਰੱਖਿਆ ਸਲਾਹਕਾਰ 'ਸਾਂਝੇ ਮੁੱਲਾਂ ਅਤੇ ਸਮਾਨ ਰਣਨੀਤਕ ਅਤੇ ਸੁਰੱਖਿਆ ਹਿੱਤਾਂ 'ਤੇ ਆਧਾਰਤ' ਭਾਰਤ-ਅਮਰੀਕਾ ਸੰਬੰਧਾਂ ਨੂੰ ਅੱਗੇ ਵਧਾਉਣ ਲਈ ਮਿਲ ਕੇ ਕੰਮ ਕਰਨ 'ਤੇ ਸਹਿਮਤ ਹੋਏ। ਵਿਦੇਸ਼ ਮੰਤਰਾਲਾ ਨੇ ਇਕ ਬਿਆਨ 'ਚ ਕਿਹਾ, "ਉਨ੍ਹਾਂ ਨੇ ਦੋ-ਪੱਖੀ, ਖੇਤਰੀ ਅਤੇ ਕੌਮਾਂਤਰੀ ਚਿੰਤਾ ਦੇ ਮੁੱਦਿਆਂ ਅਤੇ 'ਕਵਾਡ' ਢਾਂਚੇ ਦੇ ਅਧੀਨ ਜੁਲਾਈ 2024 ਅਤੇ ਉਸ ਤੋਂ ਬਾਅਦ ਹੋਣ ਵਾਲੀਆਂ ਆਗਾਮੀ ਉੱਚ ਪੱਧਰੀ ਬੈਠਕਾਂ 'ਤੇ ਚਰਚਾ ਕੀਤੀ।"

## ਮਣੀਪੁਰ 'ਚ ਕੁਕੀ ਅੱਤਵਾਦੀਆਂ ਦਾ ਹਮਲਾ, ਸੀ. ਆਰ. ਪੀ. ਐੱਫ. ਦਾ ਜਵਾਨ ਸ਼ਹੀਦ

ਇੰਫਾਲ, 15 ਜੁਲਾਈ। ਮਣੀਪੁਰ ਦੇ ਜਿਰੀਬਾਮ 'ਚ ਐਤਵਾਰ ਸ਼ੱਕੀ ਕੁਕੀ ਅੱਤਵਾਦੀਆਂ ਦੇ ਹਮਲੇ 'ਚ ਸੀ. ਆਰ. ਪੀ. ਐੱਫ. ਦਾ ਇਕ ਜਵਾਨ ਸਹੀਦ ਹੋ ਗਿਆ, ਜਦਕਿ ਸੀ. ਆਰ. ਪੀ. ਐੱਫ. ਦਾ ਇਕ ਤੇ ਮਣੀਪੁਰ ਪੁਲਸ ਦੇ 2 ਜਵਾਨ ਜਖਮੀ ਹੋ ਗਏ। ਪੁਲਸ ਨੇ ਸਹੀਦ ਜਵਾਨ ਦੀ ਪਛਾਣ ਅਜੇ ਕੁਮਾਰ ਝਾਅ ਵਜੋਂ ਕੀਤੀ ਹੈ। ਜਖਮੀ ਜਵਾਨਾਂ ਨੂੰ ਜਿਰੀਬਾਮ ਦੇ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਸੇਜਾਂਗ ਕੁਕੀ ਪਿੰਡ ਦੇ ਭਾਰੀ ਹਥਿਆਰਾਂ ਨਾਲ ਲੈਸ ਅੱਤਵਾਦੀਆਂ ਨੇ ਐਤਵਾਰ ਸਵੇਰੇ ਵੱਡਾ ਹਮਲਾ ਸ਼ੁਰੂ ਕਰ ਦਿੱਤਾ ਤੇ ਉਨ੍ਹਾਂ ਨੇ ਤਿੰਨ ਘੰਟੇ ਤੋਂ ਵੱਧ ਸਮੇਂ ਤੱਕ ਮੇਤੇਈ ਪਿੰਡ ਅਤੇ ਸੁਰੱਖਿਆ ਮੁਲਾਜਮਾਂ ਨੂੰ ਨਿਸ਼ਾਨਾ ਬਣਾਇਆ। ਪੁਲਸ ਨੇ ਕਿਹਾ ਕਿ ਸੀ. ਆਰ. ਪੀ. ਐੱਫ. ਦੇ ਇਕ ਜਵਾਨ ਦੇ ਸਿਰ 'ਤੇ ਉਸ ਵੇਲੇ ਗੋਲੀ ਮਾਰੀ ਗਈ, ਜਦੋਂ ਉਹ ਗੱਡੀ ਚਲਾ ਰਿਹਾ ਸੀ। ਜਿਰੀਬਾਮ ਦੇ ਇਕ ਵਸਨੀਕ ਨੇ ਕਿਹਾ ਕਿ ਜਿਸ ਸਟੀਕਤਾ ਨਾਲ ਹਮਲੇ ਕੀਤੇ ਗਏ, ਉਸ ਤੋਂ ਪਤਾ ਲਗਦਾ ਹੈ ਕਿ ਅੱਤਵਾਦੀ ਆਧੁਨਿਕ ਹਥਿਆਰਾਂ ਦੀ ਵਰਤੋਂ ਕਰ ਰਹੇ ਸਨ।

## ਜੰਮੂ ਤੋਂ ਅਮਰਨਾਥ ਗੁਫਾ ਮੰਦਰ ਲਈ 4600 ਸ਼ਰਧਾਲੂਆਂ ਦਾ ਜੱਥਾ ਰਵਾਨਾ

ਜੰਮੂ 15 ਜੁਲਾਈ। 96 ਸਾਧੂਆਂ ਅਤੇ ਦੋ ਸਾਧਵੀਆਂ ਸਮੇਤ 4,669 ਸਰਧਾਲੂਆਂ ਦਾ ਇਕ ਹੋਰ ਜੱਥਾ ਤੜਕੇ ਜੰਮੂ ਤੋਂ ਦੱਖਣੀ ਕਸਮੀਰ ਹਿਮਾਲਿਆ ਵਿਚ ਅਮਰਨਾਥ ਗੁਫਾ ਮੰਦਰ ਲਈ ਰਵਾਨਾ ਹੋਇਆ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਕਸਮੀਰ ਦੇ ਬਾਲਟਾਲ ਅਤੇ ਪਹਿਲਗਾਮ ਬੇਸ ਕੈਂਪ 'ਤੇ ਪਹੁੰਚਣ ਤੋਂ ਬਾਅਦ ਸਾਰੇ ਸਰਧਾਲੂ 3,880 ਮੀਟਰ ਦੀ ਉਚਾਈ 'ਤੇ ਸਥਿਤ ਗੁਫਾ ਮੰਦਰ 'ਚ ਬਾਬਾ ਬਰਫਾਨੀ ਦੇ ਦਰਸਨ ਕਰਨ ਲਈ ਰਵਾਨਾ ਹੋਣਗੇ। ਅਧਿਕਾਰੀਆਂ ਨੇ ਦੱਸਿਆ ਕਿ 165 ਵਾਹਨਾਂ ਵਿਚ 4,669 ਸਰਧਾਲੂਆਂ ਦਾ 16ਵਾਂ ਜੱਥਾ ਭਗਵਤੀ ਨਗਰ ਬੇਸ ਕੈਂਪ ਤੋਂ ਸਵੇਰੇ 3 ਵਜੇ ਤੋਂ 4 ਵਜੇ ਦੇ ਵਿਚਕਾਰ ਰਵਾਨਾ ਹੋਇਆ। ਇਨ੍ਹਾਂ ਸਰਧਾਲੂਆਂ 'ਚ 1130 ਔਰਤਾਂ ਅਤੇ 23 ਬੱਚੇ ਸਾਮਲ ਹਨ। ਅਧਿਕਾਰੀਆਂ ਨੇ ਦੱਸਿਆ ਕਿ 3,039 ਸਰਧਾਲੂਆਂ ਨੇ ਯਾਤਰਾ ਲਈ 48 ਕਿਲੋਮੀਟਰ ਲੰਬੇ ਰਵਾਇਤੀ ਪਹਿਲਗਾਮ ਮਾਰਗ ਦੀ ਚੋਣ ਕੀਤੀ ਹੈ ਜਦੋਂ ਕਿ 1,630 ਸਰਧਾਲੂ ਤੁਲਨਾਤਮਕ ਤੌਰ 'ਤੇ ਛੋਟੇ (14 ਕਿਲੋਮੀਟਰ ਲੰਬੇ) ਬਾਲਟਾਲ ਮਾਰਗ ਰਾਹੀਂ ਯਾਤਰਾ ਕਰਨਗੇ। ਉਨ੍ਹਾਂ ਦੱਸਿਆ ਕਿ 52 ਦਿਨਾਂ ਦੀ ਯਾਤਰਾ ਰਸਮੀ ਤੌਰ 'ਤੇ 29 ਜੂਨ ਨੂੰ ਸੁਰੂ ਹੋਈ ਸੀ ਅਤੇ 19 ਅਗਸਤ ਨੂੰ ਸਮਾਪਤ ਹੋਵੇਗੀ। ਅਧਿਕਾਰੀ ਨੇ ਦੱਸਿਆ ਕਿ ਹੁਣ ਤੱਕ 2.8 ਲੱਖ ਸਰਧਾਲੂ ਬਾਬਾ ਬਰਫਾਨੀ ਦੇ ਦਰਸਨ ਕਰ ਚੁੱਕੇ ਹਨ।

## ਦਿੱਲੀ ਯੂਨੀਵਰਸਿਟੀ ਵਿਦਿਆਰਥੀ ਸੰਘ ਦੇ ਦਫਤਰ 'ਚ ਹੰਗਾਮਾ

**ਏਜੰਸੀਆਂ**

ਨੈਸ਼ਨਲ ਡੈਸਕ 15 ਜੁਲਾਈ। ਰਾਸਟਰੀ ਸਵੈਮ ਸੇਵਕ ਸੰਘ (ਆਰਐੱਸਐੱਸ) ਨਾਲ ਸਬੰਧਤ ਅਖਿਲ ਭਾਰਤੀ ਵਿਦਿਆਰਥੀ ਪ੍ਰੀਸਦ (ਏਬੀਵੀਪੀ) ਨੇ ਐਤਵਾਰ ਨੂੰ ਦੋਸ ਲਾਇਆ ਕਿ ਦਿੱਲੀ ਯੂਨੀਵਰਸਿਟੀ ਸਟੂਡੈਂਟਸ ਯੂਨੀਅਨ (ਡੀਯੂਐੱਸਯੂ) ਦੇ ਉਪ ਪ੍ਰਧਾਨ ਅਭੀ ਦਹੀਆ ਸਮੇਤ ਐੱਨਐੱਸਯੂਆਈ ਦੇ ਕੁਝ ਮੈਂਬਰਾਂ ਨੇ ਉੱਤਰੀ ਕੈਂਪਸ ਵਿਚ ਵਿਦਿਆਰਥੀ ਯੂਨੀਅਨ ਦੇ ਦਫਤਰ ਵਿਚ ਭੰਨਤੋੜ ਕੀਤੀ। ਪੁਲਸ ਨੇ ਕਿਹਾ ਕਿ ਉਨ੍ਹਾਂ ਨੂੰ ਸਕ਼ਿਾਇਤ ਮਿਲੀ ਹੈ ਅਤੇ ਐੱਫਆਈਆਰ ਦਰਜ ਕੀਤੀ ਜਾਵੇਗੀ। ਡਿਪਟੀ ਕਮਿਸਨਰ ਆਫ ਪੁਲਸ (ਉੱਤਰੀ) ਐੱਮ.ਕੇ. ਮੀਨਾ ਨੇ ਕਿਹਾ, "ਮੌਰੀਸ ਨਗਰ ਪੁਲਸ ਸਟੇਸਨ 'ਚ ਸਕ਼ਿਾਇਤ ਮਿਲੀ ਹੈ। ਪੁਲਸ ਮਾਮਲੇ ਦੀ ਜਾਂਚ ਕਰੇਗੀ ਅਤੇ ਉਸ ਮੁਤਾਬਕ ਕਾਰਵਾਈ ਕਰੇਗੀ।" ਏਬੀਵੀਪੀ ਦੇ ਇਕ ਬਿਆਨ ਦੇ ਅਨੁਸਾਰ, ਕਾਂਗਰਸ ਦੇ ਵਿਦਿਆਰਥੀ ਵਿੰਗ ਨੈਸਨਲ ਸਟੂਡੈਂਟਸ ਯੂਨੀਅਨ ਆਫ ਇੰਡੀਆ (ਐੱਨਐੱਸਯੂਆਈ) ਦੇ ਮੈਂਬਰ ਦਹੀਆ ਅਤੇ ਹੋਰਾਂ ਨੇ ਐਤਵਾਰ ਸਵੇਰੇ ਡੀਯੂਐੱਸਯੂ ਦੇ ਪ੍ਰਧਾਨ ਤੁਸਾਰ ਡੇਢਾ, ਡੀਯੂਐੱਸਯੂ ਸਕੱਤਰ ਅਪਰਾਜਿਤਾ, ਡੀਯੂਐੱਸਯੂ ਦੇ ਸੰਯੁਕਤ ਸਕੱਤਰ ਸਚਿਨ ਬੈਸਲਾ ਦੇ ਦਫਤਰਾਂ ਅਤੇ ਵਿਜਟਰ ਰੂਮ ਵਿਚ ਭੰਨਤੋੜ ਕੀਤੀ। ਐੱਨਐੱਸਯੂਆਈ ਨੇ ਦੋਸ ਲਾਇਆ, "ਹਮਲਾਵਰਾਂ ਨੇ ਪਹਿਲਾਂ ਡੀਯੂਐੱਸਯੂ ਦੇ ਉਪ ਪ੍ਰਧਾਨ ਅਭੀ ਦਹੀਆ ਦੇ ਦਫਤਰ ਵਿਚ ਸਰਾਬ ਪੀਤੀ ਅਤੇ ਫਿਰ ਡੀਯੂਐੱਸਯੂ ਦਫਤਰ ਵਿਚ ਭੰਨਤੋੜ ਕੀਤੀ। ਏਬੀਵੀਪੀ ਨੇ ਦਹੀਆ ਦੇ ਦਫਤਰ ਦਾ ਇਕ ਵੀਡੀਓ ਸਾਂਝਾ ਕੀਤਾ ਹੈ, ਜਿਸ ਵਿਚ ਕੁਝ ਖਾਲੀ ਬੋਤਲਾਂ ਦਿਖਾਈ ਦੇ ਰਹੀਆਂ ਹਨ। ਗਰੁੱਪ ਨੇ ਦਫਤਰਾਂ ਤੋਂ ਕੁਝ ਰਿਕਾਰਡਿੰਗਾਂ ਵੀ ਸਾਂਝੀਆਂ ਕੀਤੀਆਂ। ਵਿਦਿਆਰਥੀ ਸੰਗਠਨ ਨੇ ਦਿੱਲੀ ਯੂਨੀਵਰਸਿਟੀ ਪ੍ਰਸਾਸਨ ਤੋਂ ਦਹੀਆ ਨੂੰ ਉਪ ਪ੍ਰਧਾਨ ਦੇ ਅਹੁਦੇ ਤੋਂ ਹਟਾਉਣ ਦੀ ਮੰਗ ਕੀਤੀ ਹੈ। ਐੱਨਐੱਸਯੂਆਈ ਨੇ ਦੋਸਾਂ ਤੋਂ ਇਨਕਾਰ ਕਰਦਿਆਂ ਏਬੀਵੀਪੀ 'ਤੇ ਯੂਨੀਅਨ ਦੇ ਮੀਤ ਪ੍ਰਧਾਨ ਦੇ ਦਫਤਰ ਵਿਚ ਭੰਨਤੋੜ ਕਰਨ ਦਾ ਦੋਸ ਲਾਇਆ। ਦਹੀਆ ਨੇ ਇਕ ਬਿਆਨ ਵਿਚ ਕਿਹਾ, "ਬੀਤੀ ਰਾਤ ਕਈ ਏਬੀਵੀਪੀ ਮੈਂਬਰਾਂ ਨੇ ਦਿੱਲੀ ਯੂਨੀਵਰਸਿਟੀ ਵਿਚ ਮੇਰੇ ਦਫਤਰ 'ਤੇ ਹਮਲਾ ਕੀਤਾ। ਉਨ੍ਹਾਂ ਦੀ ਪ੍ਰਤੀਕਿਰਿਆ ਉਦੋਂ ਆਈ ਜਦੋਂ ਮੈਂ ਏਬੀਵੀਪੀ ਦੇ ਇਕ ਕਾਰਜਕਾਰੀ ਅਤੇ ਡੀਯੂਐੱਸਯੂ ਦੇ ਪ੍ਰਧਾਨ ਦੀ ਫਰਜੀ ਡਿਗਰੀ ਦਾ ਪਰਦਾਫਾਸ ਕੀਤਾ।" ਉਨ੍ਹਾਂ ਕਿਹਾ, "ਏਬੀਵੀਪੀ ਮੈਨੂੰ ਅਤੇ ਐੱਨਐੱਸਯੂਆਈ ਨੂੰ ਬਦਨਾਮ ਕਰਨ ਦੀ ਸਾਜਸ਼ਿ ਰਚ ਰਹੀ ਹੈ। ਮੈਂ ਕਾਨੂੰਨੀ ਕਾਰਵਾਈ ਕਰਕੇ ਅਤੇ ਅਦਾਲਤ ਵਿਚ ਸੱਚਾਈ ਸਾਹਮਣੇ ਲਿਆ ਕੇ ਇਸ ਸਾਜਸ਼ਿ ਦਾ ਪਰਦਾਫਾਸ ਕਰਾਂਗਾ।" ਉਨ੍ਹਾਂ ਘਟਨਾ ਦੀ ਸੀਸੀਟੀਵੀ ਫੁਟੇਜ ਜਨਤਕ ਕਰਨ ਦੀ ਵੀ ਮੰਗ ਕੀਤੀ।




## 46 ਸਾਲ ਬਾਅਦ ਖੋਲ੍ਹਿਆ ਗਿਆ ਜਗਨਨਾਥ ਮੰਦਰ ਦਾ ਰਤਨ ਭੰਡਾਰ

ਪੁਰੀ 15 ਜੁਲਾਈ। ਓਡੀਸ਼ਾ ਦੇ ਪੁਰੀ ਸਥਿਤ ਜਗਨਨਾਥ ਮੰਦਰ ਦਾ ਰਤਨ ਭੰਡਾਰ ਅੱਜ ਯਾਨੀ ਐਤਵਾਰ ਦੁਪਹਿਰ ਖੋਲ੍ਹ ਦਿੱਤਾ ਗਿਆ। ਓਡੀਸ਼ਾ ਮੁੱਖ ਮੰਤਰੀ ਦਫਤਰ ਨੇ ਇਸ ਦੀ ਪੁਸ਼ਟੀ ਕੀਤੀ ਹੈ। ਇਸ ਦੌਰਾਨ ਭੰਡਾਰ ਗ੍ਰਹਿ 'ਚ ਸਰਕਾਰ ਦੇ ਪ੍ਰਤੀਨਿਧੀ, ਏ.ਐੱਸ.ਆਈ. ਦੇ ਅਧਿਕਾਰੀ, ਸ਼੍ਰੀ ਗਜਪਤੀ ਮਹਾਰਾਜ ਦੇ ਪ੍ਰਤੀਨਿਧੀ ਸਮੇਤ 11 ਲੋਕ ਮੌਜੂਦ ਹਨ। ਮੰਦਰ ਦਾ ਖਜਾਨਾ ਆਖਰੀ ਵਾਰ 46 ਸਾਲ ਪਹਿਲੇ 1978 'ਚ ਖੋਲ੍ਹਿਆ ਗਿਆ ਸੀ। ਅਧਿਕਾਰੀਆਂ ਅਨੁਸਾਰ ਸਰਕਾਰ ਰਤਨ ਭੰਡਾਰ 'ਚ ਮੌਜੂਦ ਕੀਮਤੀ ਸਾਮਾਨਾਂ ਦੀ ਡਿਜੀਟਲ ਲਿਸਟਿੰਗ ਕਰੇਗੀ, ਜਿਸ 'ਚ ਭਾਰ ਅਤੇ ਨਿਰਮਾਣ ਵਰਗੀਆਂ ਡਿਟੇਲ ਹੋਣਗੀਆਂ। ਭਾਰਤੀ ਪੁਰਾਤੱਤਵ ਸਰਵੇਖਣ (ਏ.ਐੱਸ.ਆਈ.) ਦੇ ਸੁਪਰੀਟੇਂਡੇਂਟ ਡੀ.ਬੀ. ਗਡਨਾਇਕ ਨੇ ਕਿਹਾ ਕਿ ਇੰਜੀਨੀਅਰ ਮੁਰੰਮਤ ਕੰਮ ਲਈ ਰਤਨ ਭੰਡਾਰ ਦਾ ਸਰਵੇ ਕਰਨਗੇ। ਖਜਾਨੇ 'ਚ ਕੀਮਤੀ ਸਾਮਾਨਾਂ ਦੀ ਸੂਚੀ ਦੀ ਨਿਗਰਾਨੀ ਲਈ ਰਾਜ ਸਰਕਾਰ ਵਲੋਂ ਬਣਾਈ ਗਈ ਕਮੇਟੀ ਦੇ ਪ੍ਰਧਾਨ ਜਸਟਿਸ ਬਿਸ਼ਵਨਾਥ ਰਥ ਨੇ ਕਿਹਾ, "ਖਜਾਨਾ ਖੋਲ੍ਹਣ ਤੋਂ ਪਹਿਲੇ ਖਜਾਨੇ ਦੀ ਮਾਲਿਕ ਦੇਵੀ ਬਿਮਲਾ, ਦੇਵੀ ਲਕਸ਼ਮੀ ਦੀ ਮਨਜੂਰੀ ਲਈ ਗਈ। ਅੰਤ 'ਚ ਇਸ ਦੇ ਦੇਖਭਾਲਕਰਤਾ ਭਗਵਾਨ ਲੋਕਨਾਥ ਦੀ ਮਨਜੂਰੀ ਲਈ ਗਈ। ਉਨ੍ਹਾਂ ਕਿਹਾ, "ਕਮੇਟੀ ਦੇ ਮੈਂਬਰਾਂ ਨੇ ਦੁਪਹਿਰ 12 ਵਜੇ ਰਵਾਇਤੀ ਪੋਸ਼ਾਕ 'ਚ ਮੰਦਰ 'ਚ ਪ੍ਰਵੇਸ਼ ਕੀਤਾ। ਅਗਨਿਆ ਦੀ ਰਸਮ, ਜਿਸ 'ਚ ਰਤਨ ਭੰਡਾਰ ਨੂੰ ਖੋਲ੍ਹਣ ਲਈ ਮਨਜੂਰੀ ਮੰਗੀ ਜਾਂਦੀ ਹੈ, ਅੱਜ ਸਵੇਰੇ ਪੂਰੀ ਹੋਈ।



## ਜਲੰਧਰ ਪੱਛਮੀ 'ਚ 'ਆਪ' ਨੇ ਗੱਡੇ ਝੰਡੇ

ਜਲੰਧਰ 15 ਜੁਲਾਈ। ਲੋਕ ਸਭਾ ਚੋਣਾਂ 'ਚ ਪੰਜਾਬ 'ਚ ਸਿਰਫ ਤਿੰਨ ਸੀਟਾਂ ਜਿੱਤਣ ਵਾਲੀ ਆਮ ਆਦਮੀ ਪਾਰਟੀ ਨੇ ਵਿਧਾਨ ਸਭਾ ਜਮਿਨੀ ਚੋਣਾਂ 'ਚ ਦਮਦਾਰ ਵਾਪਸੀ ਕੀਤੀ। 'ਆਪ' ਦੇ ਉਮੀਦਵਾਰ ਮੋਹਿੰਦਰ ਭਗਤ ਨੇ ਜਲੰਧਰ ਪੱਛਮੀ ਜਮਿਨੀ ਚੋਣਾਂ 'ਚ ਸ਼ਾਨਦਾਰ ਜਿੱਤ ਹਾਸਲ ਕੀਤੀ। ਮੋਹਿੰਦਰ ਭਗਤ 2023 'ਚ ਭਾਜਪਾ ਨੂੰ ਛੱਡ ਕੇ 'ਆਪ' 'ਚ ਸ਼ਾਮਲ ਹੋਏ ਸਨ। 2022 'ਚ ਹੋਈਆਂ ਵਿਧਾਨ ਸਭਾ ਚੋਣਾਂ 'ਚ ਉਹ 'ਆਪ' ਦੇ ਸ਼ੀਤਲ ਅੰਗੁਰਾਲ ਤੋਂ ਹਾਰ ਗਏ ਸਨ। ਲੋਕ ਸਭਾ ਚੋਣਾਂ ਤੋਂ ਠੀਕ ਪਹਿਲਾਂ ਅੰਗੁਰਾਲ 'ਆਪ' ਨੂੰ ਛਡ ਕੇ ਭਾਜਪਾ 'ਚ ਚਲੇ ਗਏ ਸਨ। ਉਨ੍ਹਾਂ ਵੱਲੋਂ ਅਸਤੀਫਾ ਦੇਣ ਤੋਂ ਬਾਅਦ ਜਲੰਧਰ ਪੱਛਮੀ 'ਤੇ ਜਮਿਨੀ ਚੋਣਾਂ ਹੋਈਆਂ ਸਨ। ਭਾਜਪਾ ਨੇ ਅੰਗੁਰਾਲ ਨੂੰ ਹੀ ਮੈਦਾਨ 'ਚ ਉਤਾਰਿਆ ਤਾਂ 'ਆਪ' ਨੇ ਭਗਤ 'ਤੇ ਦਾਅ ਖੇਡਿਆ। ਸ਼ਨੀਵਾਰ ਨੂੰ ਆਏ ਨਤੀਜਿਆਂ ਤੋਂ ਬਾਅਦ 'ਆਪ' ਦੇ ਹੌਂਸਲੇ ਬੁਲੰਦ ਹੋ ਗਏ ਹਨ। ਜਲੰਧਰ ਪੱਛਮੀ 'ਚ ਸੀ.ਐੱਮ. ਭਗਵੰਤ ਮਾਨ ਦਾ ਸਿਆਸੀ ਅਤੇ ਵੋਟਾਂ ਦਾ ਗਣਿਤ ਪੂਰੀ ਤਰ੍ਹਾਂ ਸਫਲ ਰਿਹਾ। ਮਾਨ ਦਾ ਭਗਤ ਬਰਾਦਰੀ ਦੀਆਂ 30 ਹਜਾਰ ਵੋਟਾਂ 'ਤੇ ਪੂਰਾ ਫੋਕਸ ਸੀ, ਇਸ ਲਈ ਬਰਾਦਰੀ ਦੇ ਨੇਤਾ ਮੋਹਿੰਦਰ ਭਗਤ ਨੂੰ ਟਿਕਟ ਦਿੱਤੀ ਗਈ।

## ਈ.ਡੀ. ਨੇ ਆਪਣੇ ਵੱਖ-ਵੱਖ ਦਫਤਰਾਂ 'ਚ ਨਿਯੁਕਤ ਕੀਤੇ 29 ਅਧਿਕਾਰੀ

**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ 15 ਜੁਲਾਈ। ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਨੇ ਦੇਸ ਭਰ 'ਚ ਸਥਿਤ ਆਪਣੇ ਦਫਤਰਾਂ ਵਿਚ ਵੱਖ-ਵੱਖ ਅਹੁਦਿਆਂ 'ਤੇ 24 ਤੋਂ ਵੱਧ ਨਵ-ਨਿਯੁਕਤ ਅਤੇ ਹਾਲ ਹੀ ਵਿਚ ਤਰੱਕੀ ਕੀਤੇ ਅਧਿਕਾਰੀਆਂ ਨੂੰ ਤਾਇਨਾਤ ਕੀਤਾ ਹੈ। ਇਨਫੋਰਸਮੈਂਟ ਡਾਇਰੈਕਟੋਰੇਟ ਨੇ ਪਿਛਲੇ ਹਫਤੇ ਸਹਾਇਕ ਡਾਇਰੈਕਟਰ, ਡਿਪਟੀ ਡਾਇਰੈਕਟਰ ਅਤੇ ਜੁਆਇੰਟ ਡਾਇਰੈਕਟਰ ਦੇ ਅਹੁਦਿਆਂ 'ਤੇ ਕੁੱਲ 29 ਅਧਿਕਾਰੀਆਂ ਦੀ ਨਿਯੁਕਤੀ ਕੀਤੀ ਸੀ। ਇਸ 'ਚ ਈ.ਡੀ. ਕੈਡਰ ਦੇ 9 ਅਧਿਕਾਰੀ ਸਾਮਲ ਹਨ, ਜਿਨ੍ਹਾਂ ਨੂੰ ਕੇਂਦਰੀ ਵਿੱਤ ਮੰਤਰਾਲਾ ਨੇ ਹਾਲ ਹੀ 'ਚ ਤਰੱਕੀ ਦਿੱਤੀ ਸੀ। ਜਾਂਚ ਏਜੰਸੀ 'ਚ ਇਹ ਪਹਿਲੀ ਵਾਰ ਹੈ ਕਿ ਇੰਨੇ ਅਧਿਕਾਰੀਆਂ ਨੂੰ ਜੁਆਇੰਟ ਡਾਇਰੈਕਟਰ (ਜੇ.ਡੀ.) ਦੇ ਅਹੁਦੇ 'ਤੇ ਤਰੱਕੀ ਦਿੱਤੀ ਗਈ ਹੈ। ਆਦੇਸ ਦੀ ਕਾਪੀ ਦੇ ਅਨੁਸਾਰ, ਕੈਡਰ ਦੇ ਅਧਿਕਾਰੀਆਂ ਨੂੰ ਭੁਵਨੇਸਵਰ, ਰਾਏਪੁਰ, ਭੋਪਾਲ, ਚੇਨਈ, ਗੁਹਾਟੀ ਸਥਿਤ ਈ.ਡੀ. ਦੇ ਖੇਤਰੀ ਦਫਤਰਾਂ ਅਤੇ ਦਿੱਲੀ ਸਥਿਤ ਹੈੱਡ ਕੁਆਰਟਰ 'ਚ ਸੰਯੁਕਤ ਡਾਇਰੈਕਟਰ ਵਜੋਂ ਤਾਇਨਾਤ ਕੀਤਾ ਗਿਆ ਹੈ। ਈ.ਡੀ. 'ਚ ਸੰਯੁਕਤ ਡਾਇਰੈਕਟਰ ਇਕ ਮਹੱਵਪੂਰਨ ਅਹੁਦਾ ਹੈ, ਜੋ ਮਨੀ ਲਾਂਡਰਿੰਗ ਨਾਲ ਜੁੜੇ ਮਾਮਲੇ ਅਤੇ ਵਿਦੇਸ਼ੀ ਮੁਦਰਾ ਉਲੰਘਣਾ ਨਾਲ ਸੰਬੰਧਤ ਜਾਂਚ ਦੀ ਨਿਗਰਾਨੀ ਕਰਦੇ ਹਨ। ਇਨ੍ਹਾਂ ਅਹੁਦਿਆਂ 'ਤੇ ਆਮ ਤੌਰ 'ਤੇ ਭਾਰਤੀ ਮਾਲ ਸੇਵਾ (ਆਈ.ਆਰ.ਐੱਸ.) ਅਤੇ ਭਾਰਤੀ ਪੁਲਸ ਸੇਵਾ (ਆਈ.ਪੀ.ਐੱਸ.) ਦੇ ਅਧਿਕਾਰੀ ਨਿਯੁਕਤ ਕੀਤੇ ਜਾਂਦੇ ਹਨ, ਜੋ ਡੈਪੂਟੇਸ਼ਨ 'ਤੇ ਏਜੰਸੀ 'ਚ ਸ਼ਾਮਲ ਹੁੰਦੇ ਹਨ। ਇਨਕਮ ਟੈਕਸ ਅਤੇ ਕਸਟਮ ਵਿਭਾਗ ਤੋਂ ਹਾਲ ਹੀ 'ਚ ਡੈਪੂਟੇਸ਼ਨ 'ਤੇ ਈ.ਡੀ. 'ਚ ਸ਼ਾਮਲ ਕੁੱਲ 18 ਆਈ.ਆਰ.ਐੱਸ. ਅਧਿਕਾਰੀਆਂ ਨੂੰ ਵੀ ਪਿਛਲੇ ਹਫਤੇ ਜਾਰੀ ਵੱਖ-ਵੱਖ ਨਿਯੁਕਤੀ ਆਦੇਸ਼ਾਂ ਦੇ ਅਧੀਨ ਸਹਾਇਕ ਡਾਇਰੈਕਟਰ ਅਤੇ ਡਿਪਟੀ ਡਾਇਰੈਕਟਰ ਵਜੋਂ ਤਾਇਨਾਤ ਕੀਤਾ ਗਿਆ ਹੈ। ਕੇਂਦਰੀ ਵਿੱਤ ਮੰਤਰਾਲਾ ਦੇ ਅਧੀਨ ਕੰਮ ਕਰਨ ਵਾਲੀ ਈ.ਡੀ. ਤਿੰਨ ਕਾਨੂੰਨਾਂ- ਮਨੀ ਲਾਂਡਰਿੰਗ ਦੀ ਰੋਕਥਾਮ ਐਕਟ (ਪੀ.ਐੱਮ.ਐੱਲ.ਏ.), ਵਿਦੇਸ਼ੀ ਮੁਦਰਾ ਪ੍ਰਬੰਧਨ ਐਕਟ (ਫੇਮਾ) ਅਤੇ ਭਗੌੜਾ ਆਰਥਿਕ ਅਪਰਾਧੀ ਐਕਟ (ਐੱਫ.ਆਈ.ਓ.ਏ.) ਦੇ ਅਧੀਨ ਵਿੱਤੀ ਲੈਣ-ਦੇਣ ਨਾਲ ਸੰਬੰਧਤ ਅਪਰਾਧਾਂ ਦੀ ਜਾਂਚ ਕਰਦੀ ਹੈ।




## ਲੋਕ ਸਭਾ 'ਚ ਕਾਂਗਰਸ ਦੇ ਉੱਪ ਨੇਤਾ ਹੋਣਗੇ ਗੌਰਵ ਗੋਗੋਈ

ਨਵੀਂ ਦਿੱਲੀ 15 ਜੁਲਾਈ। ਕਾਂਗਰਸ ਦੇ ਗੌਰਵ ਗੋਗੋਈ ਲੋਕ ਸਭਾ 'ਚ ਪਾਰਟੀ ਦੇ ਉੱਪ ਨੇਤਾ ਹੋਣਗੇ ਅਤੇ ਇਸ ਫੈਸਲੇ ਬਾਰੇ ਇਕ ਚਿੱਠੀ ਸਪੀਕਰ ਓਮ ਬਿਰਲਾ ਨੂੰ ਭੇਜੀ ਗਈ ਹੈ। ਅਖਿਲ ਭਾਰਤੀ ਕਾਂਗਰਸ ਕਮੇਟੀ (ਏ.ਆਈ.ਸੀ.ਸੀ.) ਦੇ ਸੰਗਠਨ ਜਨਰਲ ਸਕੱਤਰ ਕੇ.ਸੀ. ਵੇਣੂਗੋਪਾਲ ਨੇ 'ਐਕਸ' 'ਤੇ ਇਕ ਪੋਸਟ 'ਚ ਦੱਸਿਆ ਕਿ ਕਾਂਗਰਸ ਦੇ ਸੰਸਦੀ ਦਲ ਦੀ ਪ੍ਰਧਾਨ ਸੋਨੀਆ ਗਾਂਧੀ ਨੇ ਲੋਕ ਸਭਾ ਸਪੀਕਰ ਓਮ ਬਿਰਲਾ ਨੂੰ ਚਿੱਠੀ ਲਿਖ ਕੇ ਉਨ੍ਹਾਂ ਨੂੰ ਸੰਸਦ ਦੇ ਹੇਠਲੇ ਸਦਨ 'ਚ ਕਾਂਗਰਸ ਦੇ ਉੱਪ ਨੇਤਾ, ਮੁੱਖ ਸਚੇਤਕ ਅਤੇ 2 ਸਚੇਤਕ ਨਿਯੁਕਤ ਕੀਤੇ ਜਾਣ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਗੋਗੋਈ ਲੋਕ ਸਭਾ 'ਚ ਪਾਰਟੀ ਦੇ ਉੱਪ ਨੇਤਾ ਹੋਣਗੇ, ਜਦੋਂ ਕਿ ਕੇਰਲ ਤੋਂ 8 ਵਾਰ ਦੇ ਸੰਸਦ ਮੈਂਬਰ ਕੇ. ਸੁਰੇਸ਼ ਪਾਰਟੀ ਦੇ ਮੁੱਖ ਸਚੇਤਕ ਹੋਣਗੇ। ਉਨ੍ਹਾਂ ਦੱਸਿਆ ਕਿ ਵਿਰੁਧਨਗਰ ਦੇ ਸੰਸਦ ਮੈਂਬਰ ਮਣੀਕਮ ਟੈਗੋਰ ਅਤੇ ਕਿਸ਼ਨਗੰਜ ਦੇ ਸੰਸਦ ਮੈਂਬਰ ਮੁਹੰਮਦ ਜਾਵੇਦ ਲੋਕ ਸਭਾ 'ਚ ਪਾਰਟੀ ਦੇ ਸਚੇਤਕ ਹੋਣਗੇ। ਇਸ ਤੋਂ ਪਹਿਲਾਂ ਪਾਰਟੀ ਨੇ ਰਾਹੁਲ ਗਾਂਧੀ ਨੂੰ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਨਿਯੁਕਤ ਕੀਤਾ ਸੀ। ਵੇਣੂਗੋਪਾਲ ਨੇ ਕਿਹਾ, "ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੇ ਮਾਰਗ ਦਰਸ਼ਨ 'ਚ ਕਾਂਗਰਸ ਅਤੇ 'ਇੰਡੀਆ' ਦੇ ਦਲ ਲੋਕ ਸਭਾ 'ਚ ਜਨਤਾ ਦੇ ਮੁੱਦਿਆਂ ਨੂੰ ਜੋਰਦਾਰ ਢੰਗ ਨਾਲ ਚੁੱਕਣਗੇ।"

## 1984 ਸਿੱਖ ਕਤਲੇਆਮ: 437 ਪੀੜਤ ਪਰਿਵਾਰਾਂ ਨੂੰ ਮਿਲੇਗੀ ਸਰਕਾਰੀ ਨੌਕਰੀ

**ਤੇਜਿੰਦਰ ਕੌਰ ਬੱਬਰ**

ਨਵੀਂ ਦਿੱਲੀ 15 ਜੁਲਾਈ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੀਤ ਪ੍ਰਧਾਨ ਆਤਮਾ ਸਿੰਘ ਲੁਬਾਣਾ ਨੇ ਦੱਸਿਆ ਕਿ ਦਿੱਲੀ ਵਿਚ 1984 ਦੇ ਸਿੱਖ ਕਤਲੇਆਮ ਦੇ 437 ਪੀੜਤ ਪਰਿਵਾਰਾਂ ਦੇ ਇਕ-ਇਕ ਜੀਅ ਨੂੰ ਸਰਕਾਰੀ ਨੌਕਰੀ ਮਿਲਣ ਜਾ ਰਹੀ ਹੈ, ਜਿਸ ਲਈ ਉਮਰ ਤੇ ਸਿੱਖਿਆ ਦੋਵਾਂ ਵਿਚ ਛੋਟ ਦਿੱਤੀ ਗਈ ਹੈ। ਅੱਜ ਇਥੇ ਜਾਰੀ ਕੀਤੇ ਇਕ ਬਿਆਨ ਵਿਚ ਆਤਮਾ ਸਿੰਘ ਲੁਬਾਣਾ ਨੇ ਦੱਸਿਆ ਕਿ ਅਸੀਂ ਕਈ ਸਾਲਾਂ ਤੋਂ ਇਸ ਮਾਮਲੇ ਵਿਚ ਸੰਘਰਸ ਕਰ ਰਹੇ ਹਾਂ। ਪਹਿਲਾਂ 16 ਜਨਵਰੀ 2006 ਨੂੰ ਭਾਰਤ ਸਰਕਾਰ ਨੇ ਫੈਸਲਾ ਕੀਤਾ ਸੀ ਕਿ ਹਰ ਸਹੀਦ ਪਰਿਵਾਰ ਦੇ ਲੋਕਾਂ ਨੂੰ ਨੌਕਰੀ ਦਿੱਤੀ ਜਾਵੇਗੀ। ਇਸ ਵਿਚ ਦਿੱਲੀ ਸਰਕਾਰ ਨੇ 2007 ਵਿਚ ਕੈਬਨਿਟ ਨੋਟ ਲਿਆਂਦਾ ਸੀ ਜਿਸ ਵਿਚ ਕਿਹਾ ਸੀ ਕਿ ਜਿਹੜੇ ਪਰਿਵਾਰਾਂ ਦੇ ਜੀਅ ਸਹੀਦ ਹੋਏ ਤੇ ਫੱਟੜ ਹੋਏ ਉਹਨਾਂ ਨੂੰ ਨੌਕਰੀ ਦਿੱਤੀ ਜਾਵੇਗੀ। ਹੁਣ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਯਤਨਾਂ ਦੀ ਬਦੌਲਤ 27.11.2019 ਨੂੰ ਹਾਈ ਕੋਰਟ ਦੀ ਡਬਲ ਬੈਂਚ ਦਾ ਹੁਕਮ ਆਇਆ ਸੀ ਕਿ ਹਰੇਕ ਪਰਿਵਾਰ ਨੂੰ ਨੌਕਰੀ ਦਿੱਤੀ ਜਾਵੇ ਅਤੇ ਜੇਕਰ ਨੌਕਰੀ ਨਹੀਂ ਦੇ ਸਕਦੇ ਤਾਂ ਕਾਰਣ ਦੱਸਿਆ ਜਾਵੇ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ 22 ਲੋਕਾਂ ਨੂੰ ਨੌਕਰੀ ਦਿੱਤੀ ਗਈ ਸੀ ਤੇ ਹੁਣ ਅਸੀਂ ਤਾਜਾ ਅਰਜੀਆਂ ਜਮ੍ਹਾਂ ਕਰਵਾਈਆਂ ਸਨ। ਹੁਣ 9.7.2024 ਨੂੰ ਜਿਹੜੀ ਅਸੀਂ ਮਿਹਨਤ ਕੀਤੀ ਹੈ, ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਮਨਜਿੰਦਰ ਸਿੰਘ ਸਿਰਸਾ, ਮੌਜੂਦਾ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਦੇ ਵੱਡਮੁੱਲੇ ਸਹਿਯੋਗ ਸਦਕਾ ਅਤੇ ਮੈਂਬਰ ਸੁਰਜੀਤ ਸਿੰਘ, ਬਲਬੀਰ ਸਿੰਘ ਅਤੇ ਰਮਿੰਦਰ ਸਿੰਘ ਸਵੀਟਾ ਦੀ ਮਿਹਨਤ ਸਦਕਾ ਪਿਛਲੇ ਦਿਨੀਂ ਉਪ ਰਾਜਪਾਲ ਨੇ ਇਸ ਨੂੰ ਪ੍ਰਵਾਨਗੀ ਦਿੰਦਿਆਂ ਹੁਕਮ ਜਾਰੀ ਕੀਤੇ ਹਨ ਕਿ ਇਨ੍ਹਾਂ ਪਰਿਵਾਰਾਂ ਦੀ ਵੈਰੀਫਿਕੇਸਨ ਕੀਤੀ ਜਾਵੇ। ਲੁਬਾਣਾ ਨੇ ਅੱਗੇ ਦੱਸਿਆ ਕਿ ਦਿੱਲੀ ਦੇ 9 ਜਲ਼ਿ੍ਹਆਂ, ਜਿਨ੍ਹਾਂ ਵਿਚ ਵੈਸਟ, ਨਾਰਥ ਵੈਸਟ, ਸਾਊਥ ਵੈਸਟ, ਸੈਂਟਰਲ, ਨਾਰਥ-ਈਸਟ, ਨਾਰਥ ਵਿਚ ਸਾਰੇ ਐੱਸ. ਡੀ. ਐੱਮਜ ਨੂੰ ਚਿੱਠੀ ਭੇਜੀ ਗਈ ਹੈ ਅਤੇ ਵੈਰੀਫਿਕੇਸਨ ਵਾਸਤੇ ਕਿਹਾ ਗਿਆ ਹੈ। ਉਨ੍ਹਾਂ ਕਿਹਾ ਕਿ 1984 ਦੇ ਜਿਹੜੇ ਸਹੀਦ ਪਰਿਵਾਰਾਂ ਦੇ ਮੈਂਬਰਾਂ ਨੇ ਫਾਰਮ ਨਹੀਂ ਭਰੇ, ਉਹ ਸਾਡੇ ਕੋਲ ਦਿੱਲੀ ਗੁਰਦੁਆਰਾ ਕਮੇਟੀ ਦਫਤਰ ਵਿਚ ਆ ਕੇ ਜਾਂ ਫਿਰ 5 ਸਾਮਨਾਥ ਮਾਰਗ ਵਿਚ ਜਾ ਕੇ ਫਾਰਮ ਭਰ ਸਕਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ 19 ਜੁਲਾਈ ਨੂੰ ਸਾਮ 3.00 ਵਜੇ ਭਾਈ ਲੱਖੀ ਸਾਹ ਵਣਜਾਰਾ ਹਾਲ ਵਿਚ ਇਕੱਠ ਕੀਤਾ ਜਾਵੇਗਾ ਅਤੇ ਉਨ੍ਹਾਂ ਨੇ ਅਪੀਲ ਕੀਤੀ ਕਿ ਜਿਨ੍ਹਾਂ ਨੇ ਫਾਰਮ ਭਰੇ ਹਨ, ਉਹ ਪਰਿਵਾਰ ਸਣੇ ਇਸ ਪ੍ਰੋਗਰਾਮ ਵਿਚ ਸਮੂਲੀਅਤ ਕਰਨ। ਉਨ੍ਹਾਂ ਕਿਹਾ ਕਿ ਦਿੱਲੀ ਕਮੇਟੀ ਪੀੜਤ ਪਰਿਵਾਰਾਂ ਦੀ ਸਹਾਇਤਾ ਲਈ ਹਰ ਲੋੜੀਂਦਾ ਕਦਮ ਚੁੱਕੇਗੀ ਤੇ ਇਨ੍ਹਾਂ ਪਰਿਵਾਰਾਂ ਨਾਲ ਹਮੇਸਾ ਵਾਂਗ ਡੱਟ ਕੇ ਖੜ੍ਹੀ ਹੋਵੇਗੀ।




## ਸ਼ੰਭੂ ਬਾਰਡਰ ਖੋਲ੍ਹਣ ਦੇ ਹੁਕਮਾਂ ਖਿਲਾਫ ਸੁਪਰੀਮ ਕੋਰਟ ਪਹੁੰਚੀ ਹਰਿਆਣਾ ਸਰਕਾਰ

ਹਰਿਆਣਾ 15 ਜੁਲਾਈ। ਹਰਿਆਣਾ ਸਰਕਾਰ ਨੇ ਸੰਭੂ ਬਾਰਡਰ ਖੋਲ੍ਹਣ ਦੇ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਦੇ ਫੈਸਲੇ ਖਿਲਾਫ ਸੁਪਰੀਮ ਕੋਰਟ ਵਿਚ ਪਟੀਸਨ ਦਾਇਰ ਕੀਤੀ ਹੈ। ਦਰਅਸਲ 10 ਜੁਲਾਈ ਨੂੰ ਇਕ ਜਨਹਿੱਤ ਪਟੀਸਨ 'ਤੇ ਸੁਣਵਾਈ ਕਰਦਿਆਂ ਪੰਜਾਬ ਐਂਡ ਹਰਿਆਣਾ ਹਾਈਕੋਰਟ ਨੇ ਹਰਿਆਣਾ ਸਰਕਾਰ ਨੂੰ ਇਕ ਹਫਤੇ ਦੇ ਅੰਦਰ ਸੰਭੂ ਬਾਰਡਰ 'ਤੇ ਲਾਏ ਗਏ ਬੈਰੀਕੇਡਜ ਨੂੰ ਖੋਲ੍ਹਣ ਦੇ ਨਿਰਦੇਸ ਦਿੱਤੇ ਸਨ। ਮੰਨਿਆ ਜਾ ਰਿਹਾ ਹੈ ਕਿ ਸੋਮਵਾਰ ਨੂੰ ਹਰਿਆਣਾ ਸਰਕਾਰ ਵਲੋਂ ਸੁਪਰੀਮ ਕੋਰਟ ਤੋਂ ਇਸ ਪਟੀਸਨ 'ਤੇ ਜਲਦੀ ਸੁਣਵਾਈ ਦੀ ਮੰਗ ਕਰ ਸਕਦੀ ਹੈ। ਦੱਸ ਦੇਈਏ ਕਿ ਸੰਭੂ ਬਾਰਡਰ ਨੂੰ ਬੰਦ ਕਰਨ ਨੂੰ ਲੈ ਕੇ ਸੁਪਰੀਮ ਕੋਰਟ ਨੇ ਵੀ ਸਖਤ ਟਿੱਪਣੀ ਕੀਤੀ ਸੀ। ਸੁਪਰੀਮ ਕੋਰਟ ਨੇ ਹਰਿਆਣਾ ਸਰਕਾਰ ਨੂੰ ਫਟਕਾਰ ਲਗਾਉਂਦੇ ਹੋਏ ਕਿਹਾ ਕਿ ਕੋਈ ਵੀ ਸਰਕਾਰ ਹਾਈਵੇਅ ਨੂੰ ਕਿਵੇਂ ਰੋਕ ਸਕਦੀ ਹੈ। ਦਰਅਸਲ, ਪੰਜਾਬ ਐਂਡ ਹਰਿਆਣਾ ਹਾਈ ਕੋਰਟ ਨੇ ਸੰਭੂ ਬਾਰਡਰ ਖੋਲ੍ਹਣ ਦੇ ਹੁਕਮ ਦਿੱਤੇ ਹਨ। ਪਿਛਲੇ 6 ਮਹੀਨਿਆਂ ਤੋਂ ਕਿਸਾਨ ਦਿੱਲੀ ਵੱਲ ਮਾਰਚ ਕਰਨ ਲਈ ਇੱਥੇ ਡਟੇ ਹੋਏ ਹਨ। ਬਾਰਡਰ ਬੰਦ ਹੋਣ ਕਾਰਨ ਆ ਰਹੀਆਂ ਦਿੱਕਤਾਂ ਨੂੰ ਲੈ ਕੇ ਸਥਾਨਕ ਕਾਰੋਬਾਰੀਆਂ ਨੇ ਹਾਈ ਕੋਰਟ ਵਿਚ ਪਟੀਸਨ ਦਾਇਰ ਕੀਤੀ ਸੀ, ਜਿਸ ਵਿਚ ਉਨ੍ਹਾਂ ਨੇ ਸੰਭੂ ਬਾਰਡਰ ਖੋਲ੍ਹਣ ਦੀ ਮੰਗ ਕੀਤੀ ਸੀ। ਸੰਭੂ ਬਾਰਡਰ ਖੋਲ੍ਹਣ ਦੇ ਪੰਜਾਬ ਐਂਡ ਹਰਿਆਣਾ ਹਾਈਕੋਰਟ ਦੇ ਹੁਕਮਾਂ 'ਤੇ ਸੁਪਰੀਮ ਕੋਰਟ ਨੇ ਵੱਡੀ ਟਿੱਪਣੀ ਕਰਦਿਆਂ ਹਰਿਆਣਾ ਸਰਕਾਰ ਨੂੰ ਸਵਾਲ ਵੀ ਪੁੱਛੇ ਸਨ ਕਿ ਕੋਈ ਸੂਬਾ ਹਾਈਵੇਅ ਨੂੰ ਕਿਵੇਂ ਰੋਕ ਸਕਦਾ ਹੈ? ਟ੍ਰੈਫਿਕ ਨੂੰ ਕੰਟਰੋਲ ਕਰਨਾ ਉਸ ਦਾ ਫਰਜ ਹੈ। ਅਸੀਂ ਕਹਿ ਰਹੇ ਹਾਂ ਇਸ ਨੂੰ ਖੋਲ੍ਹੋ ਅਤੇ ਕੰਟਰੋਲ ਕਰੋ। ਜੱਜਾਂ ਦੀ ਬੈਂਚ ਨੇ ਸ਼ੰਭੂ ਬਾਰਡਰ ਖੋਲ੍ਹਣ ਦੇ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਦੇ ਆਦੇਸ਼ ਨੂੰ ਚੁਣੌਤੀ ਦੇਣ ਵਾਲੀ ਹਰਿਆਣਾ ਸਰਕਾਰ ਦੀ ਪਟੀਸ਼ਨ 'ਤੇ ਸੁਣਵਾਈ ਦੌਰਾਨ ਇਹ ਗੱਲ ਆਖੀ ਸੀ।



# ਮ੍ਰਿਤਕ ਸਹਾਇਕ ਲਾਈਨ ਮੈਨ ਨੂੰ ਸ਼ਹੀਦ ਦਾ ਦਰਜਾ ਤੇ ਪਰਿਵਾਰ ਨੂੰ ਮੁਆਵਜਾ ਦਿਵਾਉਣ ਲਈ ਡਟੀਆਂ ਜਥੇਬੰਦੀਆਂ

ਭਵਾਨੀਗੜ੍ਹ 15 ਜੁਲਾਈ। ਨੇੜਲੇ ਪਿੰਡ ਬਲਿਆਲ ਵਿਖੇ ਬੀਤੇ ਦਿਨੀਂ ਬਿਜਲੀ ਸਪਲਾਈ ਨੂੰ ਠੀਕ ਕਰਦੇ ਸਮੇਂ ਜਨਰੇਟਰ ਦਾ ਬੈਕ ਕਰੰਟ ਆਉਣ ਕਾਰਨ ਪਾਵਰਕਾਮ ਦੇ ਇਕ ਸਹਾਇਕ ਲਾਈਨ ਮੈਨ ਦੀ ਮੌਤ ਹੋ ਜਾਣ ਦੇ ਰੋਸ ਵਜੋਂ ਅੱਜ ਪਾਵਰਕਾਮ ਦੀਆਂ ਸਮੁੱਚੀਆਂ ਸੰਘਰਸਸ਼ੀਲ ਜਥੇਬੰਦੀਆਂ ਵੱਲੋਂ ਮੌਤ ਦਾ ਸ਼ਿਕਾਰ ਹੋਏ ਸਹਾਇਕ ਲਾਈਨ ਮੈਨ ਕਮਲਜੀਤ ਸਿੰਘ ਨੂੰ ਸ਼ਹੀਦ ਦਾ ਦਰਜਾ ਅਤੇ ਉਸ ਦੇ ਪਰਿਵਾਰ ਨੂੰ 1 ਕਰੋੜ ਰੁਪਏ ਦਾ ਮੁਆਵਜ਼ਾ ਦੇਣ ਦੀ ਮੰਗ ਨੂੰ ਲੈ ਕੇ ਪਹਿਲਾਂ ਪਾਵਰਕਾਮ ਦੇ ਸਥਾਨਕ ਦਫ਼ਤਰ ਅੱਗੇ ਸੂਬਾ ਪੱਧਰੀ ਰੋਸ ਧਰਨਾ ਸ਼ੁਰੂ ਕਰਦਿਆਂ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਦੌਰਾਨ ਜਦੋਂ ਪ੍ਰਸ਼ਾਸਨ ਵੱਲੋਂ ਧਰਨਾਕਾਰੀਆਂ ਦੀ ਕੋਈ ਸੁਣਵਾਈ ਨਾ ਕੀਤੀ ਤਾਂ ਪਾਵਰਕਾਮ ਦੀਆਂ ਸਮੁੱਚੀਆਂ ਜਥੇਬੰਦੀਆਂ ਨੇ ਕਿਸਾਨ ਜਥੇਬੰਦੀ ਬੀ.ਕੇ.ਯੂ ਏਕਤਾ ਉਗਰਾਹਾਂ ਅਤੇ ਹੋਰ ਜਥੇਬੰਦੀਆਂ ਦੇ ਸ਼ਹਿਯੋਗ ਨਾਲ ਅੱਤ ਦੀ ਗਰਮੀ ਦੇ ਬਾਵਜੂਦ ਮ੍ਰਿਤਕ ਦੀ ਲਾਸ਼ ਨੂੰ ਸ਼ਹਿਰ ’ਚੋਂ ਲੰਘਦੀ ਬਠਿੰਡਾ ਜੀਰਕਪੁਰ ਨੈਸ਼ਨਲ ਹਾਈਵੇਅ ਉਪਰ ਬਲਿਆਲ ਰੋਡ ਕੱਟ ਵਿਚਕਾਰ ਰੱਖ ਕੇ ਹਾਈਵੇ ਉਪਰ ਟ੍ਰੈਫ਼ਿਕ ਜਾਮ ਕਰਕੇ ਆਪਣਾ ਧਰਨਾ ਸ਼ੁਰੂ ਕਰ ਦਿੱਤਾ। ਇਸ ਮੌਕੇ ਵੀ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਟੈਕਨੀਕਲ ਸਰਵਿਸ ਯੂਨੀਅਨ ਦੇ ਆਗੂ ਲਖਵਿੰਦਰ ਸਿੰਘ ਨੇ ਕਿਹਾ ਕਿ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਕੋਈ ਧਿਆਨ ਨਾ ਦਿੱਤੇ ਜਾਣ ਕਾਰਨ ਫੀਲਡ ’ਚ ਕੰਮ ਕਰਦੇ ਪਾਵਰਕਾਮ ਦੇ ਕਰਮਚਾਰੀ ਵਿਭਾਗ ਦੇ ਮਾੜੇ ਸਿਸਟਮ ਦੀ ਭੇਟ ਚੜ੍ਹ ਰਹੇ ਹਨ। ਉਨ੍ਹਾਂ ਕਿਹਾ ਕਿ ਪਾਵਰਕਾਮ ਦੇ ਕਰਮਚਾਰੀਆਂ ਦੀਆਂ ਵੱਖ-ਵੱਖ ਜਥੇਬੰਦੀਆਂ ਵੱਲੋਂ ਕਈ ਵਾਰ ਮੈਨੇਜਮੈਂਟ ਨੂੰ ਮਨੁੱਖੀ ਕਰੰਟ ਰਹਿਤ ਕਿੱਟਾਂ ਦੇਣ ਲਈ ਲਿਖ਼ਤੀ ਪੱਤਰ ਦੇਣ ਦੇ ਬਾਵਜੂਦ ਵੀ ਇਹ ਕਿੱਟਾਂ ਹੁਣ ਤੱਕ ਮੁਹੱਈਆ ਨਹੀਂ ਕਰਵਾਈਆਂ ਗਈਆਂ। ਇਸ ਦੇ ਚੱਲਦਿਆਂ ਕਰਮਚਾਰੀਆਂ ਨੂੰ ਹਮੇਸ਼ਾ ਮੌਤ ਦੇ ਮੂੰਹ ਵਿਚ ਰਹਿ ਕੇ ਆਪਣੀ ਡਿਊਟੀ ਨਿਭਾਉਣੀ ਪੈਂਦੀ ਹੈ ਅਤੇ ਹੁਣ ਤੱਕ ਪਾਵਰਕਾਮ ’ਚ ਕੰਮ ਕਰਦੇ ਕਈ ਨੌਜਵਾਨ ਡਿਊਟੀ ਦੌਰਾਨ ਕਰੰਟ ਲੱਗਣ ਦੀਆਂ ਘਟਨਾਵਾਂ ’ਚ ਮੌਤ ਦਾ ਸ਼ਿਕਾਰ ਹੋ ਚੁੱਕੇ ਹਨ। ਇਸੇ ਤਰ੍ਹਾਂ ਬੀਤੇ ਦਿਨੀਂ ਪਿੰਡ ਬਲਿਆਲ ਵਿਖੇ ਬਿਜਲੀ ਸਪਲਾਈ ’ਚ ਫਾਲਟ ਆਉਣ ’ਤੇ ਕਰੰਟ ਰਹਿਤ ਕਿੱਟ ਨਾ ਹੋਣ ਕਾਰਨ ਹੀ ਲਾਈਨ ’ਚ ਜਰਨੇਟਰ ਦਾ ਬੈਕ ਕਰੰਟ ਆਉਣ ਕਾਰਨ ਸਹਾਇਕ ਲਾਈਨ ਮੈਨ ਕਮਲਜੀਤ ਸਿੰਘ ਦੀ ਮੌਤ ਹੋ ਗਈ।



ਜਿਸ ਲਈ ਸਿੱਧੇ ਤੌਰ ’ਤੇ ਪਾਵਰਕਾਮ ਦੀ ਮੈਨੇਜਮੈਂਟ ਜ਼ਿੰਮੇਵਾਰ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਸਰਹੱਦ ਉਪਰ ਡਿਊਟੀ ਦੌਰਾਨ ਇਕ ਫੌਜ ਦੇ ਜਵਾਨ ਦੀ ਮੌਤ ਹੋ ਜਾਣ ‘ਤੇ ਉਸ ਨੂੰ ਸ਼ਹੀਦ ਦਾ ਦਰਜਾ ਅਤੇ ਵੱਧ ਤੋਂ ਵੱਧ ਮਾਲੀ ਸਹਾਇਤਾ ਦਿੱਤੀ ਜਾਂਦੀ ਹੈ। ਉਸੇ ਤਰ੍ਹਾਂ ਹੀ ਬਿਜਲੀ ਕਰਮਚਾਰੀ ਦੀ ਡਿਊਟੀ ਉਪਰ ਮੌਤ ਹੋ ਜਾਣ ’ਤੇ ਬਿਜਲੀ ਕਰਮਚਾਰੀ ਨੂੰ ਵੀ ਸ਼ਹੀਦ ਦਾ ਦਰਜਾ ਤੇ ਪਰਿਵਾਰ ਨੂੰ ਇਕ ਕਰੋੜ ਰੁਪਏ ਦੀ ਮਾਲੀ ਸਹਾਇਤਾ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਜਦੋਂ ਤੱਕ ਮ੍ਰਿਤਕ ਸਹਾਇਕ ਲਾਈਨ ਮੈਨ ਕਮਲਜੀਤ ਸਿੰਘ ਨੂੰ ਸ਼ਹੀਦ ਦਾ ਦਰਜਾ ਤੇ ਪਰਿਵਾਰ ਨੂੰ 1 ਕਰੋੜ ਰੁਪਏ ਦੀ ਮਾਲੀ ਸਹਾਇਤਾ ਨਹੀਂ ਦਿੱਤੀ ਜਾਂਦੀ ਇਹ ਧਰਨਾ ਇਸੇ ਤਰ੍ਹਾਂ ਜਾਰੀ ਰਹੇਗਾ। ਇਸ ਮੌਕੇ ’ਤੇ ਜੀਵਨ ਸਿੰਘ ਸਰਕਲ ਪ੍ਰਧਾਨ ਫੈਡਰੇਸ਼ਨ ਏਟਕ, ਬਿਕਰਮਜੀਤ ਸਿੰਘ ਆਗੂ ਇੰਪਲਾਈਜ਼ ਯੂਨੀਅਨ ਫਲਜੀਤ ਨਵੀਨ ਕੁਮਾਰ ਐਮ.ਐਸ.ਯੂ, ਦਲਜੀਤ ਸਿੰਘ ਕਥੂਰੀਆ ਇੰਪਲਾਈਜ਼ ਫੈਡਰੇਸ਼ਨ ਭਾਰਦਵਾਜ਼, ਜਸਵਿੰਦਰ ਸਿੰਘ ਜੱਸਾ ਆਈ.ਟੀ.ਆਈ ਇੰਪਲਾਈਜ਼ ਯੂਨੀਅਨ, ਪੂਰਨ ਸਿੰਘ ਖਾਈ ਇੰਪਲਾਈਜ ਯੂਨੀਅਨ ਚਾਹਲ, ਦਰਸ਼ਨ ਸਿੰਘ ਇੰਪਲਾਈਜ਼ ਯੂਨੀਅਨ ਪਹਿਲਵਾਨ, ਹਰਦੀਪ ਸਿੰਘ ਜੂਨੀਅਨ ਇੰਜਨੀਅਰ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਏਕਤ ਡਕੌਂਦਾ ਦੇ ਸੂਬਾ ਮੀਤ ਪ੍ਰਧਾਨ ਗੁਰਮੀਤ ਸਿੰਘ ਭੱਟੀਵਾਲ, ਜ਼ਿਲ੍ਹਾ ਪ੍ਰਧਾਨ ਕਰਮ ਸਿੰਘ ਬਲਿਆਲ ਨੇ ਵੀ ਮੌਤ ਦਾ ਸ਼ਿਕਾਰ ਹੋਏ ਸਹਾਇਕ ਲਾਈਨ ਕਮਲਜੀਤ ਸਿੰਘ ਨੂੰ ਸ਼ਹੀਦ ਦਾ ਦਰਜਾ ਅਤੇ ਪਰਿਵਾਰ ਨੂੰ 1 ਕਰੋੜ ਰੁਪਏ ਮੁਆਵਜ਼ਾ ਦੇਣ ਦੀ ਮੰਗ ਕਰਦਿਆਂ ਇਹ ਚਿਤਾਵਨੀ ਦਿੱਤੀ ਕਿ ਜੇਕਰ ਪੰਜਾਬ ਸਰਕਾਰ ਜਾਂ ਪਾਵਰਕਾਮ ਦੀ ਮੈਨੇਜਮੈਂਟ ਨੇ ਮ੍ਰਿਤਕ ਨੂੰ ਇਨਸਾਫ਼ ਨਾ ਦਿੱਤਾ ਤਾਂ ਜਥੇਬੰਦੀਆਂ ਵੱਲੋਂ ਮੁੱਖ ਸੜਕ ਜਾਮ ਕਰਕੇ ਸ਼ੰਘਰਸ ਸ਼ੁਰੂ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਪਿੰਡ ਬਲਿਆਲ ਵਿਖੇ ਵਾਪਰੀ ਬਿਜਲੀ ਕਰਮਚਾਰੀ ਨੂੰ ਕਰੰਟ ਲੱਗਣ ਦੀ ਇਸ ਘਟਨਾ ਸਬੰਧੀ ਪੁਲਸ ਨੇ ਪਾਵਰਕਾਮ ਭਵਾਨੀਗੜ੍ਹ ਦੇ ਐੱਸ.ਡੀ.ਓ ਮਹਿੰਦਰ ਸਿੰਘ ਦੀ ਸ਼ਿਕਾਇਤ ਉਪਰ ਕਰਮਚਾਰੀ ਦੀ ਮੌਤ ਲਈ ਪਿੰਡ ਬਲਿਆਲ ਦੇ ਇਕ ਪਤੀ-ਪਤਨੀ ਨੂੰ ਕਥਿਤ ਤੌਰ ’ਤੇ ਜ਼ਿੰਮੇਵਾਰ ਠਹਿਰਾਉਂਦਿਆਂ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਐੱਸ.ਡੀ.ਓ ਵੱਲੋਂ ਦੋਸ਼ ਲਗਾਇਆ ਗਿਆ ਹੈ ਕਿ ਪਿੰਡ ’ਚ ਬਿਜਲੀ ਸਪਲਾਈ ਠੀਕ ਕਰਨ ਦੌਰਾਨ ਉਕਤ ਪਰਿਵਾਰ ਵੱਲੋਂ ਜਰਨੇਟਰ ਚਲਾਏ ਜਾਣ ਕਾਰਨ ਲਾਈਨ ’ਚ ਬੈਕ ਕਰੰਟ ਆਉਣ ਕਾਰਨ ਇਹ ਘਟਨਾ ਵਾਪਰੀ ਤੇ ਕਰਮਚਾਰੀ ਦੀ ਮੌਤ ਹੋ ਗਈ।

## ਵਿਅਕਤੀ ਨੂੰ ਜ਼ਖ਼ਮੀ ਕਰਨ ਦੇ ਦੋਸ਼ ‘ਚ 11 ਲੋਕਾਂ ਖਿਲਾਫ ਮਾਮਲਾ ਦਰਜ

ਫਿਰੋਜ਼ਪੁਰ 15 ਜੁਲਾਈ। ਇਕ ਵਿਅਕਤੀ ਨਾਲ ਕਥਿਤ ਰੂਪ ‘ਚ ਕੁੱਟਮਾਰ ਕਰਦੇ ਹੋਏ ਉਸਨੂੰ ਜ਼ਖ਼ਮੀ ਕਰਨ ਦੇ ਦੋਸ਼ ‘ਚ ਥਾਣਾ ਆਰਿਫ ਕੇ ਦੀ ਪੁਲਸ ਨੇ 7 ਲੋਕਾਂ ਨੂੰ ਨਾਮਜ਼ਦ ਕਰਦੇ ਹੋਏ ਉਨ੍ਹਾਂ ਦੇ 4 ਅਣਪਛਾਤੇ ਸਾਥੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦਿਆਂ ਏ. ਐੱਸ. ਆਈ. ਗੁਰਚਰਨ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਤਰਲੋਚਨ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਪਿੰਡ ਜੱਲੋਕੇ ਜ਼ਿਲ੍ਹਾ ਤਰਨਤਾਰਨ ਅਮਨਦੀਪ ਹਸਪਤਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਜੇਰੇ ਇਲਾਜ ਹੈ। ਉਸ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਦੱਸਿਆ ਹੈ ਕਿ ਉਹ




ਆਪਣੇ ਪੁੱਤਰ ਧਰਮਿੰਦਰ ਸਿੰਘ ਨਾਲ ਠੇਕੇ ’ਤੇ ਲਈ ਜਮੀਨ ‘ਚ ਝੋਨੇ ਨੂੰ ਪਾਣੀ ਲਗਾਉਣ ਗਿਆ ਸੀ ਅਤੇ ਜਦ ਮੋਟਰਸਾਈਕਲ ’ਤੇ ਸਵਾਰ ਹੋ ਕੇ ਆਪਣੇ ਘਰ ਜਾ ਰਿਹਾ ਸੀ ਤਾਂ ਜਗਰੂਪ ਸਿੰਘ ਅਤੇ ਗੁਰਮੇਲ ਸਿੰਘ ਪੁੱਤਰ ਸਰਵਣ ਸਿੰਘ, ਸਰਵਣ ਸਿੰਘ ਪੁੱਤਰ ਗੁਰਦੀਪ ਸਿੰਘ, ਗੁਰਦੇਵ ਕੌਰ ਪਤਨੀ ਸਰਵਣ ਸਿੰਘ, ਗੁਰਲਾਲ ਸਿੰਘ ਅਤੇ ਗੁਰਸੇਵਕ ਸਿੰਘ ਪੁੱਤਰ ਦਰਸ਼ਨ ਸਿੰਘ, ਨਿਸ਼ਾਨ ਸਿੰਘ ਪੁੱਤਰ ਨਿਰਮਲ ਸਿੰਘ ਵਾਸੀ ਪਿੰਡ ਗਗੜ ਤਹਿਸੀਲ ਪੱਟੀ ਅਤੇ ਉਨ੍ਹਾਂ ਦੇ ਨਾਲ ਆਏ 4 ਅਣਪਛਾਤੇ ਵਿਅਕਤੀਆਂ ਨੇ ਉਸਦੇ ਨਾਲ ਬੁਰੀ ਤਰ੍ਹਾਂ ਕੁੱਟਮਾਰ ਕੀਤੀ ਅਤੇ ਉਸਨੂੰ ਜਖਮੀ ਕਰ ਦਿੱਤਾ। ਉਨ੍ਹਾਂ ਵੱਲੋਂ ਰੌਲਾ ਪਾਉਣ ’ਤੇ ਸ਼ਿਕਾਇਤਕਰਤਾ ਦਾ ਮੁੰਡਾ ਵੀ ਉੱਥੇ ਆ ਗਿਆ ਅਤੇ ਲੋਕਾਂ ਦਾ ਇਕੱਠ ਦੇਖ ਕੇ ਦੋਸ਼ੀ ਉਥੋਂ ਭੱਜ ਗਏ। ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਨਾਮਜ਼ਦ ਵਿਅਕਤੀਆਂ ਖ਼ਿਲਾਫ਼ ਕਾਰਵਾਈ ਕੀਤੀ ਜਾ ਰਹੀ ਹੈ।

## ਕਾਰ ਸਵਾਰ ਨੌਜਵਾਨ ਹੈਰੋਇਨ ਸਮੇਤ ਗ੍ਰਿਫਤਾਰ, ਤਹਿਤ ਮਾਮਲਾ ਦਰਜ

ਕੋਟਕਪੂਰਾ 15 ਜੁਲਾਈ। ਜ਼ਿਲ੍ਹਾ ਪੁਲਸ ਮੁਖੀ ਹਰਜੀਤ ਸਿੰਘ ਵੱਲੋਂ ਨਸ਼ਿਆਂ ਖ਼ਿਲਾਫ ਸਖਤ ਕਾਰਵਾਈ ਕਰਨ ਦੀਆਂ ਹਦਾਇਤਾਂ ‘ਤੇ ਜ਼ਿਲ੍ਹੇ ਦੇ ਸੀ.ਆਈ.ਏ ਸਟਾਫ ਵਲੋਂ ਦੋ ਵਿਅਕਤੀਆਂ ਨੂੰ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸੀ.ਆਈ.ਏ ਸਟਾਫ ਫਰੀਦਕੋਟ ਦੇ ਸਹਾਇਕ ਥਾਣੇਦਾਰ ਚਮਕੌਰ ਸਿੰਘ ਸਮੇਤ ਪੁਲਸ ਪਾਰਟੀ ਪਿੰਡ ਕੁਹਾਰਵਾਲਾ ਦੇ ਬੱਸ ਸਟੈਂਡ ‘ਤੇ ਮੌਜੂਦ ਸਨ ਤਾਂ ਬਾਅਦ ਦੁਪਹਿਰ 4 ਵਜੇ ਦੇ ਕਰੀਬ ਪਿੰਡ ਹਰੀਨੌਂ ਵੱਲੋਂ ਇਕ ਚਿੱਟੇ ਰੰਗ ਦੀ ਕਾਰ ਆਉਂਦੀ ਵਿਖਾਈ ਦਿੱਤੀ, ਜਿਸ ਨੂੰ ਸਹਾਇਕ ਥਾਣੇਦਾਰ ਚਮਕੌਰ ਸਿੰਘ ਨੇ ਹੱਥ ਦੇ ਕੇ ਰੁਕਣ ਦਾ ਇਸਾਰਾ ਕੀਤਾ। ਇਸ ਦੌਰਾਨ




ਕਾਰ ਚਾਲਕ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ ਅਤੇ ਅਚਾਨਕ ਗੱਡੀ ਪਿੱਛੇ ਨੂੰ ਮੋੜਨ ਲੱਗਾ ਤਾਂ ਗੱਡੀ ਅਚਾਨਕ ਬੰਦ ਹੋ ਗਈ। ਇਸ ਦੌਰਾਨ ਏ.ਐਸ.ਆਈ ਨੇ ਪੁਲਸ ਪਾਰਟੀ ਦੀ ਮਦਦ ਨਾਲ ਕਾਰ ਨੂੰ ਕਾਬੂ ਕਰਕੇ ਕਾਰ ਵਿਚ ਬੈਠੇ ਦੋਵਾਂ ਨੌਜਵਾਨਾਂ ਨੂੰ ਬਾਹਰ ਕੱਢ ਕੇ ਉਨ੍ਹਾਂ ਤੋਂ ਨਾਮ-ਪਤਾ ਪੁੱਛਿਆ ਤਾਂ ਡਰਾਈਵਰ ਸੀਟ ‘ਤੇ ਬੈਠੇ ਨੌਜਵਾਨ ਨੇ ਆਪਣਾ ਨਾਮ ਮਨਪ੍ਰੀਤ ਸਿੰਘ ਵਾਸੀ ਮੁਕਤਸਰ ਅਤੇ ਕੰਡਕਟਰ ਸੀਟ ‘ਤੇ ਬੈਠੇ ਨੌਜਵਾਨ ਨੇ ਆਪਣਾ ਨਾਂ ਅਰਸਦੀਪ ਸਿੰਘ ਵਾਸੀ ਪਿੰਡ ਹਰੀਨੌਂ ਦੱਸਿਆ। ਇਸ ਦੌਰਾਨ ਕਾਰ ਦੀ ਤਲਾਸ਼ੀ ਦੌਰਾਨ 20 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸ ਸਬੰਧ ਵਿਚ ਥਾਣਾ ਸਦਰ ਪੁਲਸ ਕੋਟਕਪੂਰਾ ਵਿਖੇ ਦੋਵਾਂ ਨੌਜਵਾਨਾਂ ਮਨਪ੍ਰੀਤ ਸਿੰਘ ਅਤੇ ਅਰਸ਼ਦੀਪ ਸਿੰਘ ਖਿਲਾਫ ਐੱਨ.ਡੀ.ਪੀ.ਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਅਮਲ ਵਿਚ ਲਿਆਂਦੀ ਜਾ ਰਹੀ ਹੈ।

# ਦੇਸ਼ ’ਚ ਹਥਿਆਰਾਂ ਦੇ ਲਾਇਸੈਂਸ ਫਰਜੀ ਬਣਨ ਲੱਗੇ, ਜਨਤਾ ਦੀ ਸੁਰੱਖਿਆ ਦੇ ਲਈ ਵੱਡਾ ਖਤਰਾ

ਪਿਛਲੇ ਕੁਝ ਸਮੇਂ ਤੋਂ ਦੇਸ਼ ’ਚ ‘ਨਕਲੀ’ ਦਾ ਬੋਲਬਾਲਾ ਵਧਦਾ ਜਾ ਰਿਹਾ ਹੈ। ਪਹਿਲਾਂ ਤਾਂ ਨਕਲੀ ਖੁਰਾਕੀ ਪਦਾਰਥਾਂ ਆਦਿ ਦੀ ਗੱਲ ਹੀ ਸੁਣੀ ਜਾਂਦੀ ਸੀ ਪਰ ਹੁਣ ਇਹ ਬੀਮਾਰੀ ਉੱਚ ਸਰਕਾਰੀ ਅਹੁਦਿਆਂ ਤੋਂ ਹੁੰਦੇ ਹੋਏ ਵੱਖ-ਵੱਖ ਵਿਭਾਗਾਂ ਦੇ ਫਰਜੀ ਸਰਟੀਫਿਕੇਟਾਂ ਅਤੇ ਹਥਿਆਰਾਂ ਦੇ ਫਰਜੀ ਲਾਇਸੈਂਸਾਂ ਤੱਕ ਵੀ ਪਹੁੰਚ ਗਈ ਹੈ, ਜੋ ਪਿਛਲੇ ਤਿੰਨ ਮਹੀਨਿਆਂ ਦੀਆਂ ਹੇਠਲੀਆਂ ਉਦਾਹਰਣਾਂ ਤੋਂ ਸਪੱਸ਼ਟ ਹੈ : 10 ਅਪ੍ਰੈਲ ਨੂੰ ਗਾਜੀਆਬਾਦ ਕ੍ਰਾਈਮ ਬ੍ਰਾਂਚ ਨੇ ਫਰਜੀ ਢੰਗ ਨਾਲ ਹਥਿਆਰਾਂ ਦੇ ਲਾਇਸੈਂਸ ਤਿਆਰ ਕਰਨ ਅਤੇ ਉਸ ਦੇ ਬਦਲੇ ’ਚ ਮੋਟੀ ਰਕਮ ਵਸੂਲਣ ਵਾਲੇ ਇਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ। ਉਸ ਦੇ ਕਬਜੇ ’ਚੋਂ 8 ਦੇਸੀ ਹਥਿਆਰ, ਫਰਜੀ ਹਥਿਆਰ ਲਾਇਸੈਂਸ ਅਤੇ ਫੌਜ ਦਾ ਫਰਜੀ ਪਛਾਣ ਪੱਤਰ ਆਦਿ ਬਰਾਮਦ ਕੀਤੇ ਗਏ। 20 ਜੂਨ ਨੂੰ ਬਿਹਾਰ ’ਚ ਮੁਜੱਫਰਪੁਰ ਦੀ ਪੁਲਸ ਨੇ ਫਰਜੀ ਢੰਗ ਨਾਲ ਹਥਿਆਰਾਂ ਦੇ ਲਾਇਸੈਂਸ ਬਣਵਾ ਕੇ ਟੋਲ ਪਲਾਜਾ ’ਤੇ ਡਿਊਟੀ ਕਰ ਰਹੇ 2 ਸੁਰੱਖਿਆ ਮੁਲਾਜਮਾਂ ਨੂੰ 2 ਬੰਦੂਕਾਂ, ਹਥਿਆਰ ਅਤੇ 10 ਕਾਰਤੂਸਾਂ ਦੇ ਨਾਲ ਗ੍ਰਿਫਤਾਰ ਕੀਤਾ। 10 ਜੁਲਾਈ ਨੂੰ ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਹਥਿਆਰਾਂ ਦੇ ਫਰਜੀ ਲਾਇਸੈਂਸ ਬਣਾਉਣ ਵਾਲੇ ਗਿਰੋਹ ਦੇ 2 ਮੈਂਬਰਾਂ ਅਤੇ 6 ਫਰਜੀ ਹਥਿਆਰ ਲਾਇਸੈਂਸ ਧਾਰਕਾਂ ਨੂੰ ਗ੍ਰਿਫਤਾਰ ਕਰ ਕੇ ਫਰਜੀ ਹਥਿਆਰ ਲਾਇਸੈਂਸ ਰੈਕੇਟ ਦਾ ਪਰਦਾਫਾਸ਼ ਕੀਤਾ। ਡੀ. ਜੀ. ਪੀ. ਗੌਰਵ ਯਾਦਵ ਦੇ ਅਨੁਸਾਰ ਇਹ ਰੈਕੇਟ ‘ਤਰਨਤਾਰਨ ਸੇਵਾ ਕੇਂਦਰ’ ਦੇ ਜ਼ਿਲਾ ਮੈਨੇਜਰ ਸੂਰਜ ਭੰਡਾਰੀ ਦੀ ਮਿਲੀਭੁਗਤ ਨਾਲ ਚਲਾਇਆ ਜਾ ਰਿਹਾ ਸੀ। ਗਿਰੋਹ ਦੇ ਗ੍ਰਿਫਤਾਰ ਮੈਂਬਰਾਂ ’ਚ ਤਰਨਤਾਰਨ ਸੇਵਾ ਕੇਂਦਰ ਦਾ ਮੁਲਾਜਮ ਹਰਪਾਲ ਸਿੰਘ ਤੇ ਇਕ ਫੋਟੋਕਾਪੀ ਕਰਨ ਵਾਲੀ ਦੁਕਾਨ ਦਾ ਮਾਲਕ ਬਲਜੀਤ ਸਿੰਘ ਵੀ ਸ਼ਾਮਲ ਹਨ। ਗਿਰੋਹ ਦਾ ਸਰਗਣਾ ਸੂਰਜ ਭੰਡਾਰੀ ਹਥਿਆਰਾਂ ਦਾ ਲਾਇਸੈਂਸ ਬਣਾਉਣ ਲਈ ਪ੍ਰਤੀ ਗਾਹਕ 1.50 ਲੱਖ ਰੁਪਏ ਫੀਸ ਲੈਂਦਾ ਸੀ ਜਿਸ ’ਚੋਂ ਉਹ ਕਮੀਸ਼ਨ ਵਜੋਂ 5-10 ਹਜਾਰ ਰੁਪਏ ਫੋਟੋਕਾਪੀ ਕਰਨ ਵਾਲੀ ਦੁਕਾਨ ਦੇ ਮਾਲਕ ਬਲਜੀਤ ਸਿੰਘ ਨੂੰ ਅਤੇ 10-20 ਹਜਾਰ ਰੁਪਏ ਸਰਵਿਸ ਕੇਂਦਰ ਦੇ ਮੁਲਾਜਮ ਹਰਪਾਲ ਸਿੰਘ ਨੂੰ ਦਿੰਦਾ ਸੀ। ਉਕਤ ਉਦਾਹਰਣਾਂ ਤੋਂ ਸਪੱਸ਼ਟ ਹੈ ਕਿ ਦੇਸ਼ ’ਚ ਜਾਅਲਸਾਜੀ ਦੀ ਬੁਰਾਈ ਕਿੰਨੀ ਵਧ ਰਹੀ ਹੈ। ਖਾਸ ਕਰ ਕੇ ਇਹ ਗੱਲ ਧਿਆਨ ਦੇਣ ਯੋਗ ਹੈ ਕਿ ਜੇਕਰ ਲੋਕਾਂ ਨੂੰ ਫਰਜੀ ਦਸਤਾਵੇਜਾਂ ਦੇ ਆਧਾਰ ’ਤੇ ਹਥਿਆਰਾਂ ਤੱਕ ਦੇ ਲਾਇਸੈਂਸ ਮਿਲਣ ਲੱਗਣਗੇ ਤਾਂ ਇਹ ਹਾਲਤ ਸਮਾਜਿਕ ਸੁਰੱਖਿਆ ਲਈ ਕਿੰਨੀ ਖਤਰਨਾਕ ਸਿੱਧ ਹੋ ਸਕਦੀ ਹੈ। ਇਸ ਲਈ ਦੇਸ਼ ਦੀ ਅੰਦਰੂਨੀ ਸੁਰੱਖਿਆ ਲਈ ਖਤਰਾ ਪੈਦਾ ਕਰਨ ਵਾਲੇ ਅਜਿਹੇ ਤੱਤਾਂ ਦੇ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕਰਨ ਦੀ ਲੋੜ ਹੈ।

### ਕੇਂਦਰੀ ਜੇਲ੍ਹ ’ਚੋਂ 8 ਮੋਬਾਇਲ ਫੋਨ, 48 ਪੁੜੀਆਂ ਤੰਬਾਕੂ ਅਤੇ ਹੋਰ ਸਾਮਾਨ ਬਰਾਮਦ

ਫਿਰੋਜ਼ਪੁਰ 15 ਜੁਲਾਈ। ਕੇਂਦਰੀ ਜੇਲ੍ਹ ਫਿਰੋਜ਼ਪੁਰ ’ਚ ਮੋਬਾਇਲ ਫੋਨ ਅਤੇ ਨਸ਼ੀਲੇ ਪਦਾਰਥ ਮਿਲਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਬੀਤੇ ਦਿਨ ਵੀ ਕੇਂਦਰੀ ਜੇਲ੍ਹ ਫਿਰੋਜ਼ਪੁਰ ’ਚ ਤਲਾਸ਼ੀ ਦੌਰਾਨ 8 ਮੋਬਾਇਲ ਫੋਨ, ਚਾਰਜਰ, ਬੈਟਰੀਆਂ, 48 ਪੁੜੀਆਂ ਤੰਬਾਕੂ ਅਤੇ 2 ਡੱਬੀਆਂ ਸਿਗਰਟ ਦੀਆਂ ਬਰਾਮਦ ਹੋਈਆਂ ਹਨ। ਇਸ ਸਬੰਧ ’ਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀਆਂ ਖ਼ਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਮੇਲ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 6733 ਰਾਹੀਂ ਰਿਸ਼ਵਪਾਲ ਗੋਇਲ ਸਹਾਇਕ ਸੁਪਰੀਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ ਮਿਤੀ 11 ਜੁਲਾਈ 2024 ਤੇ 12 ਜੁਲਾਈ 2024 ਨੂੰ ਅਣਪਛਾਤੇ ਵਿਅਕਤੀਆਂ ਵੱਲੋਂ ਕੇਂਦਰੀ ਜੇਲ੍ਹ ਫਿਰੋਜ਼ਪੁਰ ਅੰਦਰ ਸੁੱਟੇ ਗਏ ਪੈਕਟਾਂ ਵਿਚੋਂ ਚੈੱਕ ਕਰਨ ਤੇ 8 ਮੋਬਾਇਲ ਫੋਨ, ਚਾਰਜਰ, ਬੈਟਰੀਆਂ, 48 ਪੁੜੀਆਂ ਤੰਬਾਕੂ ਅਤੇ 2 ਡੱਬੀਆਂ ਸਿਗਰਟ ਬਰਾਮਦ ਹੋਈਆਂ।

## ਆਪਣੇ ਉੱਪਰ ਹੋਏ ਹਮਲੇ ’ਤੇ ਕਾਰਵਾਈ ਲਈ 2 ਥਾਣਿਆਂ ਦੀ ਹੱਦਬੰਦੀ ’ਚ ਪਿਸਿਆ ਰਾਹਗੀਰ

ਲੁਧਿਆਣਾ 15 ਜੁਲਾਈ। 2 ਥਾਣਿਆਂ ਦੀ ਹੱਦਬੰਦੀ ’ਚ ਉਲਝੇ ਇਕ ਵਿਅਕਤੀ ਨੂੰ ਆਪਣੇ ਉੱਪਰ ਕੀਤੇ ਗਏ ਜਾਨਲੇਵਾ ਹਮਲੇ ਦੇ ਦੋਸੀਆਂ ’ਤੇ ਕਾਰਵਾਈ ਕਰਾਉਣ ਲਈ ਕਦੇ ਕਿਸੇ ਤੇ ਕਦੇ ਕਿਸੇ ਥਾਣੇ ਦੇ ਧੱਕੇ ਖਾਣੇ ਪੈ ਰਹੇ ਹਨ। ਬੀਤੇ 3 ਦਿਨਾਂ ਤੋਂ ਤੜਫ ਰਹੇ ਪੀੜਤ ਵਿੱਕੀ ਪੁੱਤਰ ਨਾਥ ਸਿੰਘ ਪਿੰਡ ਭੈਰੋਮੁੰਨਾ ਨੇ ਆਖਰ ਪੱਤਰਕਾਰਾਂ ਨੂੰ ਆਪਣੀ ਗਾਥਾ





ਸੁਣਾਉਂਦੇ ਹੋਏ ਕਿਹਾ ਕਿ ਉਹ ਬੀਤੇ ਦਿਨੀਂ ਆਪਣਾ ਕੰਮ ਖਤਮ ਕਰ ਕੇ ਸਾਹਨੇਵਾਲ ਤੋਂ ਪਿੰਡ ਭੈਰੋਮੁੰਨਾ ਨੂੰ ਆ ਰਿਹਾ ਸੀ। ਜਦੋਂ ਉਹ ਸਾਹਨੇਵਾਲ-ਭੈਰੋਮੁੰਨਾ ਰੋਡ ’ਤੇ ਠੇਕੇ ਕੋਲ ਪਹੁੰਚਿਆ ਤਾਂ ਪਿੱਛੋਂ ਆ ਰਹੇ 3 ਮੋਟਰਸਾਈਕਲ ਸਵਾਰਾਂ ਨੇ ਉਸ ’ਤੇ ਅੰਨੇਵਾਹ ਦਾਤਰ ਅਤੇ ਸੋਟੀਆਂ ਨਾਲ ਵਾਰ ਕਰਨੇ ਸੁਰੂ ਕਰ ਦਿੱਤੇ। ਜਿਸ ’ਤੇ ਉਸ ਨੇ ਨਾਲ ਲੱਗਦੇ ਝੋਨੇ ਦੇ ਖੇਤਾਂ ’ਚ ਸ਼ਾਲ ਮਾਰ ਕੇ ਭੱਜ ਕੇ ਥੋੜ੍ਹੀ ਦੂਰ ਬੈਠੇ ਬੰਦਿਆਂ ਕੋਲ ਜਾ ਕੇ ਆਪਣੀ ਜਾਨ ਬਚਾਈ। ਉਸ ਤੋਂ ਬਾਅਦ ਉਸ ਨੇ ਆਪਣੇ ਘਰਦਿਆਂ ਨੂੰ ਫੋਨ ਕਰ ਕੇ ਹਸਪਤਾਲ ਪਹੁੰਚਿਆ। ਹਸਪਤਾਲ ਤੋਂ ਛੁੱਟੀ ਹੋਣ ਤੋਂ ਬਾਅਦ ਉਸ ਨੇ ਪਹਿਲਾਂ ਥਾਣਾ ਸਾਹਨੇਵਾਲ ਪਹੁੰਚ ਕੀਤੀ, ਜਿਥੇ ਉਸ ਨੂੰ ਥਾਣਾ ਕੂੰਮ ਕਲਾਂ ਦਾ ਰਸਤਾ ਦਿਖਾ ਦਿੱਤਾ ਗਿਆ ਕਿ ਉਹ ਇਲਾਕਾ ਥਾਣਾ ਕੂੰਮ ਕਲਾਂ ਦਾ ਹੈ। ਇਥੋਂ ਹੀ ਉਹ ਥਾਣਾ ਕੂੰਮ ਕਲਾਂ ਦੀ ਚੌਕੀ ਕਟਾਣੀ ਕਲਾਂ ਗਏ, ਜਿਥੇ ਮੇਰੀ ਕੋਈ ਸੁਣਵਾਈ ਨਹੀਂ ਹੋਈ, ਸਗੋਂ ਮੈਨੂੰ ਥਾਣਾ ਸਾਹਨੇਵਾਲ ਦਾ ਇਲਾਕਾ ਕਹਿ ਕੇ ਮੋੜ ਦਿੱਤਾ ਗਿਆ

## ਕਲਯੁੱਗੀ ਪਿਓ ਨੇ ਟੱਪੀਆਂ ਬੇਸ਼ਰਮੀ ਦੀਆਂ ਹੱਦਾਂ, ਨਾਬਾਲਗ ਧੀ ਨਾਲ ਕੀਤਾ ਜਬਰ-ਜਿਨਾਹ

ਫਿਰੋਜ਼ਪੁਰ 15 ਜੁਲਾਈ। ਆਪਣੀ ਹੀ ਕਰੀਬ 15 ਸਾਲ ਦੀ ਨਾਬਾਲਗ ਧੀ ਨਾਲ ਜਬਰ-ਜ਼ਿਨਾਹ ਕਰਨ ਦੇ ਦੋਸ਼ ਹੇਠ ਕਲਯੁੱਗੀ ਪਿਤਾ ਖ਼ਿਲਾਫ ਥਾਣਾ ਮਖੂ ’ਚ ਪੁਲਸ ਨੇ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਮਖੂ ਦੀ ਸਬ-ਇੰਸਪੈਕਟਰ ਕੁਲਦੀਪ ਕੌਰ ਨੇ ਦੱਸਿਆ ਕਿ 15 ਸਾਲਾ ਕੁੜੀ ਦੇ ਪਿਤਾ ਨੇ 8 ਜੁਲਾਈ 2024 ਨੂੰ ਇਕ ਦਰਖਾਸਤ ਦਿੱਤੀ ਸੀ, ਜਿਸ ਵਿਚ ਉਸ ਨੇ ਦੱਸਿਆ ਸੀ ਕਿ ਉਸ ਦੀ ਕੁੜੀ ਦੀ ਮਾਨਸਿਕ ਹਾਲਤ ਠੀਕ ਨਹੀਂ ਹੈ ਅਤੇ ਉਹ ਕਿਤੇ ਚਲੀ ਗਈ ਹੈ। ਉਨ੍ਹਾ ਦੱਸਿਆ ਕਿ ਜਦੋਂ ਕੁੜੀ ਦਾ ਪਤਾ ਲਗਾਇਆ ਗਿਆ ਤਾਂ ਕੁੜੀ ਨੇ ਪੁਲਸ ਨੂੰ ਦਿੱਤੇ ਆਪਣੇ ਬਿਆਨਾਂ ’ਚ ਦੱਸਿਆ ਕਿ ਕਰੀਬ 4 ਮਹੀਨੇ ਪਹਿਲਾਂ ਉਸ ਦੇ ਪਿਤਾ ਨੇ ਉਸ ਨਾਲ ਘਰ ’ਚ ਜਬਰ-ਜ਼ਿਨਾਹ ਕੀਤਾ ਸੀ ਅਤੇ ਉਸ ਦੀ ਮਾਂ ਦੀ ਵੀ ਮੌਤ ਹੋ ਗਈ ਸੀ, ਜਿਸ ਕਾਰਨ ਉਹ ਘਰ ਛੱਡ ਕੇ ਚਲੀ ਗਈ ਸੀ ਅਤੇ ਹੁਣ ਉਹ ਘਰ ਵਾਪਸ ਨਹੀਂ ਆਉਣਾ ਚਾਹੁੰਦੀ। ਪੀੜਤ ਕੁੜੀ ਦੇ ਬਿਆਨਾਂ ਦੇ ਆਧਾਰ ’ਤੇ ਪੁਲਸ ਵੱਲੋਂ ਦੋਸ਼ੀ ਪਿਤਾ ਖ਼ਿਲਾਫ ਮਾਮਲਾ ਦਰਜ ਕਰਕੇ ਪੀੜਤ ਕੁੜੀ ਨੂੰ ਵਨ ਸਟਾਪ ਸੈਂਟਰ ਫਿਰੋਜ਼ਪੁਰ ਵਿੱਚ ਰੱਖਿਆ ਗਿਆ ਹੈ।

# ਇਕੱਠਿਆਂ ਸ਼ਰਾਬ ਪੀਣ ਮਗਰੋਂ ਦੋਸਤਾਂ ਨੇ ਆਪਣੇ ਹੀ ਸਾਥੀ ਦਾ ਕਰ ‘ਤਾ ਕਤਲ ! ਪਰਿਵਾਰ ਅੱਗੇ ਬਣਾਈ ਹੋਰ ਹੀ ਕਹਾਣੀ

ਲੁਧਿਆਣਾ 15 ਜੁਲਾਈ। ਲੁਧਿਆਣਾ ਤੋਂ ਇਕ ਦਿਲ ਦਹਿਲਾ ਦੇਣ ਵਾਲੀ ਵਾਰਦਾਤ ਸਾਹਮਣੇ ਆਈ ਹੈ ਜਿੱਥੇ ਇਕ ਨੌਜਵਾਨ ਦਾ ਉਸ ਦੇ ਹੀ 2 ਦੋਸਤਾਂ ਨਾਲ ਬੇਰਹਿਮੀ ਨਾਲ ਕਤਲ ਕਰ ਦਿੱਤਾ। ਘਟਨਾ ਤੋਂ ਪਹਿਲਾਂ ਉਹ ਇਕੱਠੇ ਕਾਰ ਵਿਚ ਘੁੰਮਣ ਗਏ ਸੀ ਤੇ ਸ਼ਰਾਬ ਵੀ ਪੀਤੀ ਸੀ। ਇਸ ਮਗਰੋਂ ਆਪਸ ਵਿਚ ਹੋਏ ਝਗੜੇ ਮਗਰੋਂ ਉਨ੍ਹਾਂ ਨੇ ਆਪਣੇ ਹੀ ਸਾਥੀ ਦਾ ਕਤਲ ਕਰ ਦਿੱਤਾ। ਪੁਲਸ ਨੇ ਇਸ ਮਾਮਲੇ ‘ਚ 12 ਘੰਟਿਆਂ ਦੇ ਅੰਦਰ ਹੀ ਇਕ ਮੁਲਜ਼ਮ ਨੂੰ ਗ੍ਰਿਫਤਾਰ ਕਰ ਲਿਆ ਹੈ। ਜਾਣਕਾਰੀ ਮੁਤਾਬਕ ਅਭਿਸ਼ੇਕ ਕੁਮਾਰ ਉਰਫ ਪ੍ਰੰਨੂ (27) ਨਿਵਾਸੀ ਨਾਲੀ ਮੁਹੱਲਾ ਮੰਗਲਵਾਰ ਨੂੰ ਆਪਣੇ ਦੋਸਤਾਂ ਦੇ ਨਾਲ ਘੁੰਮਣ ਗਿਆ ਸੀ। ਦੇਰ ਰਾਤ ਨੂੰ 12.30 ਵਜੇ ਦੇ ਕਰੀਬ ਜਦੋਂ ਉਹ ਵਾਪਸ ਆਏ ਤਾਂ ਨਾਲੀ ਮੁਹੱਲੇ ‘ਚ ਉਨ੍ਹਾਂ ਦੀ ਆਪਸ ਵਿਚ ਲੜਾਈ ਹੋ ਗਈ। ਇਸ ਦੌਰਾਨ



2 ਦੋਸਤਾਂ ਨੇ ਅਭਿਸ਼ੇਕ ਦੀ ਗਰਦਨ ‘ਤੇ ਚਾਕੂ ਮਾਰ ਕੇ ਕਤਲ ਕਰ ਦਿੱਤਾ। ਇਹ ਸਾਰੀ ਘਟਨਾ ਕੋਲ ਲੱਗੇ ਸੀ. ਸੀ. ਟੀ. ਵੀ. ਕੈਮਰੇ ’ਚ ਕੈਦ ਹੋ ਗਈ। ਪਤਾ ਲੱਗਦੇ ਹੀ ਮੌਕੇ ’ਤੇ ਪੁੱਜੀ ਪੁਲਸ ਨੇ ਫੁਟੇਜ ਕਬਜ਼ੇ ’ਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ। ਪੁਲਸ ਨੇ ਇਕ ਮੁਲਜ਼ਮ ਅਮਿਤ ਉਰਫ ਕਾਲੂ ਪੁੱਤਰ ਸੁਰਿੰਦਰ ਸਿੰਘ ਵਾਸੀ ਨਾਲੀ ਮੁਹੱਲਾ ਨੂੰ ਗ੍ਰਿਫਤਾਰ ਕਰ ਕੇ ਉਸ ਕੋਲੋਂ ਵਾਰਦਾਤ ’ਚ ਵਰਤਿਆ ਚਾਕੂ ਬਰਾਮਦ ਕਰ ਲਿਆ ਹੈ। ਪੁਲਸ ਮੁਤਾਬਕ ਕਾਤਲ ਇਸ ਕਦਰ ਸ਼ਾਤਰ ਸਨ ਕਿ ਅਭਿਸ਼ੇਕ ਦਾ ਕਤਲ ਕਰਨ ਤੋਂ ਬਾਅਦ ਕਿਸੇ ਨੂੰ ਉਨ੍ਹਾਂ ’ਤੇ ਸ਼ੱਕ ਨਾ ਹੋਵੇ, ਖੁਦ ਹੀ ਉਸ ਦੇ ਘਰ ਦਾ ਦਰਵਾਜ਼ਾ ਖੜਕਾ ਕੇ ਪਰਿਵਾਰ ਵਾਲਿਆਂ ਨੂੰ ਬਾਹਰ ਬੁਲਾਇਆ ਅਤੇ ਕਿਸੇ ਹੋਰ ਵੱਲੋਂ ਉਸ ਦੇ ਹਮਲਾ ਕਰ ਕੇ ਫਰਾਰ ਹੋਣ ਦੀ ਗੱਲ ਕਹੀ, ਜਿਸ ਤੋਂ ਬਾਅਦ ਜਾਂਚ ਦੌਰਾਨ ਜਦੋਂ ਪੁਲਸ ਨੇ ਫੁਟੇਜ ਚੈੱਕ ਕੀਤੀ ਤਾਂ ਸੱਚ ਸਾਹਮਣੇ ਆਇਆ।

### ਡਾਕਟਰ ਕੋਲ ਕੰਮ ਕਰਦੇ ਕੰਪਾਊਡਰ ਦਾ ਦਿਨ-ਦਿਹਾੜੇ ਮੋਟਰਸਾਈਕਲ ਚੋਰੀ

ਤਪਾ ਮੰਡੀ 15 ਜੁਲਾਈ। ਦਿਨ-ਦਿਹਾੜੇ ਸਦਰ ਬਾਜਾਰ ‘ਚ ਸਥਿਤ ਇੱਕ ਪ੍ਰਾਈਵੇਟ ਡਾਕਟਰ ਦੇ ਕੰਮ ਕਰਦੇ ਕੰਪਾਊਡਰ ਦਾ ਮੋਟਰਸਾਈਕਲ ਚੋਰੀ ਹੋਣ ਦੀ ਖਬਰ ਪ੍ਰਾਪਤ ਹੋਈ ਹੈ। ਇਸ ਸੰਬੰਧੀ ਕੰਪਾਊਡਰ ਮਨਜੀਤ ਸਿੰਘ ਪੁੱਤਰ ਗੁਰਨੈਬ ਸਿੰਘ ਵਾਸੀ ਬੱਲ੍ਹੋ ਨੇ ਦੱਸਿਆ ਕਿ ਉਸ ਹਰ ਰੋਜ ਦੀ ਤਰ੍ਹਾਂ ਪਿੰਡ ਤੋਂ ਆ ਕੇ ਗਲੀ ਨੰਬਰ-4 ‘ਚ ਇੱਕ ਤੰਗ ਗਲੀ ‘ਚ ਅਪਣਾ ਮੋਟਰਸਾਈਕਲ ਖੜ੍ਹਾ ਕਰਕੇ ਕੰਮ ਕਰ ਰਿਹਾ ਸੀ। ਅਚਾਨਕ ਹੀ ਉਹ ਜਦ ਬਾਹਰ ਆਇਆ ਤਾਂ ਦੇਖਿਆ ਕਿ ਜਿਸ ਜਗ੍ਹਾਂ ‘ਤੇ ਮੋਟਰਸਾਈਕਲ ਖੜ੍ਹਾ ਕੀਤਾ ਸੀ, ਗਾਇਬ ਹੈ। ਤੁਰੰਤ ਇਸ ਬਾਰੇ ਡਾਕਟਰ ਨੂੰ ਦੱਸਿਆ ਤਾਂ ਉਨ੍ਹਾਂ ਕਲੀਨਿਕ ‘ਚ ਲੱਗੇ ਸੀ. ਸੀ. ਟੀ. ਵੀ. ਕੈਮਰੇ ਖੰਘਾਲੇ ਤਾਂ ਪਤਾ ਲੱਗਾ ਕਿ 2 ਨੌਜਵਾਨ ਜਿਨ੍ਹਾਂ ਸਿਰ ਢੱਕੇ ਹੋਏ ਸਨ, ਮੋਟਰਸਾਈਕਲ ਚੋਰੀ ਕਰਕੇ ਡਾਕਖਾਨੇ ਵੱਲ ਚਲੇ ਗਏ ਹਨ। ਜਦ ਇਸ ਦੀ ਸੂਚਨਾ ਪੁਲਸ ਚੌਂਕੀ ਤਪਾ ਨੂੰ ਦਿੱਤੀ ਤਾਂ ਚੌਂਕੀ ਇੰਚਾਰਜ ਕਰਮਜੀਤ ਸਿੰਘ ਦੀ ਅਗਵਾਈ ‘ਚ ਪੁਲਸ ਟੀਮ ਨੇ ਕੈਮਰੇ ਦੀ ਫੁਟੇਜ ਖੰਘਾਲ ਕੇ ਚੋਰਾਂ ਦੀ ਪੈੜ ਨੱਪਣੀ ਸ਼ੁਰੂ ਕਰ ਦਿੱਤੀ। ਫਿਲਹਾਲ ਦਿਨ-ਦਿਹਾੜੇ ਹੋਏ ਇਸ ਮੋਟਰਸਾਈਕਲ ਚੋਰੀ ਨਾਲ ਦੁਕਾਨਦਾਰਾਂ ‘ਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ।

# ਟੈ੍ਰਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਕੱਟੇ ਚਲਾਨ: ਇੰਚਾਰਜ ਜਸਵੀਰ ਸਿੰਘ

ਬੁਢਲਾਡਾ 15 ਜੁਲਾਈ। ਸਥਾਨਕ ਸ਼ਹਿਰ ਅੰਦਰ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਹੀਕਲਾਂ ਦਾ ਟ੍ਰੈਫਿਕ ਪੁਲਸ ਇੰਚਾਰਜ ਜਸਵੀਰ ਸਿੰਘ ਦੀ ਅਗਵਾਈ ਵਿੱਚ ਵੱਡੀ ਗਿਣਤੀ ‘ਚ ਚਲਾਨ ਕੱਟੇ ਗਏ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜਸਵੀਰ ਸਿੰਘ ਨੇ ਦੱਸਿਆ ਕਿ ਸ਼ਹਿਰ ਦੇ ਲੋਕਾਂ ਨੂੰ ਸਮੇਂ ਸਮੇਂ ਸਿਰ ਟ੍ਰੈਫਿਕ ਨਿਯਮਾਂ ਸੰਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਨਿਯਮਾਂ ਸੰਬੰਧੀ ਮਨੁੱਖ ਪੂਰੀ ਤਰ੍ਹਾਂ ਜਾਗਰੂਕ ਹੋ ਜਾਵੇ ਤਾਂ ਦੁਰਘਟਨਾ ਤੋਂ ਪੂਰੀ ਤਰ੍ਹਾਂ ਬਚਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਟ੍ਰੈਫਿਕ ਨਿਯਮਾਂ ਦੀ ਅਣਗੇਹਲੀ ਕਾਰਨ ਅਸੀਂ ਆਪਣੀਆਂ ਕੀਮਤੀ ਜਾਨ ਤੋਂ ਹੱਥ ਧੋਣ ਲਈ ਮਜਬੂਰ ਹੋ ਜਾਂਦੇ ਹਾਂ। ਉਨ੍ਹਾਂ ਦੋ ਪਹੀਆ ਵਾਹਨਾਂ ਦੇ ਮਾਲਕਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਵਾਹਨਾਂ ਉਪੱਰ ਨੰਬਰ ਪਲੇਟਾਂ ਨੂੰ ਯਕੀਨੀ ਬਨਾਉਣ ਉਥੇ ਹੈਲਮੇਟ ਤੁਹਾਡੀ ਸੁਰੱਖਿਆ ਦਾ ਇੱਕ ਹਿੱਸਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ



ਕੀਤੀ ਕਿ ਸ਼ੱਕੀ ਵਹੀਕਲ, ਵਸਤੂ, ਵਿਅਕਤੀ ਦੀ ਇਤਲਾਹ ਤੁਰੰਤ ਪੁਲਿਸ ਨੂੰ ਦੇਣ। ਉਨ੍ਹਾਂ ਦੱਸਿਆ ਕਿ ਸ਼ਹਿਰ ਅੰਦਰ ਭੀੜੇ ਬਾਜਾਰਾਂ ਅੰਦਰ ਲੋਕਾਂ ਵੱਲੋਂ ਕੀਤੇ ਗਏ ਆਰਜੀ ਨਾਜਾਇਜ ਕਬਜੇ, ਬੋਰਡ ਆਦਿ ਜੋ ਟ੍ਰੈਫਿਕ ਵਿੱਚ ਵਿਘਨ ਪਾਉਂਦੇ ਹਨ ਨੂੰ ਤੁਰੰਤ ਹਟਾ ਲਿਆ ਜਾਵੇ। ਉਨ੍ਹਾਂ ਕਿਹਾ ਕਿ ਐੱਸ. ਐੱਸ. ਪੀ. ਮਾਨਸਾ ਡਾ. ਨਾਨਕ ਸਿੰਘ ਦੀ ਯੋਗ ਅਗਵਾਈ ਹੇਠ ਟ੍ਰੈਫਿਕ ਪੁਲਸ ਦੇ ਕਰਮਚਾਰੀ ਸੜਕ ਸੁਰੱਖਿਆ ਨਿਯਮਾਂ ਸੰਬੰਧੀ ਵੀ ਟੈਕਸੀ ਯੂਨੀਅਨ, ਟਰਾਲੀ ਯੂਨੀਅਨ, ਟਰੱਕ ਯੂਨੀਅਨ, ਟੈਂਪੂ ਯੂਨੀਅਨਾਂ ਵਿੱਚ ਡਰਾਈਵਰਾਂ ਨੂੰ ਸਮੇਂ ਸਮੇਂ ਸਿਰ ਜਾਗਰੂਕਤਾ ਕੀਤਾ ਜਾਂਦਾ ਹੈ।

## 50 ਕਿਲੋ ਭੁੱਕੀ ਸਮੇਤ ਇਕ ਵਿਅਕਤੀ ਗ੍ਰਿਫਤਾਰ, 2 ਪੁਲਸ ਦੀ ਗ੍ਰਿਫ਼ਤ ਤੋਂ ਬਾਹਰ

ਅਬੋਹਰ 15 ਜੁਲਾਈ। ਜ਼ਿਲ੍ਹਾ ਪੁਲਸ ਕਪਤਾਨ ਡਾ. ਪ੍ਰਗਿਆ ਜੈਨ ਦੇ ਦਿਸ਼ਾ-ਨਿਰਦੇਸ਼ਾਂ ’ਤੇ ਪੁਲਸ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ ਸਖਤ ਮੁਹਿੰਮ ਚਲਾਈ ਜਾ ਰਹੀ ਹੈ। ਇਸ ਸਬੰਧ ’ਚ ਅੱਜ ਥਾਣਾ ਬਹਾਵਵਾਲਾ ਦੀ ਪੁਲਸ ਨੇ ਗਸ਼ਤ ਦੌਰਾਨ ਪਿੰਡ ਬਿਸ਼ਨਪੁਰਾ ’ਚ ਇਕ ਨੌਜਵਾਨ ਨੂੰ 50 ਕਿਲੋ ਭੁੱਕੀ ਸਮੇਤ ਕਾਬੂ ਕੀਤਾ ਹੈ, ਜਦਕਿ ਉਸ ਦੇ ਦੋ ਭਰਾ ਪੁਲਸ ਦੀ ਗ੍ਰਿਫਤ ਤੋਂ ਬਾਹਰ ਹਨ। ਜਾਣਕਾਰੀ ਅਨੁਸਾਰ ਥਾਣਾ ਬਹਾਵਵਾਲਾ ਦੇ ਸਬ ਇੰਸਪੈਕਟਰ



ਜਸਵਿੰਦਰ ਸਿੰਘ ਅਤੇ ਸੀਤੋ ਚੌਕੀ ਦੇ ਇੰਚਾਰਜ ਭਗਵਾਨ ਸਿੰਘ ਬੀਤੇ ਦਿਨ ਪਿੰਡ ਬਿਸ਼ਨਪੁਰਾ ਨੇੜੇ ਗਸ਼ਤ ਕਰ ਰਹੇ ਸਨ ਤਾਂ ਬਿਸ਼ਨਪੁਰਾ ਢਾਣੀ ਨੇੜੇ ਇਕ ਵਿਅਕਤੀ ਪੁਲਸ ਦੀ ਗੱਡੀ ਨੂੰ ਵੇਖ ਕੇ ਉੱਥੋਂ ਭੱਜ ਕੇ ਇਕ ਤੂੜੀ ਵਾਲੇ ਕਮਰੇ ਵਿੱਚ ਲੁਕ ਗਿਆ ਪੁਲਸ ਨੇ ਉਸ ਦਾ ਪਿੱਛਾ ਕਰਕੇ ਕਮਰੇ ਦੀ ਤਲਾਸ਼ੀ ਲਈ ਤਾਂ ਉਸ ਵਿੱਚ ਲੁਕੇ ਪਲਾਸਟਿਕ ਦੇ ਗੱਟਿਆਂ ਵਿੱਚੋਂ 50 ਕਿਲੋ ਭੁੱਕੀ ਬਰਾਮਦ ਹੋਈ। ਪੁਲਸ ਨੇ ਇਸ ਮਾਮਲੇ ਵਿੱਚ ਫੜੇ ਗਏ ਵਿਨੋਦ ਕੁਮਾਰ ਪੁੱਤਰ ਹਨੂੰਮਾਨ ਵਾਸੀ ਬਿਸ਼ਨਪੁਰਾ ਸਮੇਤ ਅਤੇ ਉਸ ਦੇ ਦੋ ਭਰਾਵਾਂ ਸ਼ਰਵਣ ਕੁਮਾਰ ਅਤੇ ਲਕਸ਼ਮਣ ਕੁਮਾਰ ਖ਼ਿਲਾਫ਼ ਐੱਨ. ਡੀ. ਪੀ. ਐੱਸ. ਤਹਿਤ ਕੇਸ ਦਰਜ ਕਰ ਲਿਆ ਹੈ।

# ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਘਰਾਂ ਦੇ ਨੇੜੇ ਸਹੂਲਤਾਂ ਦੇਣ ਲਈ ਪਿੰਡ-ਪਿੰਡ ਲਾਏ ਜਾ ਰਹੇ ਨੇ ਕੈਂਪ: ਵਿਧਾਇਕ ਉੱਗੋਕੇ

ਤਪਾ ਮੰਡੀ 15 ਜੁਲਾਈ। ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀ ਖੱਜਲ-ਖੁਆਰੀ ਘਟਾਉਣ ਅਤੇ ਉਨ੍ਹਾਂ ਨੂੰ ਘਰਾਂ ਦੇ ਨੇੜੇ ਸਰਕਾਰੀ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ‘ਸਰਕਾਰ ਤੁਹਾਡੇ ਦੁਆਰ’ ਲੜੀ ਤਹਿਤ ਗੁਰੂ ਨਾਨਕ ਧਰਮਸ਼ਾਲਾ ਪਿੰਡ ਤਾਜੋਕੇ ਵਿਖੇ ਕੈਂਪ ਲਾਇਆ ਗਿਆ। ਇਸ ਕੈਂਪ ਵਿਚ ਪਿੰਡ ਤਾਜੋਕੇ ਅਤੇ ਤਾਜੋਕੇ ਖੁਰਦ ਤੋਂ ਇਲਾਵਾ ਪਿੰਡ ਘੁੰਨਸ ਅਤੇ ਮਹਿਤਾ ਦੇ ਵਾਸੀ ਆਪਣੇ ਮਸਲੇ ਅਤੇ ਸਰਕਾਰੀ ਸੇਵਾਵਾਂ ਬਾਬਤ ਪੁੱਜੇ। ਇਸ ਮੌਕੇ ਵਿਸ਼ੇਸ਼ ਤੌਰ ’ਤੇ ਪੁੱਜੇ ਵਿਧਾਇਕ ਭਦੌੜ ਲਾਭ ਸਿੰਘ ਉੱਗੋਕੇ ਨੇ ਕਿਹਾ ਕਿ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਲੋਕਾਂ ਨੂੰ ਘਰਾਂ ਦੇ ਨੇੜੇ ਸਹੂਲਤਾਂ ਦੇਣ ਲਈ ਪਿੰਡ ਪਿੰਡ ਕੈਂਪ ਲਾਉਣ ਦਾ ਉਪਰਾਲਾ ਕੀਤਾ ਹੈ, ਜਿੱਥੇ ਲੋਕਾਂ ਦੀਆਂ ਸ਼ਿਕਾਇਤਾਂ ਦੀ ਸੁਣਵਾਈ ਵੀ ਕੀਤੀ ਜਾਂਦੀ ਹੈ ਅਤੇ ਮਸਲਿਆਂ ਦਾ ਮੌਕੇ ’ਤੇ ਨਿਬੇੜਾ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਪਹਿਲੀ ਵਾਰ ਤਾਜੋਕੇ ਕੈਂਪ ਵਿਚ ਆਧਾਰ ਸੇਵਾਵਾਂ ਦਿੱਤੀਆਂ ਗਈਆਂ ਹਨ, ਇਸ ਤੋਂ ਪਹਿਲਾਂ ਪੰਜਾਬ ਵਿਚ ਕਿਸੇ ਵੀ ਜ਼ਿਲ੍ਹੇ ਵਿਚ ਕੈਂਪ ਮੋਡ ’ਤੇ ਸੇਵਾਵਾਂ ਨਹੀਂ ਦਿੱਤੀਆਂ ਗਈਆਂ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਪਿੰਡਾਂ ਵਿਚ ਹਫਤੇ ਵਿਚ 2 ਵਾਰ ਕੈਂਪ ਲਏ ਜਾਣਗੇ ਤਾਂ ਜੋ ਲੋਕਾਂ ਨੂੰ ਖੱਜਲ ਖੁਆਰ ਨਾ ਹੋਣਾ ਪਵੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਅਨੁਪ੍ਰਿਤਾ ਜੌਹਲ ਨੇ ਦੱਸਿਆ ਕਿ ਵਿਧਾਇਕ ਲਾਭ ਸਿੰਘ ਉੱਗੋਕੇ ਅਤੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਦੀ ਅਗਵਾਈ ਹੇਠ ਇਹ ਕੈਂਪ ਲਾਇਆ ਗਿਆ ਹੈ, ਜਿਸ ਵਿੱਚ ਵੱਡੀ ਗਿਣਤੀ ਲੋਕ ਪੁੱਜੇ ਹਨ ਤੇ ਮੌਕੇ ’ਤੇ ਸਕੀਮਾਂ ਦਾ ਲਾਭ ਲਿਆ ਹੈ। ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਸੇਵਾ ਕੇਂਦਰ ਸਣੇ ਲਗਭਗ ਸਾਰੇ ਵਿਭਾਗਾਂ ਦਫ਼ਤਰ ਸਮਾਜਿਕ ਸੁਰੱਖਿਆ, ਕਿਰਤ ਵਿਭਾਗ,



ਜ਼ਿਲ੍ਹਾ ਭਲਾਈ ਦਫ਼ਤਰ, ਖੇਤੀਬਾੜੀ ਵਿਭਾਗ, ਸਿਹਤ ਵਿਭਾਗ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਮਾਲ ਵਿਭਾਗ, ਰੋਜ਼ਗਾਰ ਵਿਭਾਗ, ਮੱਛੀ ਪਾਲਣ ਵਿਭਾਗ ਆਦਿ ਨੇ ਕਾਊਂਟਰ ਲਗਾ ਕੇ ਲੋਕਾਂ ਨੂੰ ਸਹੂਲਤਾਂ ਦਿੱਤੀਆਂ ਗਈਆਂ। ਇਸ ਮੌਕੇ ਉਨ੍ਹਾਂ ਦੱਸਿਆ ਕਿ ਪਿਛਲੇ ਕੈਂਪਾਂ ਵਿਚ ਦੇਖਿਆ ਗਿਆ ਕਿ ਲੋਕਾਂ ਨੂੰ ਆਧਾਰ ਕਾਰਡ ਅਪਲਾਈ ਕਰਨ ਵਿੱਚ ਕਾਫੀ ਮੁਸ਼ਕਿਲ ਆ ਰਹੀ ਸੀ, ਜਿਸ ਨੂੰ ਦੇਖਦੇ ਹੋਏ ਇਸ ਕੈਂਪ ਵਿਚ ਆਧਾਰ ਸੇਵਾ ਦੇਣ ਉਪਰਾਲਾ ਵੀ ਕੀਤਾ ਗਿਆ। ਕੈਂਪ ਵਿਚ ਪੁੱਜੇ ਬਲਵਿੰਦਰ ਸਿੰਘ ਵਾਸੀ ਤਾਜੋਕੇ ਨੇ ਦੱਸਿਆ ਕਿ ਉਹ ਅੱਜ ਇਸ ਕੈਂਪ ਵਿੱਚ ਕਿਰਤ ਵਿਭਾਗ ਦੀ ਕਾਪੀ (ਲਾਭਪਾਤਰੀ) ਬਣਾਉਣ ਲਈ ਪੁੱਜੇ ਤੇ ਕੈਂਪ ਵਿੱਚ ਮੌਕੇ ’ਤੇ ਹੀ ਲਾਭਪਾਤਰੀ ਬਣਾ ਦਿੱਤੀ ਗਈ। ਉਨ੍ਹਾਂ ਪੰਜਾਬ ਸਰਕਾਰ ਦੇ ਉਪਰਾਲੇ ਦਾ ਧੰਨਵਾਦ ਕੀਤਾ। ਇਸੇ ਤਰ੍ਹਾਂ ਲੋਕਾਂ ਨੂੰ ਮੌਕੇ ’ਤੇ ਵੱਖ-ਵੱਖ ਸਰਟੀਫਿਕੇਟ ਬਣਾ ਕੇ ਦਿੱਤੇ ਗਏ।

### ਬਠਿੰਡਾ ‘ਚ ਸ਼ਰੇਆਮ ਗੰਡਾਸਿਆਂ ਨਾਲ ਵੱਢਿਆ ਸੀ ਨੌਜਵਾਨ

ਬਠਿੰਡਾ 15 ਜੁਲਾਈ। ਬਠਿੰਡਾ ਪੁਲਸ ਵਲੋਂ ਮੌੜ ਕਤਲਕਾਂਡ ਦੇ 4 ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਐੱਸ. ਐੱਸ. ਪੀ. ਬਠਿੰਡਾ ਦੀਪਕ ਪਾਰਿਕ ਨੇ ਕਿਹਾ ਕਿ ਬੀਤੀ 7 ਜੁਲਾਈ ਨੂੰ ਜਸਪਾਲ ਸਿੰਘ ਉਰਫ ਅਠੱਨੀ ਪੁੱਤਰ ਬੱਘੜ ਸਿੰਘ ਵਾਸੀ ਮੌੜ ਕਲਾਂ ਨੂੰ ਗੰਡਾਸਿਆਂ ਨਾਲ ਵੱਢ ਕੇ ਕਤਲ ਕਰ ਦਿੱਤਾ ਗਿਆ ਸੀ। ਇਸ ਸਬੰਧੀ ਪੁਲਸ ਵਲੋਂ ਦੋਸ਼ੀਆਂ ਦੀ ਭਾਲ ਕੀਤੀ ਜਾ ਰਹੀ ਸੀ। ਇਸ ਦੌਰਾਨ ਦੋਸ਼ੀ ਹਰਪ੍ਰੀਤ ਸਿੰਘ ਪੁੱਤਰ ਲਾਭ ਸਿੰਘ ਵਾਸੀ ਸੰਦੋਹਾ, ਜਸਪ੍ਰੀਤ ਸਿੰਘ ਉਰਫ ਜਸ ਪੁੱਤਰ ਜਗਜੀਤ ਸਿੰਘ ਵਾਸੀ ਬਠਿੰਡਾ, ਹਰਜੀਤ ਸਿੰਘ ਉਰਫ ਐਨਕੀ ਪੁੱਤਰ ਪਿਸ਼ੋਰਾ ਸਿੰਘ ਵਾਸੀ ਲਹਿਰੀ ਅਤੇ ਬਲਵੀਰ ਕੌਰ ਪਤਨੀ ਸੁਖਨੰਦ ਸਿੰਘ ਵਾਸੀ ਮੌੜ ਮੰਡੀ ਨੂੰ ਹਾਈਵੇਅ ਤੋਂ ਗ੍ਰਿਫਤਾਰ ਕੀਤਾ ਗਿਆ। ਉਨ੍ਹਾਂ ਕੋਲੋਂ ਵਾਰਦਾਤ ਸਮੇਂ ਵਰਤੀ ਕਾਰ ਵੀ ਬਰਾਮਦ ਕੀਤੀ ਗਈ। ਅੱਜ ਦੋਸ਼ੀਆਂ ਨੂੰ ਅਦਾਲਤ ‘ਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ ਅਤੇ ਉਨ੍ਹਾਂ ਕੋਲੋਂ ਪੁੱਛਗਿੱਛ ਦੌਰਾਨ ਵੱਡੇ ਖੁਲਾਸੇ ਹੋਣ ਦੀ ਸੰਭਾਵਨਾ ਹੈ।

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814
Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

Punjab Land of Unlimited Opportunities

ਮੁੱਖ ਮੰਤਰੀ

## ਭਗਵੰਤ ਸਿੰਘ ਮਾਨ

ਦੀ ਯੋਗ ਅਗਵਾਈ ਹੇਠ

# ਸਿਹਤ ਕ੍ਰਾਂਤੀ ਦੇ ਵਧਦੇ ਕਦਮ

# 842

## ਆਮ ਆਦਮੀ ਕਲੀਨਿਕ




# 1,70,00,000

## ਲੋਕਾਂ ਦਾ ਮੁਫ਼ਤ ਇਲਾਜ



**ਭਗਵੰਤ ਸਿੰਘ ਮਾਨ**
ਮੁੱਖ ਮੰਤਰੀ, ਪੰਜਾਬ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ




•ਡਾ. ਅਰੀਤ ਕੌਰ

# ਨਸ਼ਿਆਂ ਖਿਲਾਫ਼ ਜੰਗ ਦੀ ਰੂਪ ਰੇਖਾ

**ਭਾਰਤ ਅਤੇ ਬਹੁਤ ਸਾਰੇ ਹੋਰ ਮੁਲਕਾਂ ਨੇ ਆਪਣੇ ਆਕਾ ਦਾ ਕਹਿਣਾ ਮੰਨਦਿਆਂ ਐੱਨਡੀਪੀਐੱਸ (ਨਾਰਕੋਟਿਕ ਡਰੱਗਜ਼ ਐਂਡ ਸਾਇਕੋਟਰੋਪਿਕ ਸਬਸਟੈਂਸਜ਼) ਐਕਟ, 1985 ਵਰਗੇ ਸਖ਼ਤ ਕਾਨੂੰਨ ਬਣਾਏ। ਐੱਨਡੀਪੀਐੱਸ ਐਕਟ ਪੰਜਾਬ ਵਿੱਚ ਕਿਸ ਤਰ੍ਹਾਂ ਲਾਗੂ ਹੈ, ਇਹ ਸਮਝਣ ਲਈ 'ਵਿਧੀ ਸੈਂਟਰ ਫਾਰ ਲੀਗਲ ਪਾਲਿਸੀ' ਜੋ ਕਿ ਕਾਨੂੰਨੀ ਮਸਲਿਆਂ ਉੱਪਰ ਖੋਜ ਕਰਨ ਦੀ ਸੰਸਥਾ ਹੈ, ਨੇ 2018 ਵਿੱਚ ਇੱਕ ਰਿਪੋਰਟ ਤਿਆਰ ਕੀਤੀ। ਇਸ ਸੰਸਥਾ ਨੇ ਸੂਬੇ ਦੀਆਂ ਵਿਸ਼ੇਸ਼ ਐੱਨਡੀਪੀਐੱਸ ਅਦਾਲਤਾਂ ਵਲੋਂ ਦਿੱਤੇ ਗਏ, 13,350 ਕੇਸਾਂ ਦੇ ਫ਼ੈਸਲਿਆਂ ਦਾ ਅਧਿਐਨ ਕੀਤਾ। ਇਸ ਰਿਪੋਰਟ ਦਾ ਕਹਿਣਾ ਹੈ ਕਿ ਨਸ਼ੇ ਦੇ ਸੇਵਨ ਕਰਨ ਮਾਤਰ ਨੂੰ ਅਪਰਾਧ ਨਹੀਂ ਗਿਣਿਆ ਜਾਣਾ ਚਾਹੀਦਾ।**

ਨਸ਼ੇ ਕਿਸੇ ਨਾ ਕਿਸੇ ਰੂਪ ਵਿੱਚ ਸਦੀਆਂ ਤੋਂ ਮਨੁੱਖ ਦੇ ਨਾਲ ਰਹੇ ਹਨ। ਨਸ਼ਿਆਂ ਦਾ ਜ਼ਿਕਰ ਪੁਰਾਤਨ ਧਰਮ ਗ੍ਰੰਥਾਂ ਵਿੱਚ ਵੀ ਮਿਲਦਾ ਹੈ। ਕੁਝ ਨਸ਼ਿਆਂ ਦੀ ਵਰਤੋਂ ਵਿਰੁੱਧ ਕਿਸੇ ਖ਼ਾਸ ਧਰਮ ਵਿੱਚ ਮਨਾਹੀ ਵੀ ਹੈ। ਅਫ਼ੀਮ ਤੇ ਭੰਗ ਦਾ ਬੂਟਾ ਸਥਾਨਕ ਉਪਜ ਵੀ ਸਨ। ਸ਼ੁੱਧ ਅਫ਼ੀਮ ਰੱਜਿਆਂ-ਪੁੱਜਿਆਂ ਦਾ ਨਸ਼ਾ ਸੀ ਅਤੇ ਭੁੱਕੀ, ਭੰਗ ਵਗੈਰਾ ਆਮ ਬੰਦੇ ਵਰਤਦੇ ਸਨ। ਕਈ ਤਿਉਹਾਰਾਂ 'ਤੇ ਭੰਗ ਦਾ ਸੇਵਨ ਕਰਨਾ, ਸਮਾਜ ਵਿੱਚ ਪ੍ਰਵਾਨਿਤ ਹੈ। ਕਈ ਤਰ੍ਹਾਂ ਦੇ ਸਾਧੂ ਵੀ ਭੰਗ, ਚਰਸ ਆਦਿ ਦੀ ਖੁੱਲ੍ਹੇਆਮ ਵਰਤੋਂ ਕਰਦੇ ਹਨ। ਇਸੇ ਤਰ੍ਹਾਂ ਹਰ ਵਿਆਹ-ਸ਼ਾਦੀ/ਖ਼ੁਸ਼ੀ ਮੌਕੇ ਪੰਜਾਬ ਵਿੱਚ ਸ਼ਰਾਬ ਵਰਤਾਈ ਜਾਂਦੀ ਹੈ ਅਤੇ ਇਸ ਨੂੰ ਆਮ ਤੌਰ 'ਤੇ ਖ਼ਾਤਰਦਾਰੀ ਵਜੋਂ ਹੀ ਲਿਆ ਜਾਂਦਾ ਹੈ। ਸਭ ਜਾਣਦੇ ਹਨ ਕਿ ਸ਼ਰਾਬ ਪੀਣ ਵਾਲਾ ਹਰ ਵਿਅਕਤੀ 'ਸ਼ਰਾਬੀ' ਜਾਂ ਆਦੀ ਨਹੀਂ ਹੈ। ਜ਼ਿਆਦਾਤਰ ਲੋਕ ਹੱਦ ਵਿੱਚ ਰਹਿ ਕੇ ਹੀ ਸ਼ਰਾਬ ਪੀਂਦੇ ਹਨ। ਸ਼ਰਾਬ ਪੀ ਕੇ ਵਾਹਨ ਚਲਾਉਣਾ ਜਾਂ ਜਨਤਕ ਸਥਾਨ 'ਤੇ ਖੁੱਲ੍ਹੇਆਮ ਸ਼ਰਾਬ ਪੀਣਾ ਕਾਨੂੰਨੀ ਜੁਰਮ ਜ਼ਰੂਰ ਹੈ।

ਸ਼ਰਾਬ, ਤੰਬਾਕੂ, ਅਫ਼ੀਮ, ਭੰਗ ਅਤੇ ਕੋਕੀਨ ਆਦਿ ਸਾਰੇ ਹੀ ਨਸ਼ੇ ਇਨਸਾਨ ਲਈ ਹਾਨੀਕਾਰਕ ਹਨ। ਇਹ ਐਡਿਕਸ਼ਨ ਮਤਲਬ ਬੰਦੇ ਨੂੰ ਨਸ਼ੇ ਦੇ ਆਦੀ ਕਰਨ ਦੀ ਸਮਰੱਥਾ ਰੱਖਦੇ ਹਨ। ਪਰ ਨਸ਼ਿਆਂ ਵਿਰੁੱਧ ਅਮਰੀਕਾ ਦੀ ਸੁਝਾਈ ਅਤੇ ਯੂਐੱਨ (ਸੰਯੁਕਤ ਰਾਸ਼ਟਰ) ਵੱਲੋਂ ਵਿੱਢੀ ਗਈ ਨਸ਼ਿਆਂ ਵਿਰੁੱਧ ਜੰਗ (1961-1988) ਹਰ ਕਿਸਮ ਦੇ ਨਸ਼ੇ ਵਿਰੁੱਧ ਨਹੀਂ ਸੀ। ਤੰਬਾਕੂ ਅਤੇ ਸ਼ਰਾਬ ਸਿਹਤ ਲਈ ਬਹੁਤ ਹਾਨੀਕਾਰਕ ਹਨ ਜਿਨ੍ਹਾਂ ਨੂੰ ਇਸ ਜੰਗ ਦੌਰਾਨ ਦੁਸ਼ਮਣ ਨਹੀਂ ਮੰਨਿਆ ਗਿਆ। ਇਹ ਜੰਗ ਅਫ਼ੀਮ, ਭੰਗ ਅਤੇ ਕੋਕੀਨ ਵਿਰੁੱਧ ਸੀ। ਇੱਥੇ ਇਹ ਭੁੱਲਣਾ ਨਹੀਂ ਚਾਹੀਦਾ ਕਿ ਤੰਬਾਕੂ ਅਤੇ ਸ਼ਰਾਬ ਦੀਆਂ ਵੱਡੀਆਂ ਕੰਪਨੀਆਂ ਪੱਛਮੀ ਮੁਲਕਾਂ ਵਿੱਚ ਹਨ ਜਦੋਂਕਿ ਅਫ਼ੀਮ, ਭੰਗ ਅਤੇ ਕੋਕੀਨ ਦੇ ਪੈਦਾਵਾਰੀ ਮੁਲਕ ਜ਼ਿਆਦਾਤਰ ਇਨ੍ਹਾਂ ਅਮੀਰ ਦੇਸ਼ਾਂ ਦੀਆਂ ਸਾਬਕਾ ਬਸਤੀਆਂ ਹਨ। ਬਰਤਾਨੀਆ ਇੱਕ ਸਦੀ ਤੋਂ ਵੱਧ ਸਮਾਂ ਹਿੰਦੋਸਤਾਨੀ ਬਰੇ-ਸਗ਼ੀਰ ਵਿੱਚ ਪੈਦਾ ਹੋਈ ਅਫ਼ੀਮ ਦਾ ਸੌਦਾਗਰ ਰਿਹਾ। ਹੁਣ ਇਨ੍ਹਾਂ ਨਸ਼ਿਆਂ ਦੇ ਕਾਰੋਬਾਰ ਵਿੱਚ ਅਮੀਰ ਮੁਲਕਾਂ ਨੂੰ ਕੋਈ ਫ਼ਾਇਦਾ ਮਿਲਣ ਵਾਲਾ ਨਹੀਂ ਸੀ ਸਗੋਂ ਇਨ੍ਹਾਂ ਮੁਲਕਾਂ, ਖ਼ਾਸ ਤੌਰ 'ਤੇ ਅਮਰੀਕਾ ਵਿੱਚ ਵੱਡੀ ਗਿਣਤੀ 'ਚ ਲੋਕ ਨਸ਼ਿਆਂ ਦੇ ਆਦੀ ਬਣ ਰਹੇ ਸਨ।

ਭਾਰਤ ਅਤੇ ਬਹੁਤ ਸਾਰੇ ਹੋਰ ਮੁਲਕਾਂ ਨੇ ਆਪਣੇ ਆਕਾ ਦਾ ਕਹਿਣਾ ਮੰਨਦਿਆਂ ਐੱਨਡੀਪੀਐੱਸ (ਨਾਰਕੋਟਿਕ ਡਰੱਗਜ਼ ਐਂਡ ਸਾਇਕੋਟਰੋਪਿਕ ਸਬਸਟੈਂਸਜ਼) ਐਕਟ, 1985 ਵਰਗੇ ਸਖ਼ਤ ਕਾਨੂੰਨ ਬਣਾਏ। ਐੱਨਡੀਪੀਐੱਸ ਐਕਟ ਪੰਜਾਬ ਵਿੱਚ ਕਿਸ ਤਰ੍ਹਾਂ ਲਾਗੂ ਹੈ, ਇਹ ਸਮਝਣ ਲਈ 'ਵਿਧੀ ਸੈਂਟਰ ਫਾਰ ਲੀਗਲ ਪਾਲਿਸੀ' ਜੋ ਕਿ ਕਾਨੂੰਨੀ ਮਸਲਿਆਂ ਉੱਪਰ ਖੋਜ ਕਰਨ ਦੀ ਸੰਸਥਾ ਹੈ, ਨੇ 2018 ਵਿੱਚ ਇੱਕ ਰਿਪੋਰਟ ਤਿਆਰ ਕੀਤੀ। ਇਸ ਸੰਸਥਾ ਨੇ ਸੂਬੇ ਦੀਆਂ ਵਿਸ਼ੇਸ਼ ਐੱਨਡੀਪੀਐੱਸ ਅਦਾਲਤਾਂ ਵਲੋਂ ਦਿੱਤੇ ਗਏ, 13,350 ਕੇਸਾਂ ਦੇ ਫ਼ੈਸਲਿਆਂ ਦਾ ਅਧਿਐਨ ਕੀਤਾ। ਇਸ ਰਿਪੋਰਟ ਦਾ ਕਹਿਣਾ ਹੈ ਕਿ ਨਸ਼ੇ ਦੇ ਸੇਵਨ ਕਰਨ ਮਾਤਰ ਨੂੰ ਅਪਰਾਧ ਨਹੀਂ ਗਿਣਿਆ ਜਾਣਾ ਚਾਹੀਦਾ। ਕਿਸੇ ਵਿਅਕਤੀ ਤੋਂ ਥੋੜ੍ਹੀ ਜਾਂ ਦਰਮਿਆਨੀ ਮਾਤਰਾ ਵਿੱਚ ਡਰੱਗ ਫੜੇ ਜਾਣ ਤੇ ਜੇਕਰ ਉਹ ਵਿਅਕਤੀ ਖ਼ੁਦ ਵੀ ਨਸ਼ੇ ਦਾ ਆਦੀ ਹੈ ਤਾਂ ਉਸ ਨੂੰ ਨਸ਼ਾ ਛੁਡਾਊ ਇਲਾਜ ਕਰਵਾਉਣ ਲਈ ਪ੍ਰੇਰਿਤ ਕੀਤਾ ਜਾਣਾ ਚਾਹੀਦਾ ਹੈ ਕਿਉਂ ਜੋ ਐੱਨਡੀਪੀਐੱਸ ਐਕਟ ਦੀ ਧਾਰਾ 64A ਤਹਿਤ ਇਹ ਉਪਬੰਦ ਮੌਜੂਦ ਹੈ। ਪਰ ਅੱਜ ਤੱਕ ਕਿਸੇ ਵਿਸ਼ੇਸ਼ ਐੱਨਡੀਪੀਐੱਸ ਅਦਾਲਤ ਨੇ ਇਸ ਦਾ ਲਾਭ ਇੱਕ ਵੀ ਵਿਅਕਤੀ ਨੂੰ ਨਹੀਂ ਦਿੱਤਾ। ਪੰਜਾਬ ਦੀਆਂ ਜੇਲ੍ਹਾਂ ਵਿੱਚ ਬੰਦ ਕੁੱਲ ਕੈਦੀਆਂ ਵਿੱਚੋਂ 42 ਫ਼ੀਸਦੀ ਸਿਰਫ਼ ਇੱਕੋ ਕਾਨੂੰਨ ਯਾਨੀ ਐੱਨਡੀਪੀਐੱਸ ਐਕਟ ਅਧੀਨ ਗ੍ਰਿਫ਼ਤਾਰ ਕੀਤੇ ਗਏ ਹਨ। ਵਿਧੀ ਦੀ ਰਿਪੋਰਟ ਐੱਨਡੀਪੀਐੱਸ ਕਾਨੂੰਨ ਨੂੰ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੂੰ ਆਦੀ ਤੋਂ ਕੈਦੀ (Addict to Convict) ਬਣਾਉਣ ਦਾ ਜ਼ਿੰਮੇਵਾਰ ਮੰਨਦੀ ਹੈ। ਇਸ ਕਾਨੂੰਨ ਅਧੀਨ ਪੁਲੀਸ ਨੂੰ ਮਿਲੀ ਅੰਨ੍ਹੀ ਤਾਕਤ ਦੀ ਦੁਰਵਰਤੋਂ ਕਿਸ ਤਰ੍ਹਾਂ ਹੋ ਸਕਦੀ ਹੈ, ਇਸ ਦੀ ਉਦਾਹਰਣ ਅੱਜਕੱਲ੍ਹ ਸੁਰਖ਼ੀਆਂ ਬਣੇ ਰਹੇ ਬਰਖ਼ਾਸਤ ਏਆਈਜੀ ਅਤੇ ਕਥਿਤ ਪੁਲੀਸ ਇੰਸਪੈਕਟਰ ਦੇ ਕੇਸ ਤੋਂ ਮਿਲਦੀ ਹੈ। ਇੱਥੇ ਧਿਆਨ ਦੇਣ ਯੋਗ ਤੱਥ ਇਹ ਵੀ ਹੈ ਕਿ ਇਸ ਕਾਨੂੰਨ ਅਧੀਨ ਨਜ਼ਰਬੰਦ ਕੈਦੀਆਂ ਦੀ ਬਹੁਗਿਣਤੀ 40 ਸਾਲ ਤੋਂ ਘੱਟ ਉਮਰ ਦੇ ਵਿਅਕਤੀ ਹਨ ਜੋ ਗ਼ਰੀਬ ਘਰਾਂ ਤੋਂ ਹਨ ਅਤੇ ਖ਼ੁਦ ਵੀ ਨਸ਼ੇ ਦੇ ਆਦੀ ਹਨ। ਦੇਸ਼ ਵਿੱਚ ਐੱਨਡੀਪੀਐੱਸ ਕਾਨੂੰਨ ਲਾਗੂ ਕਰਨ ਵੇਲੇ ਇਸ ਦਾ ਮਕਸਦ ਇਹ ਸੀ ਕਿ ਇੱਕ ਸਖ਼ਤ ਕਾਨੂੰਨ, ਜਿਸ ਤਹਿਤ ਗ੍ਰਿਫ਼ਤਾਰ ਹੋਣ 'ਤੇ ਜ਼ਮਾਨਤ ਮਿਲਣਾ ਵੀ ਔਖਾ ਹੋਵੇ, ਲੋਕਾਂ ਵਿੱਚ ਡਰ ਪੈਦਾ ਕਰੇਗਾ ਅਤੇ ਉਹ ਨਸ਼ਾ ਕਰਨ ਤੇ ਇਸ ਦੇ ਵਪਾਰ ਤੋਂ ਪਿੱਛੇ ਹਟਣਗੇ। ਇਸ ਕਾਨੂੰਨ ਦਾ ਦੂਜਾ ਮਕਸਦ ਵੱਧ ਤੋਂ ਵੱਧ ਵਿਅਕਤੀਆਂ ਨੂੰ ਨਸ਼ਾ ਛੱਡਣ ਲਈ ਪ੍ਰੇਰਿਤ ਕਰਨਾ ਸੀ। ਇਹ ਕਬੂਲ ਕਰਨ ਦਾ ਸਮਾਂ ਆ ਗਿਆ ਹੈ ਕਿ ਇਹ ਕਾਨੂੰਨ ਆਪਣੇ ਦੋਵੇਂ ਮਕਸਦ ਹਾਸਿਲ ਕਰਨ ਵਿੱਚ ਨਾਕਾਮ ਰਿਹਾ ਹੈ। ਇਸ ਕਾਨੂੰਨ ਕਰਕੇ ਇੱਕ ਪਾਸੇ ਪੰਜਾਬ ਦੀ ਜਵਾਨੀ ਆਦੀ ਤੋਂ ਕੈਦੀ ਤੇ ਮੁਜਰਮ ਬਣੀ ਅਤੇ ਦੂਜੇ ਪਾਸੇ ਡਰੱਗ ਮਾਫ਼ੀਏ ਨੇ ਇਸ ਕਾਰੋਬਾਰ ਰਾਹੀਂ ਅੰਨ੍ਹੀ ਕਮਾਈ ਕੀਤੀ। ਨਸ਼ਾ ਗ਼ੈਰਕਾਨੂੰਨੀ ਹੋਣ ਕਾਰਨ ਇਸ ਵਿੱਚ ਕੀਤੀ ਮਿਲਾਵਟ 'ਤੇ ਕੋਈ ਰੋਕ ਨਹੀਂ ਹੈ। ਚਿੱਟੇ ਵਿੱਚ ਟੈਲਕਮ ਪਾਊਡਰ ਵੀ ਹੋ ਸਕਦਾ ਹੈ ਅਤੇ ਇਸ ਨੂੰ ਤਿੱਖਾ ਕਰਨ ਲਈ ਕੋਈ ਖ਼ਤਰਨਾਕ ਰਸਾਇਣ ਵੀ ਰਲਾਇਆ ਹੋ ਸਕਦਾ ਹੈ।

ਇਸ ਵਕਤ ਦੁਨੀਆ ਦੇ ਬਹੁਤ ਸਾਰੇ ਮੁਲਕ ਚਰਸ/ਸੁਲਫ਼ੇ (Marijuana) ਦੇ ਸੇਵਨ ਨੂੰ ਗ਼ੈਰ-ਅਪਰਾਧਕ ਨਸ਼ਾ ਮੰਨਣ ਦੇ ਰਾਹ ਪੈ ਚੁੱਕੇ ਹਨ। ਮਨੋਰੋਗ ਮਾਹਿਰ, ਡਾ. ਅਨਿਰੁੱਧ ਕਾਲਾ ਵੱਲੋਂ ਲਿਖੀ ਅਤੇ ਹਾਲ ਵਿੱਚ ਹੀ ਛਪੀ ਪੁਸਤਕ 'Most of What You Know About Addiction is Wrong' ਨਸ਼ਿਆਂ ਸਬੰਧੀ ਬਹੁਤ ਗੰਭੀਰ ਅਤੇ ਮਹੱਤਵਪੂਰਨ ਸਵਾਲ ਉਠਾਉਂਦੀ ਹੈ। ਇਹ ਕਿਤਾਬ ਦੇਸ਼ ਅਤੇ ਖ਼ਾਸ ਤੌਰ 'ਤੇ ਪੰਜਾਬ



# ਸਾਹਿਤ, ਸੂਝ ਤੇ ਭਵਿੱਖ ਦੀਆਂ ਸੂਹਜ ਭਰਪੂਰ ਪਗਡੰਡੀਆਂ

ਕੇਹਰ ਸ਼ਰੀਫ਼

**ਸਾਹਿਤ ਵੀ ਕਈ ਤਰ੍ਹਾਂ ਦਾ ਹੈ ਧਾਰਮਿਕ ਵਿਸ਼ਿਆਂ ਬਾਰੇ ਲਿਖਤਾਂ ਹਨ, ਸਮਾਜਿਕ ਮਸਲਿਆਂ ਨੂੰ ਹੰਘਾਲਦੀਆਂ ਲਿਖਤਾਂ ਹਨ, ਰਾਜਨੀਤਕ ਤੇ ਆਰਥਿਕ ਫਲਸਫ਼ਿਆਂ ਦਾ ਵਿਖਿਆਨ ਕਰਨ ਵਾਲਾ ਸਾਹਿਤ, ਤਰਕਸ਼ੀਲ ਸਾਹਿਤ, ਤਕਨੀਕੀ ਗਿਆਨ, ਵਿਗਿਆਨ ਜਾਂ ਫਿਰ ਹੋਰ ਹਰ ਕਿਸਮ ਦੇ ਵਿਸ਼ਿਆਂ ਬਾਰੇ। ਕਿਤਾਬਾਂ ਦੀਆਂ ਵੱਡੀਆਂ ਦੁਕਾਨਾਂ ਵਿੱਚ ਜਾਉ ਤਾਂ ਲੱਖਾਂ ਕਿਤਾਬਾਂ ਦੇ ਦਰਸ਼ਨ ਹੁੰਦੇ ਹਨ, ਲਾਇਬ੍ਰੇਰੀਆਂ ਵਿੱਚ ਜਾਉ ਤਾਂ ਮਿਲੀਅਨਾਂ ਦੇ ਹਿਸਾਬ ਨਾਲ ਕਿਤਾਬਾਂ ਪਾਠਕਾਂ ਦੀ ਉਡੀਕ ਕਰਦੀਆਂ ਪਈਆਂ ਹਨ।**

ਹਰ ਸਮਾਜ ਦੇ ਆਪਣੇ ਮਸਲੇ ਅਤੇ ਆਪਣੇ ਸਰੋਕਾਰ ਹਨ। ਇਹ ਹੀ ਮਸਲੇ ਸੰਵੇਦਨਸ਼ੀਲ ਜਾਂ ਕਹੀਏ ਜਾਗਦੇ ਮਨੁੱਖ ਨੂੰ ਵੀ ਹਲੂਣਦੇ ਹਨ ਕਿ ਉਹ ਅਨੁਭਵ ਰਾਹੀਂ ਆਪਣੇ ਪੱਲੇ ਬੰਨ੍ਹੀ ਅਕਲ ਨੂੰ ਆਪਣੇ ਲੋਕਾਂ ਤੱਕ ਪਹੁੰਚਾਵੇ ਜਿਸ ਨਾਲ ਸਾਰੇ ਸਮਾਜ ਦਾ ਭਲਾ ਹੋ ਸਕੇ। ਇਸ ਤਰ੍ਹਾਂ ਦਾ ਪੜ੍ਹਨ-ਲਿਖਣ ਦੇ ਰਾਹ ਪਿਆ ਮਨੁੱਖ ਸਹਿਜੇ ਸਹਿਜੇ ਦੂਈ-ਦਵੈਤ ਤੇ ਕਿਸੇ ਵੀ ਕਿਸਮ ਦੇ ਵਿਤਕਰਿਆਂ ਤੋਂ ਰਹਿਤ ਹੋ ਜਾਂਦਾ ਹੈ। ਉਹਦੇ ਵਾਸਤੇ ਤਾਂ ਸਾਰਾ ਹੀ ਪਿੰਡ ਮਿੱਤਰਾਂ ਦਾ ਹੁੰਦਾ ਹੈ। ਉਸ ਦੇ ਅੰਦਰ ਨਫ਼ਰਤ ਦਾ ਨਾਸ਼ ਹੁੰਦਾ ਹੈ ਤੇ ਉਹ ਸਰਬੱਤ ਦੇ ਭਲੇ ਦੀ ਸੋਚ ਦਾ ਲੜ ਫੜ ਲੈਂਦਾ ਹੈ। ਇਸ ਸੋਚ ਦੇ ਲੜ ਲੱਗਿਆ ਮਨੁੱਖ ਥਿੜਕਦਾ ਵੀ ਨਹੀਂ, ਡਰਦਾ ਤੇ ਡਰਾਉਂਦਾ ਵੀ ਨਹੀਂ। ਉਹ ਆਪਣੇ ਸੁਪਨਿਆਂ 'ਚ ਸਿਰਜੇ ਸੰਸਾਰ ਨੂੰ ਹਕੀਕਤ ਬਣਦੇ ਵੇਖਣ ਵਾਸਤੇ ਆਪਣੀ ਜ਼ਿੰਦਗੀ ਸਮਰਪਿਤ ਕਰ ਦਿੰਦਾ ਹੈ ਅਤੇ ਆਪਣੇ ਆਪ ਨੂੰ ਸਾਹਿਤ ਦਾ ਸਿਪਾਹੀ ਸਮਝਣ ਲੱਗਦਾ ਹੈ।

ਹੁਣ ਹਰ ਕੋਈ ਸਵਾਲ ਕਰੇਗਾ ਕਿ ਸਾਹਿਤ ਦਾ ਸਮਾਜ ਨਾਲ ਕੀ ਰਿਸ਼ਤਾ ਹੁੰਦਾ ਹੈ? ਜਵਾਬ ਵੀ ਬੜਾ ਸਿੱਧਾ ਜਿਹਾ ਹੀ ਹੈ ਕਿ ਸਾਹਿਤ ਨਾ ਹੋਵੇ ਤਾਂ ਸਮਾਜ ਬੜਾ ਹੀ ਨੀਰਸ ਹੋਵੇਗਾ। ਸਾਹਿਤ ਮਨਪ੍ਰਚਾਵੇ ਦਾ ਸਾਧਨ ਹੈ। ਇਸ ਦੇ ਨਾਲ ਹੀ ਸਮਾਜਿਕ ਤਬਦੀਲੀ ਦਾ ਹਥਿਆਰ ਵੀ ਹੈ। ਇਸ ਸਭ ਕਾਸੇ ਦਾ ਮਨੁੱਖੀ ਇਤਿਹਾਸਕ ਵਿਕਾਸ ਵੀ ਗਵਾਹ ਹੈ। ਕਦੇ ਰਾਜੇ ਰਾਣੀਆਂ ਦੀਆਂ ਕਹਾਣੀਆਂ ਹੀ ਲੋਕਾਂ ਦੇ ਮਨਾਂ ਦਾ ਢਾਰਸ ਬਣਦੀਆਂ ਸਨ। ਫਿਰ ਉਹ ਯੁੱਗ ਬੀਤਣ ਤੋਂ ਬਾਅਦ ਲੋਕ ਸ਼ਾਮ ਵੇਲੇ ਆਪਣੇ ਕੰਮਾਂ-ਕਾਰਾਂ ਤੋਂ ਵਿਹਲੇ ਹੋ ਕੇ ਪਿੰਡਾਂ ਦੀਆਂ ਸੱਥਾਂ ਵਿੱਚ ਢਾਣੀਆਂ ਬਣਾ ਕੇ ਬੈਠਦੇ ਅਤੇ ਇਨ੍ਹਾਂ ਸੱਥਾਂ ਵਿੱਚ ਲੋਕ ਕਥਾਵਾਂ ਸੁਣਾਈਆਂ ਵੀ ਜਾਂਦੀਆਂ ਸਨ ਤੇ ਗਾਈਆਂ ਵੀ ਜਾਂਦੀਆਂ ਸਨ। ਇਹੋ ਸੱਥਾਂ ਪਹਿਲ ਪਲੱਕੜੇ ਬੀਜ ਹੁੰਦੀਆਂ ਹਨ ਸਾਹਿਤ ਦੇ ਜਨਮਣ ਤੋਂ ਪਨਪਣ ਤੱਕ ਦੀਆਂ। ਇਸੇ ਤਰ੍ਹਾਂ ਬੀਤੇ ਸਮੇਂ ਅੰਦਰ ਸੌਣ ਤੋਂ ਪਹਿਲਾਂ ਦਾਦੇ ਦਾਦੀ ਵੱਲੋਂ ਬੱਚਿਆਂ ਦੇ ਮਨ ਪ੍ਰਚਾਉਣ ਲਈ ਮਨ ਪ੍ਰਚਾਵੇ ਵਾਲੀਆਂ ਸਿੱਖਿਆਦਾਇਕ ਬਾਤਾਂ ਵੀ ਸੁਣਾਈਆਂ ਜਾਂਦੀਆਂ ਸਨ। ਇਹ ਅਣਜਾਣੇ ਵਿੱਚ ਹੀ, ਅਛੋਪਲੇ ਜਹੇ ਬੱਚਿਆਂ ਦੇ ਮਨ ਅੰਦਰ ਸਾਹਿਤ ਵੱਲ ਜਾਣ ਦੀ ਪ੍ਰੇਰਨਾ ਬਣਦੇ ਸਨ, ਪਰ ਇਸ ਦਾ ਬੜੀ ਦੇਰ ਬਾਅਦ ਪਤਾ ਲੱਗਦਾ ਸੀ। ਵਡੇਰਿਆਂ ਵੱਲੋਂ ਇਹ ਸਾਰੀ ਸਹਿਵਣ ਹੀ ਮਿਲਦੀ ਜੀਵਨ ਜਾਚ ਅੱਜ ਦੇ ਸਮੇਂ ਪਿੰਡਾਂ ਵਿੱਚੋਂ ਅਲੋਪ ਹੋ ਗਈ ਹੈ। ਹੁਣ ਨਾ ਤਾਂ ਪਹਿਲਾਂ ਵਰਗੀ ਜ਼ਿੰਦਗੀ ਦੀ ਤੋਰ ਹੈ, ਨਾ ਹੀ ਪਹਿਲਾਂ ਵਰਗੀ ਵਿਹਲ ਹੈ, ਨਾ ਹੀ ਪਹਿਲਾਂ ਵਰਗੀ ਅਪਣੱਤ ਜਾਂ ਆਪਸੀ ਸਾਂਝ ਹੈ। ਬਦਲੇ ਸਮੇਂ ਨੇ ਲੋਕਾਂ ਕੋਲੋਂ ਪਹਿਲਾਂ ਵਰਗੀ ਬੇਪਰਵਾਹੀ ਵਾਲਾ ਵਕਤ ਖੋਹ ਲਿਆ ਹੈ ਤੇ ਫ਼ਿਕਰਮੰਦੀਆਂ ਹੱਥ ਫੜਾ ਦਿੱਤੀਆਂ ਹਨ। ਹੁਣ ਵਕਤ ਦੇ ਬਦਲਣ ਨਾਲ ਭਾਵ ਕਿ ਜ਼ਿੰਦਗੀ ਜਿਊਣ ਦਾ ਤਰੀਕਾ ਹੀ ਬਦਲ ਗਿਆ ਹੈ, ਜਦੋਂ ਨਵੀਂ ਜੀਵਨ ਜਾਚ ਕਰਕੇ ਜ਼ਿੰਦਗੀ ਦਾ ਤਰੀਕਾ ਬਦਲ ਜਾਵੇ ਤਾਂ ਲੋਕਾਂ ਦੇ ਆਪਸੀ ਵਿਹਾਰ, ਮੇਲ ਮਿਲਾਪ ਦਾ ਸਲੀਕਾ ਵੀ ਬਦਲ ਜਾਂਦਾ ਹੈ। ਇਸੇ ਨੂੰ ਹੀ ਸ਼ਾਇਦ ਆਧੁਨਿਕਤਾ ਦਾ ਨਾਂ ਦਿੱਤਾ ਜਾਂਦਾ ਹੈ। 'ਆਧੁਨਿਕ' ਹੋਇਆ ਮਨੁੱਖ ਸਭ ਤੋਂ ਪਹਿਲਾਂ ਆਪਣੇ ਅਤੀਤ ਨਾਲੋਂ ਆਪਣਾ ਨਾਤੁਆ ਤੋੜਨ ਦਾ ਭਰਮ ਪਾਲਦਾ ਹੈ। ਇਸ ਰਾਹੇ ਤੁਰਨ ਲੱਗਿਆਂ ਉਸ ਨੂੰ ਪਤਾ ਹੀ ਨਹੀਂ ਲੱਗਦਾ ਕਿ ਜਿਹੜੇ ਰਾਹ ਉਹ ਤੁਰਨ ਦਾ ਯਤਨ ਕਰ ਰਿਹਾ ਹੈ ਉਹ ਜਾਂਦਾ ਕਿੱਧਰ ਹੈ? ਪਰ ਬੇਬਸੀ ਦਾ ਆਲਮ ਕਿ ਹੋਰਨਾਂ ਦੀ ਰੀਸੇ ਉਹ ਵੀ ਮਗਰ ਹੀ ਘੜੀਸਿਆ ਤੁਰਿਆ ਚਲਿਆ ਜਾਂਦਾ ਹੈ। ਇਹ ਬਹੁਤ ਹੀ ਚਿੰਤਾ ਭਰਪੂਰ ਅਤੇ ਪੀੜਦਾਇਕ ਸਥਿਤੀ ਹੁੰਦੀ ਹੈ। ਬੱਸ! ਵਾਹ ਪਿਆ ਜਾਣੀਏਂ ਜਾਂ ਰਾਹ ਪਿਆ ਜਾਣੀਏ ਵਾਲੀ ਕਹਾਵਤ ਹੀ ਇੱਥੇ ਚੇਤੇ ਕੀਤੀ ਜਾ ਸਕਦੀ ਹੈ।

ਸਾਹਿਤ ਜ਼ਿੰਦਗੀ ਅੰਦਰ ਸੁਹਜ ਪੈਦਾ ਕਰਦਾ ਹੈ, ਜਿਊਣ ਨੂੰ ਤਰੀਕਾਬੱਧ, ਤੇ ਸਲੀਕਾਬੱਧ ਵੀ ਕਰਦਾ ਹੈ, ਅਨੁਸ਼ਾਸਨ ਸਿਖਾਉਂਦਾ ਹੈ, ਨਿਮਰਤਾ ਤੇ ਸਹਿਣਸ਼ੀਲਤਾ ਵੀ। ਕਿਸੇ ਦੂਸਰੇ ਨਾਲ ਗੱਲਬਾਤ ਕਰਨ ਦਾ ਅਪਣੱਤ ਤੇ ਮੋਹ ਭਰਿਆ ਸੰਵਾਦੀ ਤਰੀਕਾ/ਰਾਹ ਵੀ ਸਿਖਾਉਂਦਾ ਹੈ ਤੇ ਸਲੀਕਾ ਵੀ। ਚੀਜ਼ਾਂ-ਵਸਤਾਂ, ਮਸਲਿਆਂ ਤੇ ਸਮਾਜ ਦੇ ਵੱਖੋ ਵੱਖ ਵਰਤਾਰਿਆਂ ਨੂੰ ਨਿਰਖਣ-ਪਰਖਣ ਭਾਵ ਰਿੜਕਣ ਦਾ ਤਰਕ ਆਧਾਰਿਤ ਗੁਣ ਵੀ ਸਾਡੇ ਅੰਦਰ ਪੈਦਾ ਕਰਦਾ ਹੈ। ਸਾਹਿਤ ਸਾਡੇ ਕੋਲ ਹੋਰ ਸੰਚਾਰ ਸਾਧਨਾਂ ਦੇ ਨਾਲ ਹੀ ਕਿਤਾਬਾਂ ਰਾਹੀਂ ਵੀ ਪਹੁੰਚਦਾ ਹੈ। ਇਸ ਕਰਕੇ ਪਹਿਲਾਂ ਕਿਤਾਬਾਂ ਸਾਡੇ ਸੁਭਾਅ ਦਾ ਪੱਕਾ ਅੰਗ ਜਾਂ ਸਾਡੀ ਆਦਤ ਦਾ ਜ਼ਰੂਰੀ ਹਿੱਸਾ ਹੋਣੀਆਂ ਚਾਹੀਦੀਆਂ ਹਨ। ਸਾਡੇ ਕੋਲ ਕਿਤਾਬਾਂ ਵਰਗਾ ਕੋਈ ਹੋਰ ਦੋਸਤ ਨਹੀਂ ਹੁੰਦਾ ਜੋ ਬਿਨਾ ਸਾਥੋਂ ਕੁਝ ਲਿਆਂ ਬਹੁਤ ਕੁਝ ਦੇ ਜਾਵੇ। ਇਹ ਸਾਡੀ ਜ਼ਿੰਦਗੀ ਦਾ ਰੁਖ਼ ਹੀ ਬਦਲ ਦਿੰਦੀਆਂ ਹਨ। ਸ਼ਰਤ ਇਹ ਵੀ ਹੈ ਕਿ ਕਿਤਾਬਾਂ ਸਾਡੇ ਨਿੱਤ ਦੇ ਵਿਹਾਰ ਵਿੱਚ ਸ਼ਾਮਲ ਹੋਣ। ਕੁਝ ਕੁ ਲੋਕਾਂ ਨੂੰ ਸ਼ਾਇਦ ਇਹ ਗੱਲ ਦਰੁਸਤ ਨਾ ਲੱਗੇ, ਪਰ ਹੈ ਸੱਚ ਕਿ ਕਿਤਾਬਾਂ ਵਰਗਾ ਨਸ਼ਾ ਵੀ ਕਿਸੇ ਹੋਰ ਥਾਉਂ ਨਹੀਂ ਮਿਲ ਸਕਦਾ। ਲੋੜ ਹੈ ਇਸ ਨਸ਼ੇ ਜਾਂ ਕਹੀਏ ਆਦਤ ਦੇ ਲੜ ਲੱਗਣ ਦੀ।

ਪਹਿਲਾਂ ਇਹ ਸਵਾਲ ਪੈਦਾ ਹੁੰਦਾ ਹੈ ਕਿ ਕਿਤਾਬਾਂ ਪੜ੍ਹੀਆਂ ਕਿਹੜੀਆਂ ਜਾਣ? ਫ਼ੈਸਲਾ ਹਰ ਕਿਸੇ ਦੇ ਆਪਣੇ ਹੱਥ ਹੁੰਦਾ ਹੈ, ਇਸ ਬਾਰੇ ਜਾਣਕਾਰ ਦੂਸਰੇ ਲੋਕਾਂ ਅਤੇ ਸਾਹਿਤ ਦੇ ਖੇਤਰ ਅੰਦਰ ਵਿਚਰਨ ਵਾਲੇ ਮਿੱਤਰਾਂ-ਦੋਸਤਾਂ ਤੋਂ ਪੁੱਛਿਆ ਜਾਂ ਸਲਾਹ ਲਈ ਜਾ ਸਕਦੀ ਹੈ। ਇਹ ਪੱਕਾ ਹੈ ਕਿ ਚੰਗੀਆਂ ਕਿਤਾਬਾਂ ਪੜ੍ਹਨ ਤੋਂ ਬਾਅਦ ਹਰ ਵਿਅਕਤੀ ਦਾ ਸਮਾਜ ਅੰਦਰਲੀਆਂ ਸਮੱਸਿਆਵਾਂ ਨੂੰ ਦੇਖਣ, ਵਿਚਾਰਨ ਦਾ ਦ੍ਰਿਸ਼ਟੀਕੋਣ ਬਦਲ ਜਾਂਦਾ ਹੈ ਅਤੇ ਨਜ਼ਰੀਆ ਹਾਂ ਪੱਖੀ ਤੇ ਉਸਾਰੂ ਹੋ ਜਾਂਦਾ ਹੈ ਜੋ ਹਿੰਸਾ ਰਹਿਤ ਸਮਾਜਿਕ ਤਬਦੀਲੀ ਦਾ ਵਾਹਨ ਵੀ ਬਣ ਸਕਦਾ ਹੈ।

ਸਾਹਿਤ ਵੀ ਕਈ ਤਰ੍ਹਾਂ ਦਾ ਹੈ ਧਾਰਮਿਕ ਵਿਸ਼ਿਆਂ ਬਾਰੇ ਲਿਖਤਾਂ ਹਨ, ਸਮਾਜਿਕ ਮਸਲਿਆਂ ਨੂੰ ਹੰਘਾਲਦੀਆਂ ਲਿਖਤਾਂ ਹਨ, ਰਾਜਨੀਤਕ ਤੇ ਆਰਥਿਕ ਫਲਸਫ਼ਿਆਂ ਦਾ ਵਿਖਿਆਨ ਕਰਨ ਵਾਲਾ ਸਾਹਿਤ, ਤਰਕਸ਼ੀਲ ਸਾਹਿਤ, ਤਕਨੀਕੀ ਗਿਆਨ, ਵਿਗਿਆਨ ਜਾਂ ਫਿਰ ਹੋਰ ਹਰ ਕਿਸਮ ਦੇ ਵਿਸ਼ਿਆਂ ਬਾਰੇ। ਕਿਤਾਬਾਂ ਦੀਆਂ ਵੱਡੀਆਂ ਦੁਕਾਨਾਂ ਵਿੱਚ ਜਾਉ ਤਾਂ ਲੱਖਾਂ ਕਿਤਾਬਾਂ ਦੇ ਦਰਸ਼ਨ ਹੁੰਦੇ ਹਨ, ਲਾਇਬ੍ਰੇਰੀਆਂ ਵਿੱਚ ਜਾਉ ਤਾਂ ਮਿਲੀਅਨਾਂ ਦੇ ਹਿਸਾਬ ਨਾਲ ਕਿਤਾਬਾਂ ਪਾਠਕਾਂ ਦੀ ਉਡੀਕ ਕਰਦੀਆਂ ਪਈਆਂ ਹਨ। ਹਰ ਕਿਤਾਬ ਕਿਸੇ ਨਾ ਕਿਸੇ ਸਮੱਸਿਆ ਨੂੰ ਲੈ ਕੇ ਹੀ ਲਿਖੀ ਗਈ ਹੁੰਦੀ ਹੈ। ਹੁਣ ਆਪ ਹੀ ਅੰਦਾਜ਼ਾ ਲਾਉ ਕਿ ਸਾਡੇ ਸੰਸਾਰ ਵਿੱਚ ਕਿੰਨੀਆਂ ਸਮੱਸਿਆਵਾਂ ਹਨ, ਉਹ ਕਿਤਾਬਾਂ ਤੋਂ ਵੀ ਬਹੁਤ ਜ਼ਿਆਦਾ ਹਨ। ਅਜੇ ਤਾਂ ਬਹੁਤ ਸਾਰੀਆਂ ਲਿਖੀਆਂ ਜਾਣੀਆਂ ਹਨ।

ਸਾਡੇ ਪੰਜਾਬੀ ਸਮਾਜ ਵਿੱਚ ਵੀ ਦਿਨ ਪ੍ਰਤੀ ਦਿਨ ਕਿਤਾਬਾਂ ਦਾ ਰੁਝਾਨ ਵਧ ਰਿਹਾ ਹੈ। ਸਾਹਿਤ ਦੇ ਲੜ ਲੱਗ ਕੇ ਅਸੀਂ ਜ਼ਿੰਦਗੀ ਬਰਬਾਦ ਕਰਨ ਵਾਲੀਆਂ ਬਹੁਤ ਸਾਰੀਆਂ ਭੈੜੀਆਂ ਆਦਤਾਂ ਜਾਂ ਅਲਾਮਤਾਂ ਤੋਂ ਬਚ ਸਕਦੇ ਹਾਂ। ਮਨ ਵਿੱਚ ਅਕਾਰਨ ਹੀ ਪਾਲੀ ਗਈ ਜਾਂ ਦੂਸਰਿਆਂ ਪ੍ਰਤੀ ਪਾਲੀ ਜਾ ਰਹੀ ਨਫ਼ਰਤ ਮੁੱਕਣ

# ਸੁੰਦਰ ਦੇਸ਼ ਕਤਰ



ਪ੍ਰੋ. ਕੇ.ਸੀ. ਸ਼ਰਮਾ
98224-28184

ਮੈਂ ਆਪਣੇ ਪੋਤੇ ਕੋਲ ਆਇਆ ਹਾਂ। ਕਤਰ ਪਹੁੰਚਣ 'ਤੇ ਸਾਡਾ ਜਹਾਜ਼ 'ਏਅਰੋ ਬਰਿਜ' ਨਾਲ ਨਹੀਂ ਜੁੜਿਆ। ਮੁਸਾਫ਼ਰਾਂ ਨੇ ਪੌੜੀਆਂ ਰਾਹੀਂ ਉਤਰਨਾ ਸੀ। ਮੈਂ ਅਤੇ ਪਤਨੀ ਹੈਂਡਬੈਗ ਲੈ ਕੇ ਉਤਰਨ ਲੱਗੇ। ਇੱਕ ਅਜਨਬੀ ਇਨਸਾਨ ਪਤਾ ਨਹੀਂ ਕਿੱਧਰੋਂ ਆਇਆ, ਉਸ ਨੇ ਸਾਥੋਂ ਦੋਵਾਂ ਕੋਲੋਂ ਬੈਗ ਲਗਪਗ ਖੋਹੇ, ਪੌੜੀਆਂ ਉਤਰ ਕੇ ਇੰਤਜ਼ਾਰ ਕਰ ਰਹੀ ਬੱਸ ਵਿੱਚ ਰੱਖ ਕੇ ਸਹਾਇਤਾ ਕੀਤੀ ਅਤੇ ਚੁੱਪਚਾਪ ਇੱਕ ਪਾਸੇ ਖੜ੍ਹ ਗਿਆ। ਮੈਂ ਅਵਾਕ ਰਹਿ ਗਿਆ। ਆਸ਼ੀਰਵਾਦ 'ਚ ਹੱਥ ਚੁੱਕ ਦਿੱਤਾ। ਮੇਰੇ ਕੋਲ ਧੰਨਵਾਦੀ ਸ਼ਬਦ ਨਹੀਂ ਸਨ। ਉਹ ਕੌਣ ਸੀ, ਕਿਸ ਦੇਸ਼ ਦਾ ਵਾਸੀ ਸੀ, ਕਿਸ ਸੰਸਕਾਰੀ ਮਾਂ ਦਾ ਜਾਇਆ ਸੀ? ...ਪਤਾ ਨਹੀਂ।

ਕਤਰ ਟਾਪੂਨੁਮਾ ਛੋਟਾ ਜਿਹਾ ਅਰਬ ਦੇਸ਼ ਹੈ ਜਿੱਥੇ ਅਮੀਰਾਤ ਬਾਦਸ਼ਾਹ ਦਾ ਰਾਜ ਹੈ। ਤੇਲ ਅਤੇ ਗੈਸ ਦੇ ਅਥਾਹ ਭੰਡਾਰਾਂ ਕਰਕੇ ਇਹ ਦੁਨੀਆਂ ਦੇ ਸਭ ਤੋਂ ਵੱਧ ਅਮੀਰ ਦੇਸ਼ਾਂ ਵਿੱਚੋਂ ਇੱਕ ਹੈ। ਇੱਥੋਂ ਦਾ 'ਹਾਮਦ' ਕੌਮਾਂਤਰੀ ਹਵਾਈ ਅੱਡਾ ਸੰਸਾਰ ਦਾ ਦੂਸਰਾ ਸਭ ਤੋਂ ਵਧੀਆ ਅੱਡਾ ਗਰਦਾਨਿਆ ਗਿਆ ਹੈ। ਇਸ ਦੀ ਰਾਜਧਾਨੀ ਦੋਹਾ ਹੈ ਜਿੱਥੇ ਇੱਥੋਂ ਦੇ ਅੱਸੀ ਫ਼ੀਸਦੀ ਲੋਕ ਰਹਿੰਦੇ ਹਨ। ਦੋਹਾ ਖੁੱਲ੍ਹੀਆਂ ਕਾਲੀਆਂ ਮੁਲਾਇਮ ਸੜਕਾਂ ਦਾ ਅਤਿ ਆਧੁਨਿਕ ਸ਼ਹਿਰ ਹੈ। ਸ਼ਹਿਰ ਦੇ ਅੰਦਰ ਵੀ ਬਾਰਾਂ ਲੇਨ ਸੜਕਾਂ ਹਨ ਜਿਨ੍ਹਾਂ ਉਪਰ ਜਗ੍ਹਾ ਜਗ੍ਹਾ ਸਫ਼ੈਦ, ਪੀਲੇ ਅਤੇ ਲਾਲ ਪੇਂਟ ਨਾਲ ਆਵਾਜਾਈ ਦੇ ਨਿਯਮਾਂ ਅਤੇ ਡਰਾਈਵਰਾਂ ਦੀ ਸਹਾਇਤਾ ਲਈ ਨਿਸ਼ਾਨਦੇਹੀ ਕੀਤੀ ਗਈ ਹੈ। ਅਮੀਰਾਂ ਦੇ ਇਸ ਦੇਸ਼ ਵਿੱਚ ਬੈਂਟਲੇ, ਪੋਰਸ਼, ਰੋਲਸ ਰੋਏਸ, ਮਰਸਿਡੀਜ਼ ਆਦਿ ਸੰਸਾਰ ਦੀਆਂ ਸਭ ਤੋਂ ਮਹਿੰਗੀਆਂ ਕਾਰਾਂ ਚਲਦੀਆਂ ਹਨ। ਸ਼ਹਿਰ ਦੇ ਅੰਦਰ ਵੀ 120 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਦੀ ਇਜਾਜ਼ਤ ਹੈ। ਆਵਾਜਾਈ ਦੇ ਕਾਨੂੰਨ ਬਹੁਤ ਸਖ਼ਤ ਹਨ ਅਤੇ ਉਤਨੀ ਹੀ ਸਖ਼ਤੀ ਨਾਲ ਇਨ੍ਹਾਂ ਦੀ ਪਾਲਣਾ ਹੁੰਦੀ ਹੈ। ਹਰ ਜਗ੍ਹਾ ਆਟੋ ਸੈਂਸਰ ਕੈਮਰੇ ਲੱਗ ਹਨ। ਮੇਰੇ ਪੋਤੇ ਨੇ ਮੈਨੂੰ ਦੱਸਿਆ ਕਿ ਇੱਕ ਵਾਰ ਉਸ ਤੋਂ ਲਾਲ ਬੱਤੀ ਦੀ ਉਲੰਘਣਾ ਹੋ ਗਈ ਅਤੇ ਉਸ ਨੂੰ ਛੇ ਹਜ਼ਾਰ ਕਤਰੀ ਰਿਆਲ (ਲਗਪਗ ਇੱਕ ਲੱਖ ਚਾਲੀ ਹਜ਼ਾਰ ਰੁਪਏ) ਦਾ ਜੁਰਮਾਨਾ ਦੇਣਾ ਪਿਆ। ਰੋਸ ਮੁਜ਼ਾਹਰੇ, ਧਰਨੇ, ਚੱਕਾ ਜਾਮ ਆਦਿ ਰੇਲ ਜਾਂ ਸੜਕੀ ਆਵਾਜਾਈ ਵਿੱਚ ਵਿਘਨ ਨਹੀਂ ਪਾ ਸਕਦੇ।

ਡਾਊਨ ਟਾਊਨ ਵਿੱਚ ਆਸਮਾਨ ਛੂੰਹਦੀਆਂ ਇਮਾਰਤਾਂ 'ਚ ਵਿਦੇਸ਼ੀ ਕੰਪਨੀਆਂ ਦੇ ਦਫ਼ਤਰ, ਪੰਜ/ਸੱਤ ਸਿਤਾਰਾ ਹੋਟਲ, ਮਾਲਜ਼, ਸ਼ਾਪਿੰਗ ਪਲਾਜ਼ੇ, ਰੇਸਤਰਾਂ, ਸਿਨਮਾ ਹਾਲ, ਖੁੱਲ੍ਹੇ ਪਾਰਕ, ਨੀਲੇ ਪਾਣੀ ਵਾਲੇ ਬੀਚ ਆਦਿ ਇੱਥੋਂ ਦੀ ਆਧੁਨਿਕ ਵਿਉਂਤਬੰਦੀ ਦੀਆਂ ਮੂੰਹੋਂ ਬੋਲਦੀਆਂ ਤਸਵੀਰਾਂ ਹਨ। ਰਾਤ ਸਮੇਂ ਰੰਗ ਬਿਰੰਗੀਆਂ ਨਿਊਨ ਲਾਈਟਾਂ ਅਤੇ ਖ਼ਾਸ ਕਿਸਮ ਦੇ ਜਗਦੇ ਖੰਭੇ ਇੱਥੋਂ ਦੀ ਖ਼ਾਸ ਖ਼ੂਬਸੂਰਤੀ ਹਨ। ਸਟਰੀਟ ਲਾਈਟਾਂ ਅਤੇ ਨਿਸ਼ਾਨਦੇਹੀ, ਇੱਕ ਸ਼ਹਿਰ ਨੂੰ ਦੂਸਰੇ ਨਾਲ ਜੋੜਨ ਵਾਲੇ ਸ਼ਾਹ ਮਾਰਗਾਂ ਉੱਤੇ ਵੀ ਲੱਗੀਆਂ ਹਨ। ਕਿਸੇ ਵੀ ਸੜਕ 'ਤੇ ਤਿਪਹੀਆ ਰਿਕਸ਼ਾ, ਆਟੋ, ਟਰੈਕਟਰ ਟਰਾਲੀ, ਪੰਜਾਬ ਦੇ ਘੜੂਕੇ ਮਾਰੂਤੇ, ਗੱਡੇ ਗੱਡੀਆਂ ਦੀ ਮਨਾਹੀ ਹੈ। ਪੈਦਲ ਜਾਂ ਸਾਈਕਲ ਸਵਾਰਾਂ ਲਈ ਸੜਕਾਂ ਦੇ ਨਾਲ-ਨਾਲ ਪਹੇ ਬਣੇ ਹਨ।

ਚੌਰਾਹਿਆਂ 'ਤੇ ਤਿਕੋਣੇ ਪਾਰਕਾਂ ਵਿੱਚ ਹਰੀ ਬੂਟੀ ਅਤੇ ਰੰਗ-ਬਿਰੰਗੇ ਫੁੱਲਾਂ ਦੀਆਂ ਕਿਆਰੀਆਂ ਹਨ। ਜ਼ਮੀਨਦੋਜ਼ ਪਾਈਪਾਂ ਰਾਹੀ ਪਾਣੀ ਹਰ ਥਾਂ ਪਹੁੰਚਦਾ ਹੈ। ਘਾਹ ਦੀ ਸਿੰਜਾਈ ਸਪਰਿੰਕਲਜ਼ ਨਾਲ ਕੀਤੀ ਜਾਂਦੀ ਹੈ, ਘਾਹ ਦੀ ਸੰਭਾਲ ਬਹੁਤ ਹੈ ਉਸ ਵਿੱਚ ਮੁਰਕ, ਬਰੂ, ਭਸਰਾ ਆਦਿ ਨਹੀਂ ਹੋਣ ਦਿੱਤਾ ਜਾਂਦਾ। ਉਂਝ ਤਾਂ ਪਹਿਲਾਂ ਵੀ ਬੱਲੇ ਬੱਲੇ ਸੀ, ਪਰ ਫੀਫਾ ਕੱਪ ਦੀ ਮੇਜ਼ਬਾਨੀ ਮਿਲਣ ਤੋਂ ਬਾਅਦ ਤਾਂ ਕਤਰ ਨੇ ਬੇਹੱਦ ਤਰੱਕੀ ਕੀਤੀ ਹੈ। ਨਵੇਂ ਸਟੇਡੀਅਮ, ਹੋਟਲ ਅਤੇ ਸੜਕਾਂ ਦੇ ਜਾਲ ਵੇਖਦੇ ਹੀ ਵੇਖਦੇ ਖੜ੍ਹੇ ਹੋ ਗਏ। ਦੋਹਾ ਤੋਂ ਲਗਪਗ ਤੀਹ ਕਿਲੋਮੀਟਰ ਦੂਰ 'ਅਲ ਖੋਰ' ਵਿਚ 'ਅਲ ਬੇਯਤ' ਨਾਮ ਦਾ ਖ਼ੂਬਸੂਰਤ ਸਟੇਡੀਅਮ ਬਣਾਇਆ ਗਿਆ। ਚਾਰੋਂ ਪਾਸੇ ਮੀਲਾਂਬੱਧੀ ਇਲਾਕੇ ਵਿੱਚ ਘਾਹ, ਰੁੱਖ ਬੂਟੇ ਲਾ ਕੇ ਹਰਿਆਵਲ ਪੈਦਾ ਕੀਤੀ ਗਈ। ਦੋਹਾ ਦੇ ਨਾਲ 'ਲੂ ਸੇਲ' ਨਾਮਕ ਇੱਕ ਨਵਾਂ ਸ਼ਹਿਰ ਬਣਾਇਆ ਗਿਆ। ਇਹ ਸ਼ਹਿਰ ਟੂਰਨਾਮੈਂਟ ਲਈ ਹੀ ਨਹੀਂ ਸਗੋਂ ਭਵਿੱਖ ਵਿੱਚ ਵਿਸਥਾਰ ਦੀਆਂ ਜ਼ਰੂਰਤਾਂ ਨੂੰ ਮੁੱਖ ਰੱਖ ਕੇ ਵਿਉਂਤਿਆ ਗਿਆ ਹੈ। ਇੱਥੇ ਅੱਸੀ ਹਜ਼ਾਰ ਕੈਪੇਸਿਟੀ ਵਾਲਾ ਕੌਮਾਂਤਰੀ ਪੱਧਰ ਦਾ ਸਟੇਡੀਅਮ ਬਣਾਇਆ ਗਿਆ ਹੈ ਅਤੇ ਸੜਕਾਂ ਦੇ ਜਾਲ ਤੇ ਮੈਟਰੋ ਨਾਲ ਜੋੜਿਆ ਗਿਆ ਹੈ। ਖੁੱਲ੍ਹੇ ਪਾਰਕ, ਦਰੱਖਤਾਂ, ਸੁੰਦਰ ਬੀਚ, ਕੰਪਨੀਆਂ ਦੇ ਦਫ਼ਤਰਾਂ ਲਈ ਉੱਚੇ ਬੁਰਜ ਅਤੇ ਆਲੀਸ਼ਾਨ ਰਿਹਾਇਸ਼ੀ ਇਮਾਰਤਾਂ ਸਦਕਾ ਇਹ ਸ਼ਹਿਰ ਦੇਸ਼ ਦਾ ਬਿਹਤਰੀਨ ਇਲਾਕਾ ਮੰਨਿਆ ਜਾਂਦਾ ਹੈ। ਟੂਰਨਾਮੈਂਟ ਤੋਂ ਬਾਅਦ ਵੀ ਇਹ ਇਲਾਕਾ ਆਬਾਦ ਹੈ। ਇਸ ਦੀ ਉਸਾਰੀ ਸਿਰਫ਼ ਚਾਰ ਸਾਲਾਂ ਵਿੱਚ ਪੂਰੀ ਕਰ ਲਈ ਗਈ।

ਅਮਨ ਕਨੂੰਨ ਦੀ ਵਿਵਸਥਾ ਲਈ ਕਾਨੂੰਨ ਬਹੁਤ ਸਖ਼ਤ ਹਨ। ਸ਼ਰਾਬ ਸਿਰਫ਼ ਪੰਜ ਸਿਤਾਰਾ ਹੋਟਲਾਂ ਵਿੱਚ ਹੀ ਮਿਲਦੀ ਹੈ। ਗੁੰਡਾਗਰਦੀ, ਚੋਰੀ, ਝਪਟਮਾਰੀ, ਜਨਤਕ ਜਾਇਦਾਦ ਦੀ ਭੰਨ ਤੋੜ, ਅਗਵਾ, ਅਗਜ਼ਨੀ ਅਤੇ ਔਰਤਾਂ ਖਿਲਾਫ਼ ਜੁਰਮਾਂ ਦੀ ਸਜ਼ਾ ਬਹੁਤ ਸਖ਼ਤ ਹੈ। ਔਰਤਾਂ ਅਤੇ ਸੈਲਾਨੀ ਰਾਤ ਦੇਰ ਤੱਕ ਸਿਨਮੇ, ਰੇਸਤਰਾਂ, ਬੀਚਾਂ ਅਤੇ ਮਾਲਾਂ 'ਤੇ ਬੇਧੜਕ ਘੁੰਮਦੇ ਹਨ। ਇਸ ਤੋਂ ਇਲਾਵਾ ਉੱਚ ਪੱਧਰੀ ਸਫ਼ਾਈ ਲੋਕਾਂ ਦੀ ਜੀਵਨ ਸ਼ੈਲੀ ਦਾ ਹਿੱਸਾ ਹੈ। ਆਮ ਥਾਵਾਂ ਅਤੇ ਖ਼ਾਸ ਕਰਕੇ ਜਨਤਕ ਸਹੂਲਤਾਂ ਵਿੱਚ ਵੀ ਪੰਜ ਸਿਤਾਰਾ ਹੋਟਲਾਂ ਵਰਗੀ ਸਫ਼ਾਈ ਮਿਲਦੀ ਹੈ। ਇੱਥੇ ਧੂੰਆਂ, ਮਿੱਟੀ, ਪਰਦੂਸ਼ਨ, ਮੱਖੀ ਮੱਛਰ, ਕਚਰੇ ਦੇ ਢੇਰਾਂ ਉੱਤੇ 'ਖੋਹ-ਖੋਹ' ਖੇਡਦੇ ਚੂਹੇ, ਅਵਾਰਾ ਕੁੱਤੇ, ਗੋਹਾ ਕਰਦੇ ਆਵਾਰਾ ਪਸ਼ੂ, ਭੇਡ ਬੱਕਰੀਆਂ ਦੇ ਇੱਜੜ ਕਿਧਰੇ ਨਹੀਂ ਦਿਸਦੇ। ਖਾਣ ਪੀਣ ਵਾਲੀਆਂ ਖੁੱਲ੍ਹੀਆਂ ਚੀਜ਼ਾਂ ਦੀ ਵਿਕਰੀ ਦੀ ਸਖ਼ਤ ਮਨਾਹੀ ਹੈ। ਚਲਦੀਆਂ ਫਿਰਦੀਆਂ ਰੇਹੜੀਆਂ ਉੱਤੇ ਛੋਲੇ ਭਟੂਰੇ, ਰਾਜਮਾਂਹ ਚੌਲ, ਚਾਟ, ਦਹੀਂ ਭੱਲੇ, ਫਾਸਟ ਫੂਡ, ਫਲ, ਸਬਜ਼ੀਆਂ ਵੇਚਣਾ ਸਖ਼ਤ ਮਨ੍ਹਾ ਹੈ। ਵੀਰ, ਸ਼ੁੱਕਰ (Week end) 'ਤੇ ਲੋਕ ਛੁੱਟੀ ਮਨਾਉਣ ਘਰੋਂ ਬਾਹਰ ਨਿਕਲਦੇ ਹਨ। ਕਈ ਲੋਕ ਕਲੋਨੀਆਂ ਵਿਚਲੇ ਖੁੱਲ੍ਹੇ ਪਾਰਕਾਂ ਵਿੱਚ ਪਰਿਵਾਰਕ ਪਿਕਨਿਕ ਲਈ ਸਟੋਵ, ਗੋਸ਼ਤ ਭੁੰਨਣ ਵਾਲੀਆਂ ਅੰਗੀਠੀਆਂ ਲੈ ਕੇ ਆਉਂਦੇ ਹਨ। ਦੇਰ ਰਾਤ ਤੱਕ ਖਾਂਦੇ ਪੀਂਦੇ ਮਸਤੀ ਕਰਦੇ ਹਨ ਪਰ ਜਾਣ ਤੋਂ ਪਹਿਲਾਂ ਜਗ੍ਹਾ ਦੀ ਪੂਰੀ ਸਫ਼ਾਈ ਕੀਤੀ ਜਾਂਦੀ ਹੈ।

ਏਕੜਾਂ ਵਿੱਚ ਬਣੀ 'ਬਰਵਾ ਸਿਟੀ' ਦੋਹਾ ਦੀ ਨਿਹਾਇਤ ਖ਼ੂਬਸੂਰਤ ਕਲੋਨੀ ਹੈ। ਚਾਰ ਚੁਫ਼ੇਰੇ ਅੱਠ ਲੇਨ ਸੜਕਾਂ ਦੀ ਫਿਰਨੀ ਅਤੇ ਅੰਦਰੂਨੀ ਸੜਕਾਂ ਇਸ ਨੂੰ ਵੱਖ-ਵੱਖ ਬਲਾਕਾਂ ਵਿੱਚ ਵੰਡਦੀਆਂ ਹਨ। ਹਰ ਬਲਾਕ ਵਿੱਚ ਇੱਕ ਆਕਾਰ, ਮੰਜ਼ਿਲ, ਰੰਗ, ਨਿਰੰਤਰ ਬਿਜਲੀ ਅਤੇ ਪਾਣੀ ਦੀ ਪੂਰਤੀ ਵਾਲੇ ਕੇਂਦਰੀ ਵਾਤਾਨੁਕੂਲ ਫਲੈਟ ਹਨ। ਖੁੱਲ੍ਹੇ ਪਾਰਕ, ਹਰੇ ਭਰੇ ਦਰੱਖ਼ਤ, ਵਸਤਾਂ ਲਈ 'ਲੂਲੂ' ਹਾਈਪਰ ਮਾਰਕੀਟ ਆਦਿ ਕਰਕੇ ਇਹ ਇਕ ਪੌਸ਼ ਕਲੋਨੀ ਹੈ। ਇਸ ਨਾਲ ਲਗਵੀਂ ਇੱਕ ਦੋ ਸੌ ਫੁੱਟ ਚੌੜੀ ਅਤੇ ਢਾਈ ਕਿਲੋਮੀਟਰ ਲੰਬੀ ਸੈਰਗਾਹ ਇਸ ਦੀ ਖ਼ਾਸ ਵਿਸ਼ੇਸ਼ਤਾ ਹੈ। ਉਦਯੋਗਿਕ ਏਰੀਆ ਵੱਲ ਜਾਂਦਿਆਂ ਇਸ ਦੇ ਸੱਜੇ ਹੱਥ ਧੁਰੇ-ਧੁਰ ਬਾਰਾਂ ਲੇਨ ਦੀ ਸੜਕ ਹੈ। ਬਿਲਕੁਲ ਖੱਬੇ ਮਿੱਠੇ ਬੇਰਾਂ ਦੀਆਂ ਬੇਰੀਆਂ ਦੀ ਤੀਹ ਫੁੱਟ ਪੱਟੀ ਹੈ। ਬੇਰੀਆਂ ਉਪਰੋਂ ਉੱਡਦੀਆਂ ਗਾਉਂਦੀਆਂ ਘੁੱਗੀਆਂ ਪੰਜਾਬ ਵਰਗਾ ਮਾਹੌਲ ਬਣਾਉਂਦੀਆਂ ਹਨ। ਫਿਰ ਕ੍ਰਮਵਾਰ ਸੌ ਫੁੱਟ ਘਾਹ ਦਾ ਮੈਦਾਨ, ਪੈਦਲ ਸੈਰ ਕਰਨ ਵਾਲਿਆਂ ਲਈ ਵੀਹ ਫੁੱਟ ਫਰਸ਼ੀ ਟਾਈਲਾਂ ਦੀ ਪੱਟੀ, ਇੱਕੋ ਸੇਧ 'ਚ ਲੱਗੇ ਖਜੂਰਾਂ ਦੇ ਦਰੱਖ਼ਤ ਅਤੇ ਪੈਰਾਂ ਵਿੱਚ ਫੁੱਲਾਂ ਦੀਆਂ ਕਿਆਰੀਆਂ ਦੀ ਪੱਟੀ, ਦੌੜਨ ਅਤੇ ਸਾਈਕਲਾਂ ਲਈ ਤੀਹ ਫੁੱਟ ਦਾ ਪਹਾ ਅਤੇ ਫਿਰ ਇੱਕ ਹਰੀ ਪੱਟੀ ਸੜਕ ਤੱਕ ਜਾਂਦੀ ਹੈ। ਸੂਤਰ ਵਿੱਚ ਲੱਗੀਆਂ ਟਾਈਲਾਂ ਦੀ ਕਾਰੀਗਰੀ ਮੂੰਹੋਂ ਬੋਲਦੀ ਹੈ। ਕੋਈ ਟਾਈਲ ਦਬੀ ਨਹੀਂ ਅਤੇ ਨਾ ਹੀ ਇਨ੍ਹਾਂ ਉੱਤੇ ਖੱਬਲ, ਸੇਂਜੀ ਦਾ ਹਮਲਾ ਹੈ।



# ਸਿੱਖਿਆ ਵਿਭਾਗ ਦੇ ਰਿਹਾਇਸ਼ੀ ਖੇਡ ਵਿੰਗਾਂ ਦੇ ਟਰਾਇਲ 17 ਜੁਲਾਈ ਤੱਕ: ਹਰਜੋਤ ਸਿੰਘ ਬੈਂਸ

## ਚੁਣੇ ਗਏ ਖਿਡਾਰੀਆਂ ਨੂੰ ਮੁਫਤ ਰਿਹਾਇਸ਼, ਪੜ੍ਹਾਈ ਅਤੇ ਰੋਜ਼ਾਨਾ 200 ਰੁਪਏ ਦੀ ਖੁਰਾਕ ਮੁਹੱਈਆ ਕਰਵਾਈ ਜਾਵੇਗੀ

**ਚੰਡੀਗੜ੍ਹ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿਚ ਖੇਡਾਂ ਨੂੰ ਪ੍ਰਫੁੱਲਿਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਲੜੀ ਤਹਿਤ ਸਿੱਖਿਆ ਵਿਭਾਗ ਦੇ ਸਕੂਲਾਂ ਵਿੱਚ ਚੱਲਦੇ ਰਿਹਾਇਸ਼ੀ ਖੇਡ ਵਿੰਗਾਂ ਦੇ ਟਰਾਇਲ 17 ਜੁਲਾਈ 2024 ਤੱਕ ਕਰਵਾਏ ਜਾ ਰਹੇ ਹਨ।

ਇਹ ਜਾਣਕਾਰੀ ਦਿੰਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਹਨਾਂ ਖੇਡ ਵਿੰਗਾਂ ਵਿੱਚ ਚੁਣੇ ਗਏ ਖਿਡਾਰੀਆਂ ਨੂੰ ਮੁਫਤ ਰਿਹਾਇਸ਼ ਅਤੇ ਪੜ੍ਹਾਈ ਦੇ ਨਾਲ-ਨਾਲ ਰੋਜ਼ਾਨਾ 200 ਰੁਪਏ ਦੀ ਖੁਰਾਕ ਵੀ ਮੁਹੱਈਆ ਕਰਵਾਈ ਜਾਵੇਗੀ।

ਸਿੱਖਿਆ ਮੰਤਰੀ ਸ. ਬੈਂਸ ਅਨੁਸਾਰ 15 ਜੁਲਾਈ ਦਿਨ ਸੋਮਵਾਰ ਨੂੰ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਮਾਲ ਰੋਡ ਅੰਮ੍ਰਿਤਸਰ ਵਿਖੇ ਬਾਸਕਟਬਾਲ (ਲੜਕੀਆਂ) ਅੰਡਰ-14, 17 ਅਤੇ 19 ਸਾਲ ਦੇ ਟਰਾਇਲ, ਸਰਕਾਰੀ ਕੋ-ਐਜੂਕੇਸ਼ਨ ਮਲਟੀਪਰਪਜ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਵਿਖੇ ਬਾਸਕਟਬਾਲ (ਲੜਕੇ) ਅੰਡਰ-14, 17 ਅਤੇ 19 ਸਾਲ ਦੇ ਟਰਾਇਲ, ਖ਼ਾਲਸਾ ਕਾਲਜ ਗਰਲਜ ਸੀਨੀਅਰ ਸੈਕੰਡਰੀ ਸਕੂਲ ਅੰਮ੍ਰਿਤਸਰ ਵਿਖੇ ਹਾਕੀ (ਲੜਕੀਆਂ) ਅੰਡਰ-14, 17 ਅਤੇ 19 ਸਾਲ ਦੇ ਟਰਾਇਲ, ਸਰਕਾਰੀ ਹਾਈ ਸਕੂਲ ਚਚਰਾੜੀ (ਜ਼ਿਲ੍ਹਾ ਲੁਧਿਆਣਾ) ਵਿਖੇ ਹਾਕੀ (ਲੜਕੇ) ਅੰਡਰ-14 ਸਾਲ ਦੇ ਟਰਾਇਲ, ਖਾਲਸਾ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬੱਡੋਂ (ਜ਼ਿਲ੍ਹਾ ਹੁਸ਼ਿਆਰਪੁਰ) ਵਿਖੇ ਫੁੱਟਬਾਲ (ਲੜਕੇ) ਅੰਡਰ-14, 17 ਅਤੇ 19 ਸਾਲ ਦੇ ਟਰਾਇਲ, ਸਰਕਾਰੀ ਕੋ-ਐਜੂਕੇਸ਼ਨ ਮਲਟੀਪਰਪਜ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਵਿਖੇ ਬਾਕਸਿੰਗ (ਲੜਕੇ) ਅੰਡਰ-14, 17 ਅਤੇ 19 ਸਾਲ ਦੇ ਟਰਾਇਲ ਅਤੇ ਸਿੱਖ ਗਰਲਜ ਹਾਈ ਸਕੂਲ ਸਿੱਧਵਾਂ ਖੁਰਦ (ਜ਼ਿਲ੍ਹਾ ਲੁਧਿਆਣਾ) ਵਿਖੇ ਬਾਕਸਿੰਗ (ਲੜਕੀਆਂ) ਅੰਡਰ-17 ਸਾਲ ਦੇ ਟਰਾਇਲ ਹੋਣਗੇ। ਇਸੇ ਤਰ੍ਹਾਂ 16 ਜੁਲਾਈ ਦਿਨ ਮੰਗਲਵਾਰ ਨੂੰ ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ ਤਰਨਤਾਰਨ ਵਿਖੇ ਹਾਕੀ (ਲੜਕੀਆਂ) ਅੰਡਰ-14, 17 ਅਤੇ 19 ਸਾਲ ਦੇ ਟਰਾਇਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਰਖੜ (ਜ਼ਿਲ੍ਹਾ ਲੁਧਿਆਣਾ) ਵਿਖੇ ਹਾਕੀ (ਲੜਕੇ) ਅੰਡਰ-14, 17 ਅਤੇ 19 ਸਾਲ ਦੇ ਟਰਾਇਲ, ਸੰਤ ਅਤਰ ਸਿੰਘ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਪਾਲਦੀ (ਜ਼ਿਲ੍ਹਾ ਹੁਸ਼ਿਆਰਪੁਰ) ਵਿਖੇ ਫੁੱਟਬਾਲ (ਲੜਕੇ) ਅੰਡਰ-14 ਸਾਲ ਦੇ ਟਰਾਇਲ, ਸਰਕਾਰੀ ਹਾਈ ਸਕੂਲ ਬੁਹੀ (ਜ਼ਿਲ੍ਹਾ ਪਟਿਆਲਾ) ਵਿਖੇ ਕਬੱਡੀ ਨੈਸ਼ਨਲ (ਲੜਕੇ) ਅੰਡਰ-14 ਸਾਲ ਦੇ ਟਰਾਇਲ ਅਤੇ ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ ਤਰਨਤਾਰਨ ਵਿਖੇ ਜੂਡੋ (ਲੜਕੀਆਂ) ਅੰਡਰ-14, 17 ਅਤੇ 19 ਸਾਲ ਦੇ ਟਰਾਇਲ ਹੋਣਗੇ।

ਸਿੱਖਿਆ ਮੰਤਰੀ ਨੇ ਦੱਸਿਆ ਕਿ 17 ਜੁਲਾਈ ਦਿਨ ਬੁੱਧਵਾਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਮਪੁਰ (ਜ਼ਿਲ੍ਹਾ ਲੁਧਿਆਣਾ) ਵਿਖੇ ਹਾਕੀ (ਲੜਕੇ) ਅੰਡਰ-14 ਸਾਲ ਦੇ ਟਰਾਇਲ ਅਤੇ ਸਰਕਾਰੀ ਸਪੋਰਟਸ ਸਕੂਲ ਘੁੱਦਾ (ਜ਼ਿਲ੍ਹਾ ਬਠਿੰਡਾ) ਵਿਖੇ ਵਾਲੀਵਾਲ (ਲੜਕੀਆਂ) ਅੰਡਰ-14, 17 ਅਤੇ 19 ਸਾਲ, ਬਾਸਕਟਬਾਲ (ਲੜਕੇ) ਅੰਡਰ-14, 17 ਅਤੇ 19 ਸਾਲ, ਐਥਲੈਟਿਕਸ (ਲੜਕੇ-ਲੜਕੀਆਂ) ਅੰਡਰ-14, 17 ਅਤੇ 19 ਸਾਲ, ਕੁਸ਼ਤੀ (ਲੜਕੇ-ਲੜਕੀਆਂ) ਅੰਡਰ-14, 17 ਅਤੇ 19 ਸਾਲ, ਹਾਕੀ (ਲੜਕੇ) ਅੰਡਰ-14 ਅਤੇ 17, ਹਾਕੀ (ਲੜਕੀਆਂ) ਅੰਡਰ-19 ਸਾਲ, ਬਾਕਸਿੰਗ (ਲੜਕੇ) ਅੰਡਰ-17 ਅਤੇ 19 ਸਾਲ, ਬਾਕਸਿੰਗ (ਲੜਕੀਆਂ) ਅੰਡਰ-17 ਅਤੇ 19 ਸਾਲ, ਸ਼ੂਟਿੰਗ (ਲੜਕੇ) ਅੰਡਰ-14 ਸਾਲ, ਸ਼ੂਟਿੰਗ (ਲੜਕੀਆਂ) ਅੰਡਰ-14 ਅਤੇ 17 ਸਾਲ, ਫੁੱਟਬਾਲ (ਲੜਕੇ) ਅੰਡਰ-17 ਅਤੇ 19 ਸਾਲ, ਤੈਰਾਕੀ (ਲੜਕੇ) ਅੰਡਰ-17 ਅਤੇ 19 ਸਾਲ, ਤੈਰਾਕੀ (ਲੜਕੀਆਂ) ਅੰਡਰ-17 ਅਤੇ 19 ਸਾਲ, ਵੇਟ ਲਿਫਟਿੰਗ (ਲੜਕੇ) ਅੰਡਰ-17 ਸਾਲ, ਵੇਟ ਲਿਫਟਿੰਗ (ਲੜਕੀਆਂ) ਅੰਡਰ-17 ਸਾਲ ਅਤੇ ਕਬੱਡੀ (ਲੜਕੇ) ਅੰਡਰ-14 ਸਾਲ ਦੇ ਟਰਾਇਲ ਕਰਵਾਏ ਜਾਣਗੇ।

ਸਿੱਖਿਆ ਮੰਤਰੀ ਸ. ਬੈਂਸ ਨੇ ਦੱਸਿਆ ਕਿ ਚੁਣੇ ਗਏ ਖਿਡਾਰੀਆਂ ਦਾ ਸਪੋਰਟਸ ਵਿੰਗ ਵਿੱਚ ਰਹਿਣਾ ਲਾਜ਼ਮੀ ਹੋਵੇਗਾ। ਸਾਰੇ ਚਾਹਵਾਨ ਖਿਡਾਰੀ ਨਿਰਧਾਰਿਤ ਮਿਤੀਆਂ ਨੂੰ ਸਵੇਰੇ 10 ਵਜੇ ਦਰਸਾਏ ਗਏ ਸਥਾਨਾਂ ਤੇ ਟਰਾਇਲ ਦੇਣ ਲਈ ਖੇਡ ਪ੍ਰਾਪਤੀਆਂ ਅਤੇ ਵਿੱਦਿਅਕ ਯੋਗਤਾ ਸਬੰਧੀ ਅਸਲ ਸਰਟੀਫਿਕੇਟ ਅਤੇ 4-4 ਫੋਟੋਆਂ ਲੈ ਕੇ ਆਪਣੇ ਮਾਤਾ-ਪਿਤਾ ਜਾਂ ਵਾਰਿਸ ਸਮੇਤ ਹਾਜ਼ਰ ਹੋਣ। ਇਹਨਾਂ ਖੇਡ ਵਿੰਗਾਂ ਲਈ ਅੰਡਰ-14 ਸਾਲ ਲਈ 01/01/2011, ਅੰਡਰ-17 ਸਾਲ ਲਈ 01/01/2008 ਅਤੇ ਅੰਡਰ-19 ਸਾਲ ਲਈ 01/01/2006 ਜਾਂ ਇਸਤੋਂ ਬਾਅਦ ਜਨਮ ਲੈਣ ਵਾਲੇ ਖਿਡਾਰੀ ਵਿਚਾਰੇ ਜਾਣਗੇ। ਬਾਹਰਲੇ ਰਾਜਾਂ ਤੋਂ ਸਿੱਧੇ ਤੌਰ ਕੋਈ ਵੀ ਖਿਡਾਰੀ ਇਹਨਾਂ ਟਰਾਇਲਾਂ ਵਿੱਚ ਹਿੱਸਾ ਨਹੀਂ ਲੈ ਸਕਦਾ।

# ਮਾਨਵ ਸੇਵਾ ਲਈ ਅੱਗੇ ਵਧਦੀਆਂ ਸੰਸਥਾਵਾਂ ਨੂੰ ਕਿਸੇ ਵੀ ਤਰ੍ਹਾਂ ਦੇ ਹਾਲਾਤ ਪ੍ਰਭਾਵਿਤ ਨਹੀਂ ਕਰ ਸਕਦੇ

**ਮਲੇਰਕੋਟਲਾ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**




ਮਹਾਂਵੀਰ ਇੰਟਰਨੈਸ਼ਨਲ ਵੱਲੋਂ ਆਪਣੇ ਗੋਲਡਨ ਵਰ੍ਹੇ ਸਬੰਧੀ ਕੌਮੀ ਪੱਧਰੀ ਪ੍ਰੋਗਰਾਮ ਮਾਣੇਕਸ਼ੋਅ ਸੈਂਟਰ ਜੋਰਾਵਰ ਹਾਲ ਨਵੀਂ ਦਿੱਲੀ ਵਿਖੇ ਕਰਵਾਇਆ ਗਿਆ, ਜਿਸ 'ਚ ਭਾਰਤ ਦੇ ਸਾਬਕਾ ਰਾਸ਼ਟਰਪਤੀ ਸ਼੍ਰੀ ਰਾਮ ਨਾਥ ਕੋਵਿੰਦ ਮੁੱਖ ਮਹਿਮਾਨ, ਡਾ.ਅਸ਼ੋਕ ਅੱਗਰਵਾਲ (ਪ੍ਰਧਾਨ ਇੰਟਰਨੈਸ਼ਨਲ ਵੈਸ਼ਯ ਫੈਡਰੇਸ਼ਨ ਅਤੇ ਮੈਂਬਰ ਸੈਂਟਰਲ ਪਲਿਊਸ਼ਨ ਕੰਟਰੋਲ ਬੋਰਡ ਭਾਰਤ ਸਰਕਾਰ ਅਤੇ ਡਾ.ਬਲਰਾਮ ਭਾਰਗਵ ਡਾਇਰੈਕਟਰ ਜਨਰਲ (ਸੇ.ਨੀ) ਆਈ.ਸੀ ਐਮ.ਆਰ ਵਿਸ਼ੇਸ਼ ਮਹਿਮਾਨ ਸਨ।

ਮਾਲੇਰਕੋਟਲਾ ਤੋਂ ਸਸਥਾ ਦੀ ਇਕ ਟੀਮ ਵੀਰ ਚੇਅਰਮੈਨ ਪ੍ਰਦੀਪ ਜੈਨ ਓਸਵਾਲ ਦੀ ਅਗਵਾਈ 'ਚ ਦਿੱਲੀ ਪਹੁੰਚੀ, ਜਿਸ 'ਚ ਖਜਾਨਚੀ ਮੋਹਨ ਸ਼ਿਆਮ, ਕੇਸਰੀ ਦਾਸ ਜੈਨ ਅਤੇ ਅਸ਼ਵਨੀ ਜੈਨ (ਗੁਲਾਬੋ) ਸ਼ਾਮਲ ਸਨ। ਚੇਅਰਮੈਨ ਪ੍ਰਦੀਪ ਜੈਨ ਓਸਵਾਲ ਨੇ ਪ੍ਰੈਸ ਨੂੰ ਉਕਤ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੁੱਖ ਮਹਿਮਾਨ ਸ਼੍ਰੀ ਰਾਮ ਨਾਥ ਕੋਵਿੰਦ ਨੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੋ ਸੰਸਥਾਵਾਂ ਮਾਨਵ ਸੇਵਾ ਭਾਵਨਾ ਨਾਲ ਅੱਗੇ ਵਧਦੀਆਂ ਹਨ, ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੇ ਰਾਜਨੀਤਿਕ, ਸਮਾਜਿਕ ਜਾ ਧਾਰਮਿਕ ਹਾਲਾਤ ਪ੍ਰਭਾਵਿਤ ਨਹੀਂ ਕਰ ਸਕਦੇ। ਮਹਾਂਵੀਰ ਇੰਟਰਨੈਸ਼ਨਲ ਦੇ ਅੰਤਰਰਾਸ਼ਟਰੀ ਪ੍ਰਧਾਨ ਵੀਰ ਅਨਿਲ ਜੈਨ ਵੱਲੋਂ ਸੰਸਥਾ ਦੀ ਲੇਪਲ ਪਿਨ ਲਗਾ ਕੇ ਸ਼੍ਰੀ ਰਾਮ ਨਾਥ ਕੋਵਿੰਦ ਨੂੰ ਮਹਾਂਵੀਰ ਇੰਟਰਨੈਸ਼ਨਲ ਦਾ ਮੈਂਬਰ ਬਣਾਇਆ ਗਿਆ। ਇਸ ਮੌਕੇ ਤੇ ਵਿਸ਼ੇਸ਼ ਮਹਿਮਾਨ ਡਾ.ਅਸ਼ੋਕ ਅੱਗਰਵਾਲ ਅਤੇ ਡਾ.ਬਲਰਾਮ ਭਾਰਗਣ ਨੇ ਸੰਸਥਾ ਵੱਲੋਂ ਪ੍ਰਕਾਸ਼ਿਤ ਵੀਰ ਸਪਨ ਕੁਮਾਰ ਵਰਧਨ ਵੱਲੋਂ ਰਚੀ ਕਿਤਾਬ ਰਿਲੀਜ ਕੀਤੀ ਗਈ। ਅੰਤਰਰਾਸ਼ਟਰੀ ਜਨਰਲ ਸਕੱਤਰ ਵੀਰ ਅਸ਼ੋਕ ਗੋਇਲ ਵੱਲੋਂ ਹਾਜਰੀਨ ਦੇ ਸਵਾਗਤ ਉਪਰਾਂਤ ਅੰਤਰਰਾਸ਼ਟਰੀ ਪ੍ਰਧਾਨ ਵੀਰ ਅਨਿਲ ਜੈਨ (ਸੀ.ਸੇ) ਵੱਲੋਂ ਸੰਸਥਾ ਵੱਲੋਂ ਕੀਤੇ ਜਾਂਦੇ ਵਿਕਾਸ ਕਾਰਜਾਂ ਅਤੇ ਨਵੇਂ ਪ੍ਰੋਜੈਕਟਾਂ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਤੇ ਅਨੀਲਾ ਕੋਠਾਰੀ (ਜੈਪੁਰ), ਅਮੋਦ ਕੁਮਾਰ ਕਾਂਥ ਅਤੇ ਦੇਵੇਂਦਰ ਗੁਪਤਾ ਨੂੰ ਸਮਾਜ ਸੇਵਾ ਲਈ ਵਧੀਆ ਕਾਰਜਾਂ ਲਈ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਵੀਰ ਰਣਜੀਤ ਸਿੰਘ ਕੁਮਟ, ਸ਼ਾਤੀ ਲਾਲ ਕਵਾੜ, ਵਿਜੈ ਸਿੰਘ ਬਾਪਨਾ, ਸ਼ਾਤੀ ਕੁਮਾਰ ਜੈਨ, ਰਾਜੇਸ਼ ਤਿਵਾੜੀ, ਅਮੋਦ ਕੁਮਾਰ ਕਾਂਥ, ਉਦੈ ਸ਼ੰਕਰ ਸਿੰਘ, ਸੁਦਰਸ਼ਨ ਸੁਚੀ, ਅਨੁਪਮਾ ਦੱਤਾ, ਡਾ.ਹਰੀਸ ਵਸ਼ਿਸ਼ਟ, ਅੰਜਨੀ ਕੇ.ਸ਼ਰਮਾ, ਹਰਸ਼ ਜੇਤਲੀ, ਦੇਵੇਂਦਰ ਗੁਪਤਾ, ਮਹੇਂਦਰ ਸਿੰਘ ਅਤੇ ਹੋਰ ਪਤਵੰਤੇ ਵੀ ਹਾਜਰ ਸਨ। ਆਖਿਰ 'ਚ ਡਾਇਮੰਡ ਪੈਟਰਨ ਫੈਲੋ ਅਤੇ ਗੋਲਡ ਪੈਟਰਨ ਫੈਲੋ ਮੈਂਬਰਾਂ ਦਾ ਸਨਮਾਨ ਕੀਤਾ ਗਿਆ।

# ਪੰਜਾਬ ਦੇ ਸਾਰੇ ਵੇਰਕਾ ਮਿਲਕ ਪਲਾਂਟਾਂ ਵਿੱਚ ਲਗਾਏ ਜਾਣਗੇ ਪੌਦੇ : ਕਮਲ ਗਰਗ



**ਬਠਿੰਡਾ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਵਾਤਾਵਰਨ ਦੀ ਸ਼ੁੱਧਤਾ ਨੂੰ ਲੈ ਕੇ ਪੰਜਾਬ ਦੇ ਸਾਰੇ ਵੇਰਕਾ ਪਲਾਂਟਾਂ ਅੰਦਰ ਪੌਦੇ ਲਗਾਏ ਜਾਣਗੇ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਪੰਜਾਬ ਮਿਲਕਫੈਡ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਕਮਲ ਗਰਗ (ਆਈ.ਏ.ਐਸ) ਨੇ ਸਥਾਨਕ ਵੇਰਕਾ ਮਿਲਕ ਪਲਾਂਟ ਵਿਖੇ ਪਹਿਲੇ ਪੜਾਅ 'ਚ ਛਾਂਦਾਰ ਤੇ ਫਲਦਾਰ 500 ਬੂਟੇ ਲਗਾਉਣ ਦੀ ਸ਼ੁਰੂਆਤ ਕਰਨ ਮੌਕੇ ਕੀਤਾ। ਇਸ ਮੌਕੇ ਸੀਨੀਅਰ ਪੁਲਿਸ ਕਪਤਾਨ ਸ਼੍ਰੀ ਦੀਪਕ ਪਾਰੀਕ, ਜਨਰਲ ਮੈਨੇਜ਼ਰ ਵੇਰਕਾ ਸ਼੍ਰੀ ਅਨੀਮੇਸ਼ ਪ੍ਰਮਾਨਿਕ ਤੇ ਵੇਰਕਾ ਦੇ ਡਾਇਰੈਕਟਰ ਸ਼੍ਰੀ ਸੁਖਪ੍ਰੀਤ ਸੁੱਖੀ ਮਾਨ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

ਇਸ ਦੌਰਾਨ ਐਮ.ਡੀ. ਸ਼੍ਰੀ ਕਮਲ ਗਰਗ ਨੇ ਰੁੱਖਾਂ ਦੀ ਮਹੱਤਤਾ ਤੇ ਜ਼ੋਰ ਦਿੰਦਿਆਂ ਕਿਹਾ ਕਿ ਵਾਤਾਵਰਣ ਦੀ ਸੰਭਾਲ ਦੇ ਮੱਦੇਨਜ਼ਰ ਸਾਡੀਆਂ ਆਉਣ ਵਾਲੀਆਂ ਪੀੜੀਆਂ ਲਈ ਜਿੱਥੇ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਵੱਧ ਤੋਂ ਵੱਧ ਰੁੱਖ ਲਗਾਉਣਾ ਹੈ, ਉਥੇ ਹੀ ਉਨ੍ਹਾਂ ਦੀ ਸਾਂਭ-ਸੰਭਾਲ ਕਰਨਾ ਵੀ ਸਾਡਾ ਮੁੱਖ ਫਰਜ ਹੈ।

ਇਸ ਉਪਰੰਤ ਮੈਨੇਜਿੰਗ ਡਾਇਰੈਕਟਰ ਮਿਲਕਫੈਡ ਸ਼੍ਰੀ ਕਮਲ ਗਰਗ ਤੇ ਵੇਰਕਾ ਮਿਲਕ ਪਲਾਂਟ ਦੇ ਬੋਰਡ ਆਫ ਡਾਇਰੈਕਟਰਜ ਨੇ ਪਲਾਂਟ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਦੁੱਧ ਦੀ ਖਰੀਦ ਅਤੇ ਪਲਾਂਟ ਵਲੋਂ ਤਿਆਰ ਕੀਤੀਆਂ ਵਸਤਾਂ ਦੀ ਮਾਰਕੀਟਿੰਗ ਵੱਲ ਵਧੇਰੇ ਧਿਆਨ ਦੇਣ ਸਬੰਧੀ ਅਧਿਕਾਰੀਆਂ ਨੂੰ ਲੋੜੀਦੇ ਦਿਸ਼ਾ-ਨਿਰਦੇਸ਼ ਦਿੱਤੇ।

ਇਸ ਦੌਰਾਨ ਵੇਰਕਾ ਮਿਲਕ ਪਲਾਂਟ ਦੇ ਜਨਰਲ ਮੈਨੇਜ਼ਰ ਸ਼੍ਰੀ ਅਨੀਮੇਸ਼ ਪ੍ਰਮਾਨਿਕ ਨੇ ਦੱਸਿਆ ਕਿ ਪਹਿਲੇ ਪੜਾਅ ਤਹਿਤ ਸਥਾਨਕ ਵੇਰਕਾ ਪਲਾਂਟ ਵਿੱਚ 500 ਛਾਂਦਾਰ ਤੇ ਫ਼ਲਦਾਰ ਬੂਟੇ ਲਗਾਏ ਜਾ ਰਹੇ ਹਨ। ਇਸ ਉਪਰੰਤ ਦੂਜੇ ਪੜਾਅ ਤਹਿਤ ਮਿਲਕ ਪਲਾਂਟ ਅਧੀਨ ਪੈਂਦੇ 5 ਦੁੱਧ ਸ਼ੀਤਲ ਕੇਂਦਰਾਂ (ਸਰਦੂਲਗੜ੍ਹ, ਭੀਖੀ, ਰਾਮਪੁਰਾ, ਤਲਵੰਡੀ ਸਾਬੋ ਅਤੇ ਪਿੰਡ ਬਾਦਲ) ਵਿਖੇ ਵੀ ਵੱਖ-ਵੱਖ ਤਰ੍ਹਾਂ ਦੇ ਬੂਟੇ ਲਗਾਏ ਜਾਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਵੇਰਕਾ ਮਿਲਕ ਪਲਾਂਟ ਬਠਿੰਡਾ ਵਿਖੇ ਤੁਪਕਾ ਸਿੰਚਾਈ ਵਿਧੀ ਨਾਲ ਬੂਟਿਆਂ ਨੂੰ ਪਾਣੀ ਦਿੱਤਾ ਜਾਵੇਗਾ।

ਇਸ ਦੌਰਾਨ ਵੇਰਕਾ ਦੇ ਡਾਇਰੈਕਟਰ ਸ਼੍ਰੀ ਸੁਖਪ੍ਰੀਤ ਸੁੱਖੀ ਮਾਨ ਨੇ ਕਿਹਾ ਕਿ ਲਗਾਏ ਗਏ ਇਨ੍ਹਾਂ ਬੂਟਿਆਂ ਨੂੰ 4 ਭਾਗਾਂ 'ਚ ਵੰਡਿਆ ਗਿਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਬੂਟਿਆਂ ਦੀ ਸਾਂਭ-ਸੰਭਾਲ ਲਈ ਨਿਯੁਕਤ ਕੀਤੀਆਂ ਟੀਮਾਂ 'ਚੋਂ ਜੋ ਵੀ ਟੀਮ ਇਨ੍ਹਾਂ ਬੂਟਿਆਂ ਦੀ ਸੁਚੱਜੀ ਸਾਂਭ-ਸੰਭਾਲ ਕਰੇਗੀ ਉਸ ਟੀਮ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਜਾਵੇਗਾ।

ਇਸ ਮੌਕੇ ਡਾਇਰੈਕਟਰ ਗੁਰਲਾਲ ਸਿੰਘ, ਲਾਭ ਸਿੰਘ ਜਗਾਰਾਮ ਤੀਰਥ, ਦਰਸ਼ਨ ਸਿੰਘ, ਜਸਕਰਨ ਸਿੰਘ, ਮੈਨੇਜਰ ਡਾਕਟਰ ਪ੍ਰਮੋਦ ਸ਼ਰਮਾ, ਆਰ.ਕੇ.ਪਟੇਲ, ਖੁਸ਼ਕਰਨ ਸਿੰਘ, ਅਭਿਨਵ ਵਾਟਸ, ਆਕਾਸ਼ਦੀਪ ਸਿੰਘ, ਇੰਜੀਨੀਅਰ ਅਰਜਨ ਸਿੰਘ, ਤੇ ਪਰਵਿੰਦਰ ਸਿੰਘ ਤੋਂ ਇਲਾਵਾ ਹੋਰ ਵੀ ਅਧਿਕਾਰੀ ਮੌਜੂਦ ਸਨ।

## ਰਾਜਿੰਦਰਾ ਕਾਲਜ ਵਿਖੇ ਪਲੇਸਮੈਂਟ ਕੈਂਪ ਆਯੋਜਿਤ



**ਬਠਿੰਡਾ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਲਈ ਲਗਾਏ ਜਾ ਰਹੇ ਪਲੇਸਮੈਂਟ ਕੈਂਪਾਂ ਦੀ ਲੜੀ ਤਹਿਤ ਡਿਪਟੀ ਕਮਿਸ਼ਨਰ-ਕਮ-ਚੇਅਰਮੈਨ ਡੀ.ਬੀ.ਈ.ਈ. ਸ. ਜਸਪ੍ਰੀਤ ਸਿੰਘ ਦੀ ਯੋਗ ਅਗਵਾਈ ਹੇਠ ਸਥਾਨਕ ਸਰਕਾਰੀ ਰਾਜਿੰਦਰਾ ਕਾਲਜ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਗਿਆ।

ਇਸ ਪਲੇਸਮੈਂਟ ਕੈਂਪ ਦੌਰਾਨ ਵੱਖ-ਵੱਖ ਕੰਪਨੀਆਂ ਜਿੰਨ੍ਹਾਂ ਵਿਚ ਏ.ਵੀ.ਸੀ. ਮਹਿੰਦਰਾ, ਫੋਨ ਪੇਅ, ਆਰ.ਐਡ.ਜੇ. ਲਾਅ ਕੰਨਸਲਟੈਂਟ, ਵਿਜੈ ਰਾਜ ਐਂਡ ਸੰਨਜ਼ ਕੰਪਨੀ, ਭਾਰਤੀ ਐਕਸਾ, ਪੇਅ-ਟੀ-ਐਮ, ਅਜ਼ਾਈਲ ਹਰਬਲ, ਟਰੀਉ ਲਕਸ਼ਮੀ ਪ੍ਰਾਈਵੇਟ ਲਿਮਟਿਡ, ਅਥਰਵਾ ਟੈਕ ਮਾਈਂਡਸ ਪ੍ਰਾਈਵੇਟ ਲਿਮਟਿਡ ਆਦਿ ਵੱਲੋਂ ਸ਼ਿਰਕਤ ਕੀਤੀ ਗਈ।

ਕੈਂਪ ਦੌਰਾਨ ਕਰੀਬ 115 ਪ੍ਰਾਰਥੀਆਂ ਨੇ ਭਾਗ ਲਿਆ ਜਿੰਨ੍ਹਾਂ ਵਿੱਚੋਂ ਵੱਖ-ਵੱਖ ਕੰਪਨੀਆਂ ਦੁਆਰਾ ਕੁੱਲ 72 ਪ੍ਰਾਰਥੀਆਂ ਦੀ ਚੋਣ ਕੀਤੀ ਗਈ। ਚੁਣੇ ਗਈ ਪ੍ਰਾਰਥੀਆਂ ਨੂੰ ਵੱਖ-ਵੱਖ ਅਸਾਮੀਆਂ ਲਈ 10,000/- ਰੁਪਏ ਤੋਂ ਲੈ ਕੇ 20,000/- ਰੁਪਏ ਪ੍ਰਤੀ ਮਹੀਨਾ ਦੀ ਤਨਖਾਹ ਦੇ ਆਫ਼ਰ ਦਿੱਤੇ ਗਏ। ਇਸ ਦੌਰਾਨ ਸਰਕਾਰੀ ਰਾਜਿੰਦਰਾ ਕਾਲਜ ਦੇ ਪ੍ਰਿੰਸੀਪਲ ਸ਼੍ਰੀਮਤੀ ਜਯੋਤਸਨਾ ਵੱਲੋਂ ਆਏ ਹੋਏ ਸਾਰੇ ਨਿਯੋਜਕਾਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਇਸ ਤਰ੍ਹਾਂ ਦੇ ਹੋਰ ਪਲੇਸਮੈਂਟ ਕੈਂਪਾ ਦਾ ਵੀ ਆਯੋਜਨ ਕੀਤਾ ਜਾਵੇਗਾ।

# ਪੰਜਾਬ ਰਾਜ ਮਹਿਲਾ ਕਮਿਸ਼ਨ ਵੱਲੋਂ ਜਲਦ ਹੀ ਸੂਬੇ ਭਰ ਦੇ ਵੂਮੈਨ ਸੈਲਾਂ ਦਾ ਦੌਰਾ ਕੀਤਾ ਜਾਵੇਗਾ: ਰਾਜ ਲਾਲੀ ਗਿੱਲ

**ਚੰਡੀਗੜ੍ਹ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਪੰਜਾਬ ਦੇ ਸਾਰੇ ਮਹਿਲਾ ਸੈਲਾਂ ਦਾ ਸੂਬਾ ਵਿਆਪੀ ਦੌਰਾ ਕਰਨ ਦੀ ਯੋਜਨਾ ਦਾ ਐਲਾਨ ਕੀਤਾ ਹੈ। ਇਹ ਪ੍ਰਗਟਾਵਾ ਉਨ੍ਹਾਂ ਨੇ ਵੂਮੈਨ ਸੈਲ, ਫੇਜ਼ -8, ਮੁਹਾਲੀ ਦੇ ਦੌਰੇ ਦੌਰਾਨ ਕੀਤਾ।

ਸ੍ਰੀਮਤੀ ਗਿੱਲ ਨੇ ਆਪਣੇ ਦੌਰੇ ਦੌਰਾਨ ਮਹਿਲਾ ਸੈਲ ਦੇ ਸਟਾਫ਼ ਨਾਲ ਵੱਖ-ਵੱਖ ਕੇਸਾਂ ਅਤੇ ਸ਼ਿਕਾਇਤਾਂ ਦੇ ਨਿਪਟਾਰੇ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ। ਉਨ੍ਹਾਂ ਰੋਜ਼ਾਨਾ ਦੀਆਂ ਰਿਪੋਰਟਾਂ ਦਾ ਡਾਟਾ ਇਕੱਤਰ ਕੀਤਾ ਅਤੇ ਸੈਲ ਦੇ ਬਾਹਰ ਉਡੀਕ ਕਰ ਰਹੇ ਸ਼ਿਕਾਇਤਕਰਤਾਵਾਂ ਨਾਲ ਗੱਲਬਾਤ ਕੀਤੀ।

ਇਸ ਤੋਂ ਇਲਾਵਾ, ਸ੍ਰੀਮਤੀ ਗਿੱਲ ਨੇ ਸਾਂਝ ਕੇਂਦਰ ਦਾ ਦੌਰਾ ਕੀਤਾ ਅਤੇ ਜਾਗਰੂਕਤਾ ਪ੍ਰੋਗਰਾਮਾਂ ਬਾਰੇ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਇਹਨਾਂ ਦੌਰਿਆਂ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਇਹਨਾਂ ਸੁਵਿਧਾਵਾਂ ਕੋਲ ਕੇਸਾਂ ਅਤੇ ਸ਼ਿਕਾਇਤਾਂ ਦੇ ਪ੍ਰਭਾਵਸ਼ਾਲੀ ਢੰਗ ਨਾਲ ਨਿਪਟਾਰੇ ਲਈ ਢੁਕਵੇਂ ਢੰਗ ਉਪਲੱਬਧ ਹਨ।

ਸ੍ਰੀਮਤੀ ਗਿੱਲ ਨੇ ਕਿਹਾ ਕਿ ਅਸੀਂ ਸੂਬੇ ਭਰ ਵਿੱਚ ਮਹਿਲਾਵਾਂ ਦੀ ਸੁਰੱਖਿਆ ਅਤੇ ਭਲਾਈ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹਾਂ।

ਚੇਅਰਪਰਸਨ ਰਾਜ ਲਾਲੀ ਗਿੱਲ ਨੇ ਐਲਾਨ ਕੀਤਾ ਕਿ ਸੂਬਾ ਵਿਆਪੀ ਦੌਰੇ ਜਲਦ ਹੀ ਸ਼ੁਰੂ ਕੀਤੇ ਜਾਣਗੇ ਜਿਸ ਵਿੱਚ ਹਰੇਕ ਮਹਿਲਾ ਸੈਲ ਦਾ ਨਿਰੀਖਣ ਕੀਤਾ ਜਾਵੇਗਾ ਅਤੇ ਮੁੱਖ ਕਰਮਚਾਰੀਆਂ ਨਾਲ ਗੱਲਬਾਤ ਕੀਤੀ ਜਾਵੇਗੀ। ਕਮਿਸ਼ਨ ਦਾ ਉਦੇਸ਼ ਸੂਬੇ ਵਿੱਚ ਮਹਿਲਾਵਾਂ ਦੀ ਸੁਰੱਖਿਆ ਅਤੇ ਸ਼ਕਤੀਕਰਨ ਲਈ ਆਪਣੀਆਂ ਕੋਸ਼ਿਸ਼ਾਂ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਉਤਸ਼ਾਹਿਤ ਕਰਨਾ ਹੈ।

# ਸੰਗਰੂਰ ਜ਼ਿਲ੍ਹੇ ਵਿੱਚ 11 ਲੱਖ ਬੂਟੇ ਲਗਾਉਣ ਦਾ ਮਿੱਥਿਆ ਟੀਚਾ: ਜਤਿੰਦਰ ਜੋਰਵਾਲ

**ਸੰਗਰੂਰ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਡਿਪਟੀ ਕਮਿਸ਼ਨਰ ਸੰਗਰੂਰ ਜਤਿੰਦਰ ਜੋਰਵਾਲ ਨੇ ਦੱਸਿਆ ਕਿ ਵਾਤਾਵਰਨ ਨੂੰ ਹਰਿਆ-ਭਰਿਆ ਰੱਖਣ ਦੇ ਮਕਸਦ ਨਾਲ ਇਸ ਵਾਰ ਜ਼ਿਲ੍ਹੇ ਵਿੱਚ ਤਕਰਬੀਨ 11 ਲੱਖ ਬੂਟੇ ਲਗਾਉਣ ਦਾ ਟੀਚਾ ਮਿੱਥਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਜੰਗਲ ਹੇਠਲਾ ਰਕਬਾ ਵਧਾਉਣ ਲਈ ਚਲਾਈ ਵਿਸ਼ੇਸ਼ ਮੁਹਿੰਮ ਤਹਿਤ ਇਹ ਬੂਟੇ ਲਗਾਏ ਜਾ ਰਹੇ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵੱਖ-ਵੱਖ ਵਿਭਾਗਾਂ ਵੱਲੋਂ ਜ਼ਿਲ੍ਹੇ ਦੇ ਸਾਰੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਖਾਲੀ ਪਈਆਂ ਥਾਂਵਾਂ ਉੱਪਰ ਇਹ 11 ਲੱਖ ਬੂਟੇ ਲਗਾਉਣ ਦਾ ਟੀਚਾ ਜਲਦ ਸਰ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸਦੇ ਨਾਲ ਹੀ ਪੰਚਾਇਤਾਂ ਨੂੰ ਬੂਟੇ ਲਗਾਉਣ ਦੇ ਟੀਚੇ ਦੇ ਨਾਲ-ਨਾਲ ਅੰਮ੍ਰਿਤ ਵਣ ਦੇ ਰੂਪ ਵਿੱਚ ਵੱਡੇ ਰਕਬੇ ਉਪਰ ਸੰਘਣੇ ਬੂਟੇ ਲਗਾਉਣ ਲਈ ਵੀ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸਦੇ ਨਾਲ ਹੀ ਸੜਕਾਂ ਕਿਨਾਰੇ ਵੀ ਬੂਟੇ ਲਗਾਏ ਜਾਣਗੇ ਤੇ ਇਨ੍ਹਾਂ ਦੀ ਸੰਭਾਲ ਯਕੀਨੀ ਬਣਾਉਣ ਲਈ ਸਬੰਧਤ ਵਿਭਾਗਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਕੂੜਾ ਸੁੱਟਣ ਵਾਲੀਆਂ ਥਾਂਵਾਂ ਉੱਪਰ ਵੀ ਵੱਡੀ ਗਿਣਤੀ ਵਿੱਚ ਬੂਟੇ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਸਕੂਲ ਸਿੱਖਿਆ, ਲੋਕ ਨਿਰਮਾਣ, ਫੂਡ ਸਪਲਾਈ, ਜਲ ਸਪਲਾਈ, ਡਰੇਨੇਜ਼ ਆਦਿ ਵਿਭਾਗਾਂ ਨੂੰ ਵੀ ਵੱਧ ਤੋਂ ਵੱਧ ਬੂਟੇ ਲਗਾਉਣ ਦਾ ਟੀਚਾ ਦਿੱਤਾ ਜਾ ਰਿਹਾ ਹੈ।

ਡੀ.ਸੀ. ਜਤਿੰਦਰ ਜੋਰਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਦੀ ਵਾਤਾਵਰਨ ਨੂੰ ਬਚਾਉਣ ਲਈ ਵਿੱਢੀ ਇਸ ਮੁਹਿੰਮ ਵਿੱਚ ਜ਼ਿਲ੍ਹਾ ਵਾਸੀ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ 01672-234196 'ਤੇ ਫੋਨ ਕਰਕੇ ਸਰਕਾਰੀ ਨੇੜੇ ਦੀਆਂ ਸਰਕਾਰੀ ਨਰਸਰੀਆਂ ਤੋਂ ਮੁਫ਼ਤ ਵਿੱਚ ਬੂਟੇ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਵੱਡੇ ਪੱਧਰ ਉੱਤੇ ਬੂਟੇ ਲਗਾਏ ਜਾਣ ਸਦਕਾ ਜਿੱਥੇ ਵਾਤਾਵਰਨ 'ਚ ਫੈਲ ਰਹੇ ਪ੍ਰਦੂਸ਼ਣ ਨੂੰ ਕਾਬੂ ਕਰਨ ਵਿੱਚ ਮਦਦ ਮਿਲੇਗੀ, ਉੱਥੇ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਹੋਰ ਥੱਲੇ ਡਿੱਗਣ ਤੋਂ ਬਚਾਇਆ ਜਾ ਸਕੇਗਾ। ਉਨ੍ਹਾਂ ਲੋਕਾਂ, ਖ਼ਾਸਕਰ ਨੌਜਵਾਨਾਂ, ਨੂੰ ਵੀ ਅਪੀਲ ਕੀਤੀ ਕਿ ਉਹ ਵਾਤਾਵਰਨ ਦੀ ਸੰਭਾਲ ਵਿੱਚ ਵੱਧ ਚੜ੍ਹ ਕੇ ਯੋਗਦਾਨ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਰੁੱਖਾਂ ਦੀ ਸੰਭਾਲ ਬਾਰੇ ਜਾਗਰੂਕ ਕਰਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਨੂੰ ਮੁੜ ਹਰਿਆ ਭਰਿਆ ਤੇ ਖੁਸ਼ਹਾਲ ਸੂਬਾ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਸਰਗਰਮੀ ਨਾਲ ਕੀਤੇ ਜਾ ਰਹੇ ਉਪਰਾਲਿਆਂ ਨੂੰ ਸੰਗਰੂਰ ਪ੍ਰਸ਼ਾਸਨ ਵੱਲੋਂ ਸੰਜੀਦਗੀ ਨਾਲ ਲਾਗੂ ਕੀਤਾ ਜਾ ਰਿਹਾ ਹੈ।

# ਐਨ.ਡੀ.ਆਰ.ਐਫ., ਬੀ.ਐਸ.ਐਫ., ਮਾਲ ਵਿਭਾਗ ਅਤੇ ਜਿਲ੍ਹਾ ਪ੍ਰਸਾਸਨਿਕ ਅਧਿਕਾਰੀਆਂ ਦੇ ਸਹਿਯੋਗ ਨਾਲ ਮੋਕ ਡਰਿੱਲ ਦੌਰਾਨ ਬਚਾਓ ਕਾਰਜਾਂ ਦਾ ਕੀਤਾ ਅਭਿਆਸ

**ਪਠਾਨਕੋਟ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਜਿਲ੍ਹਾ ਪਠਾਨਕੋਟ ਅੰਦਰ ਕਿਸੇ ਵੀ ਆਪਦਾ ਦੇ ਨਾਲ ਨਜਿੱਠਣ ਦੇ ਲਈ ਸਾਰੀਆਂ ਤਿਆਰੀਆਂ ਕਰ ਲਈਆਂ ਗਈਆਂ ਹਨ , ਜਿਸ ਅਧੀਨ ਹੜ੍ਹ ਪ੍ਰਭਾਵਿੱਤ ਖੇਤਰਾਂ ਅੰਦਰ ਆਉਂਣ ਵਾਲੇ ਸੰਭਾਵਿਤ ਹੜ੍ਹਾਂ ਦੌਰਾਨ ਕੀਤੇ ਜਾਣ ਵਾਲੇ ਬਚਾਓ ਕਾਰਜਾਂ ਨੂੰ ਮੁਕੰਮਲ ਕਰ ਲਿਆ ਗਿਆ ਹੈ ਅਤੇ ਅਗੇਤੇ ਕੀਤੇ ਪ੍ਰਬੰਧਾਂ ਦਾ ਅਭਿਆਸ ਕਰਨ ਲਈ ਅੱਜ ਜਿਲ੍ਹਾ ਪਠਾਨਕੋਟ ਦੇ ਨਰੋਟ ਜੈਮਲ ਸਿੰਘ ਬਲਾਕ ਅਧੀਨ ਆਉਂਦੇ ਪਿੰਡ ਪਹਾੜੀਪੁਰ ਵਿਖੇ ਉਜ ਦਰਿਆ ਤੇ ਇੱਕ ਮੋਕ ਡਰਿੱਲ ਆਯੋਜਿਤ ਕੀਤੀ ਗਈ। ਇਹ ਪ੍ਰਗਟਾਵਾ ਮੇਜਰ ਡਾ. ਸੁਮਿਤ ਮੁਧ ਐਸ.ਡੀ.ਐਮ. ਪਠਾਨਕੋਟ ਨੇ ਪਿੰਡ ਪਹਾੜੀਪੁਰ ਵਿਖੇ ਮੋਕ ਡਰਿੱਲ ਦੌਰਾਨ ਸੰਬੋਧਤ ਕਰਦਿਆਂ ਕੀਤਾ। ਇਸ ਮੌਕੇ ਤੇ ਸਰਵਸ੍ਰੀ ਪਵਨ ਕੁਮਾਰ ਜਿਲ੍ਹਾ ਮਾਲ ਅਫਸਰ ਪਠਾਨਕੋਟ, ਪਰਮਪ੍ਰੀਤ ਸਿੰਘ ਗੋਰਾਇਆ ਤਹਿਸੀਲਦਾਰ ਪਠਾਨਕੋਟ, ਰਾਮ ਲੁਭਾਇਆ ਜਿਲ੍ਹਾ ਲੋਕ ਸੰਪਰਕ ਅਫਸਰ ਪਠਾਨਕੋਟ, ਬੀ.ਐਸ.ਐਫ. ਅਤੇ ਐਨ.ਡੀ.ਆਰ.ਐਫ. ਦੇ ਅਧਿਕਾਰੀ, ਜਿਲ੍ਹਾ ਪ੍ਰਸਾਸਨਿਕ ਅਧਿਕਾਰੀ ਹਾਜਰ ਸਨ।ਜਿਕਰਯੋਗ ਹੈ ਕਿ ਬਾਰਿਸ ਦੇ ਦਿਨ੍ਹਾਂ ਦੌਰਾਨ ਉਜ ਦਰਿਆ ਵਿੱਚ ਪਾਣੀ ਜਿਆਦਾ ਆਉਂਣ ਕਰਕੇ ਨਰੋਟ ਜੈਮਲ ਸਿੰਘ ਅਤੇ ਬਮਿਆਲ ਖੇਤਰ ਦੇ ਬਹੁਤ ਸਾਰੇ ਪਿੰਡ ਹੜ੍ਹਾਂ ਦੇ ਕਾਰਨ ਪ੍ਰਭਾਵਿਤ ਹੁੰਦੇ ਹਨ। ਜਿਲ੍ਹਾ ਪ੍ਰਸਾਸਨ ਵੱਲੋਂ ਕਿਸੇ ਵੀ ਆਪਦਾ ਦੇ ਨਾਲ ਨਜਿੱਠਣ ਦੇ ਲਈ ਸਾਰੇ ਯੋਗ ਪ੍ਰਬੰਧ ਕੀਤੇ ਹੋਏ ਹਨ ਅੱਜ ਇਸ ਅਧੀਨ ਜਿਲ੍ਹਾ ਪਠਾਨਕੋਟ ਦੇ ਬਲਾਕ ਨਰੋਟ ਜੈਮਲ ਸਿੰਘ ਦੇ ਪਿੰਡ ਪਹਾੜੀਪੁਰ ਵਿਖੇ ਮੋਕ ਡਰਿੱਲ ਆਯੋਜਿਤ ਕੀਤੀ ਗਈ। ਜਿਸ ਵਿੱਚ ਜਿਲ੍ਹਾ ਪ੍ਰਸਾਸਨ, ਮਾਲ ਵਿਭਾਗ ਅਤੇ ਐਨ.ਡੀ.ਆਰ.ਐਫ. ਦੀਆਂ ਟੀਮਾਂ ਵੱਲੋਂ ਬਚਾਓ ਕਾਰਜ ਸੁਰੂ ਕੀਤੇ ਗਏ ਅਤੇ ਬਚਾਓ ਕਾਰਜਾਂ ਦਾ ਅਭਿਆਸ ਕਰਦਿਆਂ ਕੀਤੇ ਜਾਣ ਵਾਲੇ ਵੱਖ ਵੱਖ ਬਚਾਓ ਕਾਰਜਾਂ ਦਾ ਪ੍ਰਦਰਸਨ ਕੀਤਾ। ਇਸ ਮੌਕੇ ਤੇ ਹੜ੍ਹਾਂ ਅਜਿਹੀ ਸਥਿਤੀ ਵਿੱਚ ਕਿਸ ਤਰ੍ਹਾਂ ਨਾਲ ਤੁਸੀ ਅਪਨੀ ਜਾਣ ਬਚਾ ਸਕਦੇ ਹੋ, ਹੜ੍ਹ ਪ੍ਰਭਾਵਿੱਤ ਖੇਤਰਾਂ ਅੰਦਰ ਫਸੇ ਲੋਕਾਂ ਦਾ ਕਿਸ ਤਰ੍ਹਾਂ ਬਚਾਓ ਕਰਨਾ ਹੈ, ਕਿਸ ਤਰ੍ਹਾਂ ਨਾਲ ਉਨ੍ਹਾਂ ਨੂੰ ਮੈਡੀਕਲ ਸਹਾਇਤਾ ਦਿੱਤੀ ਜਾਣੀ ਹੈ , ਜਾਂ ਹੋਰ ਸਾਰੇ ਪ੍ਰਬੰਧ ਕਿਸ ਤਰ੍ਹਾਂ ਨਾਲ ਕੀਤੇ ਜਾਣੇ ਹਨ, ਅਜਿਹੇ ਪਹਿਲੂਆਂ ਤੇ ਵੀ ਰੋਸਨੀ ਪਾਈ ਗਈ ਅਤੇ ਵੱਖ ਵੱਖ ਬਣਾਈਆਂ ਗਈਆਂ ਰਾਹਤ ਟੀਮਾਂ ਵੱਲੋਂ ਵੀ ਅਪਣਾ ਸਹਿਯੋਗ ਦਿੱਤਾ ਗਿਆ।ਇਸ ਮੌਕੇ ਤੇ ਸੰਬੋਧਤ ਕਰਦਿਆਂ ਮੇਜਰ ਡਾ. ਸੁਮਿਤ ਮੁਧ ਐਸ.ਡੀ.ਐਮ. ਪਠਾਨਕੋਟ ਨੇ ਦੱਸਿਆ ਕਿ ਪਿਛਲੇ ਸਾਲ ਵੀ ਉਜ ਦਰਿਆ ਕਾਰਨ ਹਿੰਦ ਪਾਕ ਸਰਹੱਦ ਦੇ ਨਾਲ ਲਗਦੇ ਕਾਫੀ ਪਿੰਡ ਹੜ੍ਹਾਂ ਦੀ ਮਾਰ ਕਾਰਨ ਪ੍ਰਭਾਵਿੱਤ ਹੋਏ ਸਨ ਅਤੇ ਬਾਅਦ ਵਿੱਚ ਜਿਲ੍ਹਾ ਪ੍ਰਸਾਸਨ ਵੱਲੋਂ ਬਚਾਓ ਕਾਰਜਾਂ ਦੌਰਾਨ ਲੋਕਾਂ ਨੂੰ ਰਾਹਤ ਮਿਲੀ ਸੀ। ਇਸ ਸਾਲ ਫਲੱਡ ਸੀਜਨ ਤੋਂ ਪਹਿਲਾ ਕੀਤੇ ਅਗੇਤੇ ਪ੍ਰਬੰਧਾਂ ਅਧੀਨ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਜਿਸ ਅਧੀਨ ਸੰਭਾਵਿੱਤ ਹੜ੍ਹ ਪ੍ਰਭਾਵਿੱਤ ਖੇਤਰਾਂ ਅੰਦਰ ਬਚਾਓ ਕਾਰਜਾਂ ਦੇ ਲਈ ਵਿਸੇਸ ਟੀਮਾਂ ਬਣਾਈਆਂ ਗਈਆਂ ਹਨ, ਵਿਲਜ ਡਿਫੈਂਸ ਕਮੇਟੀਆਂ ਵੱਲੋਂ ਵੀ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ, ਕਲੱਸਟ ਪੱਧਰ ਤੇ ਵੀ ਟੀਮਾਂ ਗਠਿਤ ਕਰ ਲਈਆਂ ਗਈਆਂ ਹਨ ਅਤੇ ਬਚਾਓ ਟੀਮਾਂ ਨੂੰ ਵਿਸੇਸ ਟ੍ਰੇਨਿੰਗ ਵੀ ਦਿੱਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਅੱਜ ਦੀ ਮੋਕ ਡਰਿੱਲ ਹੜ੍ਹਾਂ ਦੀ ਮਾਰ ਤੋਂ ਬਚਾਓ ਲਈ ਕੀਤੇ ਗਏ ਅਗੇਤੇ ਪ੍ਰਬੰਧਾਂ ਵਿੱਚੋਂ ਇੱਕ ਹੈ ਅਤੇ ਅੱਜ ਇਨ੍ਹਾਂ ਬਚਾਓ ਕਾਰਜਾਂ ਦਾ ਅਭਿਆਸ ਕਰਨ ਲਈ ਹੀ ਮੋਕ ਡਰਿੱਲ ਆਯੋਜਿਤ ਕੀਤੀ ਗਈ ਸੀ।ਉਨ੍ਹਾਂ ਸੰਭਾਵਿੱਤ ਹੜ੍ਹ ਪ੍ਰਭਾਵਿੱਤ ਖੇਤਰਾਂ ਅਧੀਨ ਆਉਂਦੇ ਪਿੰਡਾਂ ਦੇ ਲੋਕਾਂ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਅਗਰ ਕਿਸੇ ਪਿੰਡਾਂ ਅੰਦਰ ਹੜ੍ਹਾਂ ਦੀ ਸਥਿਤੀ ਬਣ ਜਾਂਦੀ ਹੈ ਤਾਂ ਲੋਕ ਕਲੱਸਟ ਹੈਡ ਜੋ ਕਿ ਪਹਿਲਾ ਤੋਂ ਹੀ ਉਨ੍ਹਾਂ ਦੇ ਸੰਪਰਕ ਵਿੱਚ ਹਨ।

# ਵਾਤਾਵਰਣ ਦੀ ਸ਼ੁੱਧਤਾ ਦੇ ਮੱਦੇਨਜ਼ਰ ਪਹਿਲੇ ਪੜਾਅ ਤਹਿਤ ਵੇਰਕਾ ਮਿਲਕ ਪਲਾਂਟ 'ਚ ਲਗਾਏ 500 ਬੂਟੇ




**ਬਠਿੰਡਾ 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਹਿਕਾਰੀ ਅਦਾਰਿਆਂ ਦਾ ਮੁੱਖ ਮੰਤਵ ਲੋਕਾਂ ਦੀ ਸੇਵਾ ਕਰਨਾ ਹੈ। ਇਨ੍ਹਾਂ ਗੱਲ੍ਹਾਂ ਦਾ ਪ੍ਰਗਟਾਵਾ ਵੇਰਕਾ ਮਿਲਕ ਪਲਾਂਟ ਦੇ ਸੰਯੁਕਤ ਰਜਿਸਟਰਾਰ ਸਹਿਕਾਰੀ ਸਭਾਵਾਂ ਸ਼੍ਰੀ ਉਮੇਸ਼ ਕੇ ਨੇ ਸਥਾਨਕ ਵੇਰਕਾ ਮਿਲਕ ਪਲਾਂਟ ਵਿਖੇ ਵਾਤਾਵਰਣ ਦੀ ਸ਼ੁੱਧਤਾ ਦੇ ਮੱਦੇਨਜ਼ਰ ਪਹਿਲੇ ਪੜਾਅ ਤਹਿਤ ਵੇਰਕਾ ਮਿਲਕ ਪਲਾਂਟ 'ਚ ਛਾਂਦਾਰ ਤੇ ਫਲਦਾਰ 500 ਬੂਟੇ ਲਗਾਉਣ ਦੀ ਸ਼ੁਰੂਆਤ ਮੌਕੇ ਕੀਤਾ। ਇਸ ਦੌਰਾਨ ਉਨ੍ਹਾਂ ਵਲੋਂ ਆਪਣੇ ਹੱਥੀ ਬੂਟਾ ਵੀ ਲਗਾਇਆ ਗਿਆ।

ਇਸ ਮੌਕੇ ਉਨ੍ਹਾਂ ਦੇ ਨਾਲ ਡਾਇਰੈਕਟਰ ਮਾਰਕਫੈਡ ਪੰਜਾਬ ਸ ਟਹਿਲ ਸਿੰਘ ਸੰਧੂ, ਸਹਿਕਾਰੀ ਸਭਾਵਾ ਦੇ ਉਪ ਰਜਿਸਟਰਾਰ ਸ਼੍ਰੀ ਤਾਜੇਸ਼ਵਰ ਸਿੰਘ, ਵੇਰਕਾ ਸਹਿਕਾਰੀ ਸਭਾਵਾ/ ਤਲਵੰਡੀ ਸਾਬੋ ਦੇ ਸਹਾਇਕ ਰਜਿਸਟਰਾਰ ਸ਼੍ਰੀ ਹਰਮੀਤ ਸਿੰਘ, ਜਨਰਲ ਮੈਨੇਜਰ ਵੇਰਕਾ ਸ਼੍ਰੀ ਅਨੀਮੇਸ਼ ਪ੍ਰਮਾਨਿਕ ਤੇ ਵੇਰਕਾ ਦੇ ਡਾਇਰੈਕਟਰ ਸ਼੍ਰੀ ਸੁਖਪ੍ਰੀਤ ਸੁੱਖੀ ਮਾਨ ਆਦਿ ਹਾਜ਼ਰ ਸਨ।

ਇਸ ਮੌਕੇ ਸੰਯੁਕਤ ਰਜਿਸਟਰਾਰ ਸਹਿਕਾਰੀ ਸਭਾਵਾਂ ਸ਼੍ਰੀ ਉਮੇਸ਼ ਕੇ ਨੇ ਰੁੱਖਾਂ ਦੀ ਮਹੱਤਤਾ ਤੇ ਜ਼ੋਰ ਦਿੰਦਿਆਂ ਕਿਹਾ ਕਿ ਵਾਤਾਵਰਣ ਦੀ ਸੰਭਾਲ ਦੇ ਮੱਦੇਨਜ਼ਰ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਜਿੱਥੇ ਸਾਡੀ ਸਾਰਿਆਂ ਦੀ ਜਿੰਮੇਵਾਰੀ ਵੱਧ ਤੋਂ ਵੱਧ ਰੁੱਖ ਲਗਾਉਣਾ ਹੈ ਉਥੇ ਹੀ ਉਨ੍ਹਾਂ ਦੀ ਸਾਂਭ-ਸੰਭਾਲ ਕਰਨਾ ਵੀ ਸਾਡਾ ਮੁੱਖ ਧਰਮ ਹੈ।

ਇਸ ਦੌਰਾਨ ਵੇਰਕਾ ਦੇ ਡਾਇਰੈਕਟਰ ਸ਼੍ਰੀ ਸੁਖਪ੍ਰੀਤ ਸੁੱਖੀ ਮਾਨ ਨੇ ਕਿਹਾ ਕਿ ਲਗਾਏ ਗਏ ਇਨ੍ਹਾਂ ਬੂਟਿਆਂ ਨੂੰ 4 ਭਾਗਾਂ 'ਚ ਵੰਡਿਆ ਗਿਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਬੂਟਿਆਂ ਦੀ ਸਾਂਭ-ਸੰਭਾਲ ਲਈ ਨਿਯੁਕਤ ਕੀਤੀਆਂ ਟੀਮਾਂ 'ਚੋਂ ਜੋ ਵੀ ਟੀਮ ਇਨ੍ਹਾਂ ਬੂਟਿਆਂ ਦੀ ਸੁਚੱਜੀ ਸਾਂਭ-ਸੰਭਾਲ ਕਰੇਗੀ ਉਸ ਟੀਮ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲਗਾਏ ਗਏ ਇਨ੍ਹਾਂ ਬੂਟਿਆਂ ਨੂੰ ਪਾਣੀ ਤੁਪਕਾ ਸਿੰਚਾਈ ਵਿਧੀ ਨਾਲ ਦਿੱਤਾ ਜਾਵੇਗਾ।

## ਨਰਮੇ ਦੀ ਕਾਸ਼ਤ ਸੰਬੰਧੀ ਸਿਖਲਾਈ ਕੈਂਪ ਆਯੋਜਿਤ

**ਬਠਿੰਡਾ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

: ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੁਆਰਾ ਚਲਾਈ ਜਾ ਰਹੀ ਨਰਮੇ ਦੀ ਕਾਸ਼ਤ ਦੀ ਸਫ਼ਲ ਮੁਹਿੰਮ ਤਹਿਤ ਸਥਾਨਕ ਪੀ.ਏ.ਯੂ. ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਡਿਪਟੀ ਡਾਇਰੈਕਟਰ (ਟ੍ਰੇਨਿੰਗ) ਕੇ.ਵੀ.ਕੇ ਡਾ. ਗੁਰਦੀਪ ਸਿੰਘ ਸਿੱਧੂ ਦੀ ਰਹਿਨੁਮਾਈ ਹੇਠ ਪਿੰਡ ਮਾਨਕ ਖਾਨਾ ਵਿਖੇ ਕਿਸਾਨ ਜਾਗਰੂਕਤਾ ਕੈਂਪ ਖੇਤੀਬਾੜੀ ਅਤੇ ਕਿਸਾਨ ਕਲਿਆਨ ਵਿਭਾਗ ਬਠਿੰਡਾ ਦੇ ਸਹਿਯੋਗ ਨਾਲ ਲਗਾਇਆ ਗਿਆ। ਸਹਾਇਕ ਪ੍ਰੋ: ਪੌਦ ਸੁਰੱਖਿਆ ਕੇ.ਵੀ.ਕੇ. ਡਾ. ਵਿਨੈ ਸਿੰਘ ਨੇ ਦੱਸਿਆ ਕਿ ਕੈਂਪ ਦੌਰਾਨ 35 ਕਿਸਾਨਾਂ ਨੇ ਭਾਗ ਲਿਆ। ਕੈਂਪ ਦੌਰਾਨ ਕਿਸਾਨ ਵੀਰਾਂ ਨਾਲ ਫ਼ਸਲ ਵਿੱਚ ਕੀੜੇ-ਮਕੌੜਿਆਂ ਦੀ ਰੋਕਥਾਮ ਸੰਬੰਧੀ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕਰਨ ਦੇ ਨਾਲ-ਨਾਲ ਇਨ੍ਹਾਂ ਨਾਲ ਹੋਣ ਵਾਲੇ ਆਰਥਿਕ ਨੁਕਸਾਨ ਬਾਰੇ ਵੀ ਦੱਸਿਆ ਗਿਆ ਅਤੇ ਸਲਾਹ ਦਿੱਤੀ ਗਈ ਕਿ ਫ਼ਸਲ ਤੇ ਜ਼ਿਆਦਾ ਹਮਲੇ ਦੀ ਸੂਰਤ ਵਿੱਚ ਸੰਯੁਕਤ ਕੀਟ ਪ੍ਰਬੰਧਨ ਨੂੰ ਧਿਆਨ ਵਿੱਚ ਰੱਖਦਿਆ ਯੂਨੀਵਰਸਿਟੀ ਵੱਲੋਂ ਸਿਫਾਰਸ਼ ਕੀਟਨਾਸ਼ਕਾਂ ਦੀ ਹੀ ਵਰਤੋਂ ਕੀਤੀ ਜਾਵੇ। ਕੇ.ਵੀ.ਕੇ. ਟੀਮ ਵੱਲੋਂ ਕੈਂਪ ਦੌਰਾਨ ਖੇਤਾਂ ਦਾ ਦੌਰਾ ਕਰਦਿਆਂ ਕਿਸਾਨਾਂ ਨੂੰ ਸਮੇਂ-ਸਮੇਂ ਕੀੜੇ-ਮਕੌੜਿਆਂ ਦਾ ਸਰਵੇਖਣ ਕਰਨ ਅਤੇ ਪਛਾਣ ਕਰਨ ਬਾਰੇ ਸਿਖਲਾਈ ਦੇਣ ਦੇ ਨਾਲ-ਨਾਲ ਕਿਸਾਨਾਂ ਨੂੰ ਗੁਲਾਬੀ ਸੁੰਡੀ ਦਾ ਸਮੇਂ-ਸਿਰ ਪਤਾ ਲਾਉਣ ਲਈ ਫਿਰੋਮੋਨ ਟਰੈਪ ਦੀ ਵਰਤੋਂ ਬਾਰੇ ਵੀ ਜਾਣੂ ਕਰਾਇਆ ਗਿਆ.

# ਸੀਟੀ ਯੂਨੀਵਰਸਿਟੀ ਨੇ ਅਜ਼ਰਬਾਈਜਾਨ ਵਿੱਚ 7ਵੀਂ ਅੰਤਰਰਾਸ਼ਟਰੀ ਮਲਟੀ-ਟਰੈਕ ਕਾਨਫਰੰਸ ਦੀ ਕੀਤੀ ਮੇਜ਼ਬਾਨੀ

**ਜਲੰਧਰ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਸੀਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਸੀਟੀ ਯੂਨੀਵਰਸਿਟੀ, ਲੁਧਿਆਣਾ ਅਤੇ ਸਿਟੀ ਯੂਨੀਵਰਸਿਟੀ ਅਜਮਾਨ, ਅਜ਼ਰਬਾਈਜਾਨ ਸਟੇਟ ਯੂਨੀਵਰਸਿਟੀ ਆਫ਼ ਇਕਨਾਮਿਕਸ (UNEC) ਦੇ ਸਹਿਯੋਗ ਨਾਲ ਵਿਗਿਆਨ, ਇੰਜੀਨੀਅਰਿੰਗ, ਪ੍ਰਬੰਧਨ ਅਤੇ ਤਕਨੀਕੀ ਇਨੋਵੇਸ਼ਨ (IMSEMTI) 'ਤੇ 7ਵੀਂ ਅੰਤਰਰਾਸ਼ਟਰੀ ਮਲਟੀ-ਟਰੈਕ ਕਾਨਫਰੰਸ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। 2024. ਇਸ ਕਾਨਫਰੰਸ ਨੇ ਅਕਾਦਮਿਕ, ਖੋਜ ਵਿਦਵਾਨਾਂ ਅਤੇ ਵੱਖ-ਵੱਖ ਵਿਸ਼ਿਆਂ ਦੇ ਮਾਹਿਰਾਂ ਨੂੰ ਹਾਈਬ੍ਰਿਡ ਫਾਰਮੈਟ ਵਿੱਚ ਇਕੱਠੇ ਹੋਣ ਲਈ ਇੱਕ ਬੇਮਿਸਾਲ ਪਲੇਟਫਾਰਮ ਪ੍ਰਦਾਨ ਕੀਤਾ।ਇਹ ਕਾਨਫਰੰਸ ਔਨਲਾਈਨ ਅਤੇ ਔਫਲਾਈਨ ਦੋਵਾਂ ਮੋਡਾਂ ਵਿੱਚ ਆਯੋਜਿਤ ਕੀਤੀ ਗਈ ਸੀ, ਜਿਸ ਵਿੱਚ ਯੂਏਈ, ਭਾਰਤ ਅਤੇ ਅਜ਼ਰਬਾਈਜਾਨ ਸਮੇਤ ਦੇਸ਼ਾਂ ਤੋਂ ਲਗਭਗ 120 ਪ੍ਰਤੀਭਾਗੀ ਆਨਲਾਈਨ ਸ਼ਾਮਲ ਹੋਏ ਸਨ, ਜਦੋਂ ਕਿ ਲਗਭਗ 50 ਪ੍ਰਤੀਭਾਗੀਆਂ ਨੇ ਆਜ਼ਰਬਾਈਜਾਨ ਵਿੱਚ ਵਿਅਕਤੀਗਤ ਤੌਰ 'ਤੇ ਹਿੱਸਾ ਲਿਆ ਸੀ। ਇਵੈਂਟ ਵਿੱਚ ਮੈਡੀਕਲ, ਵਾਤਾਵਰਨ, ਵਣਜ, ਪ੍ਰਬੰਧਨ, ਮਨੁੱਖਤਾ, ਇੰਜਨੀਅਰਿੰਗ, ਅਤੇ ਤਕਨੀਕੀ ਨਵੀਨਤਾ ਵਰਗੇ ਖੇਤਰਾਂ ਤੋਂ ਵਿਦਵਤਾ ਭਰਪੂਰ ਪੇਪਰਾਂ ਦੀ ਇੱਕ ਵਿਭਿੰਨ ਸ਼੍ਰੇਣੀ ਦਾ ਪ੍ਰਦਰਸ਼ਨ ਕੀਤਾ ਗਿਆ। ਡਾ.ਸ਼ਾਹਲਾ ਗਹਿਰਾਮਾਨੋਵਾ, ਕਾਰੋਬਾਰੀ ਪ੍ਰਸ਼ਾਸਨ ਵਿਭਾਗ, ਅਜ਼ਰਬਾਈਜਾਨ ਸਟੇਟ ਯੂਨੀਵਰਸਿਟੀ ਆਫ ਇਕਨਾਮਿਕਸ (”©53) ਦੇ ਐਸੋਸੀਏਟ ਪ੍ਰੋਫੈਸਰ ਨੇ ਮੁੱਖ ਬੁਲਾਰੇ ਅਤੇ ਸੈਸ਼ਨ ਦੀ ਪ੍ਰਧਾਨਗੀ ਕੀਤੀ। ਡਾ: ਵਰਿੰਦਰ ਸਿੰਘ ਰਾਣਾ, ਪ੍ਰਾਹੁਣਚਾਰੀ ਅਤੇ ਸੈਰ ਸਪਾਟਾ ਪ੍ਰਬੰਧਨ ਵਿਭਾਗ ਦੇ ਚੇਅਰ ਅਤੇ ਸਿਟੀ ਯੂਨੀਵਰਸਿਟੀ, ਅਜਮਾਨ ਵਿਖੇ ਖੋਜ ਦੇ ਡਿਪਟੀ ਡਾਇਰੈਕਟਰ, ਨੇ ਵੀ ਮੁੱਖ ਬੁਲਾਰੇ ਅਤੇ ਸੈਸ਼ਨ ਦੀ ਪ੍ਰਧਾਨਗੀ ਵਜੋਂ ਯੋਗਦਾਨ ਪਾਇਆ। ਹੋਰ ਪਤਵੰਤੇ ਮਹਿਮਾਨਾਂ ਵਿੱਚ ਡੀਏਵੀ ਕਾਲਜ ਜਲੰਧਰ ਦੇ ਪ੍ਰਿੰਸੀਪਲ ਡਾ.ਰਾਜੇਸ਼ ਕੁਮਾਰ; ਮੀਤਾ ਸੇਤਾ, ਪੈਟਕ ਗਾਲਾ ਕਾਲਜ ਆਫ ਕਾਮਰਸ ਐਂਡ ਮੈਨੇਜਮੈਂਟ ਦੇ ਇੰਚਾਰਜ ਪ੍ਰਿੰਸੀਪਲ ਡਾ. ਡੀਏਵੀ ਕਾਲਜ ਦੇ ਜ਼ੂਆਲੋਜੀ ਵਿਭਾਗ ਦੇ ਮੁਖੀ ਸ਼੍ਰੀ ਪੁਨੀਤ ਪੁਰੀ; ਅਤੇ ਚਿਤਕਾਰਾ ਯੂਨੀਵਰਸਿਟੀ ਤੋਂ ਸ਼੍ਰੀਮਤੀ ਜਸਮੀਤ ਕੌਰ ਸ਼ਾਮਿਲ ਸਨ।

ਡਾ: ਸ਼ਹਲਾ ਗਹਿਰਾਮਾਨੋਵਾ ਅਤੇ ਡਾ: ਵਰਿੰਦਰ ਸਿੰਘ ਰਾਣਾ ਨੇ ਆਲਮੀ ਵਿਦਵਾਨਾਂ ਵਿਚਕਾਰ ਨਵੀਨਤਾ ਅਤੇ ਸਹਿਯੋਗ ਨੂੰ ਉਤਸ਼ਾਹਿਤ ਕਰਨ ਲਈ ਅਜਿਹੇ ਇਕੱਠਾਂ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਕਾਨਫਰੰਸ ਦੀ ਸ਼ੁਰੂਆਤ ਕੀਤੀ। ਉਨ੍ਹਾਂ ਦੀ ਭਾਗੀਦਾਰੀ, ਬਹੁਤ ਸਾਰੇ ਨਾਮਵਰ ਖੋਜਕਰਤਾਵਾਂ ਦੇ ਨਾਲ, ਨੇ ਘਟਨਾ ਦੀ ਉੱਚ ਯੋਗਤਾ ਨੂੰ ਰੇਖਾਂਕਿਤ ਕੀਤਾ। ਭਾਗੀਦਾਰਾਂ ਨੇ ਵਿਚਾਰਕਾਂ ਅਤੇ ਪ੍ਰੈਕਟੀਸ਼ਨਰਾਂ ਦੇ ਇੱਕ ਵਿਭਿੰਨ ਸਮੂਹ ਨੂੰ ਇੱਕਠੇ ਕਰਨ ਲਈ ਕਾਨਫਰੰਸ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ, ਵਿਚਾਰਾਂ ਅਤੇ ਸੂਝ ਦੇ ਇੱਕ ਅਮੀਰ ਅਦਾਨ-ਪ੍ਰਦਾਨ ਨੂੰ ਸਮਰੱਥ ਬਣਾਇਆ। ਇਸ ਸਾਲ ਦੇ ਇਵੈਂਟ ਨੂੰ ਇਸਦੇ ਸੰਮਿਲਿਤ ਸੁਭਾਅ ਦੁਆਰਾ ਚਿੰਨ੍ਹਿਤ ਕੀਤਾ ਗਿਆ ਸੀ, ਜਿਸ ਨਾਲ ਹਰੇਕ ਭਾਗੀਦਾਰ ਨੂੰ ਆਪਣੇ ਵਿਚਾਰਾਂ ਅਤੇ ਵਿਚਾਰਾਂ ਨੂੰ ਸਾਂਝਾ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕੀਤਾ ਗਿਆ ਸੀ।

ਦੁਬਈ, ਮਲੇਸ਼ੀਆ, ਸਿੰਗਾਪੁਰ, ਅਤੇ ਵੀਅਤਨਾਮ ਵਿੱਚ ਹੋਈਆਂ ਪਿਛਲੀਆਂ IMSEMTI ਕਾਨਫਰੰਸਾਂ ਵਿੱਚ ਹਰੇਕ ਨੇ ਵਿਲੱਖਣ ਅਨੁਭਵ ਪੇਸ਼ ਕੀਤੇ ਹਨ। ਅਜ਼ਰਬਾਈਜਾਨ ਵਿੱਚ 2024 ਕਾਨਫਰੰਸ ਨੇ ਇੱਕ ਨਵਾਂ ਮਿਆਰ ਸਥਾਪਤ ਕੀਤਾ ਹੈ, ਉਮੀਦਾਂ ਨੂੰ ਪਾਰ ਕਰਦੇ ਹੋਏ ਅਤੇ ਸੀਟੀ ਗਰੁੱਪ ਅਤੇ ਸੀਟੀ ਯੂਨੀਵਰਸਿਟੀ ਦੀ ਵਿਸ਼ਵਵਿਆਪੀ ਖੋਜ ਅਤੇ ਨਵੀਨਤਾ ਨੂੰ ਅੱਗੇ ਵਧਾਉਣ ਲਈ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ ਹੈ।

# ਹਰਿਆਣਾ ਸਰਕਾਰ ਅੰਮੂਪੁਰ ਦੇ ਉਜਾੜੇ ਸਿੱਖ ਪ੍ਰਵਾਰਾਂ ਦੇ ਵਸੇਬੇ ਲਈ ਤੁਰੰਤ ਕਾਰਵਾਈ ਕਰੇ : ਭਾਈ ਵਡਾਲਾ



**ਨਾਭਾ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ੇਰ-ਏ-ਪੰਜਾਬ ਦਲ ਦੇ ਸਰਪ੍ਰਸਤ ਭਾਈ ਬਲਦੇਵ ਸਿੰਘ ਵਡਾਲਾ ਸਿੱਖ ਸਦਭਾਵਨਾਦਲ ਦੇ ਪੰਜਾਬ ਪ੍ਰਧਾਨ ਭਾਈ ਗੁਰਮੀਤ ਸਿੰਘ ਬੂਹੀ ਆਪਣੀ ਟੀਮ ਸਮੇਤ ਹਰਿਆਣੇ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੂੰ ਮਿਲ ਕੇ ਹਰਿਆਣੇ ਦੇ ਉਜਾੜੇ ਗਏ ਸਿੱਖ ਪ੍ਰਵਾਰਾਂ ਦੇ ਮੁੜ ਵਸੇਬੇ ਲਈ ਅਤੇ ਦੋਸ਼ੀਆ ਖਿਲਾਫ ਤੁਰੰਤ ਕਾਰਵਾਈ ਲਈ ਇੱਕ ਪੱਤਰ ਦੇਣ ਪਹੁੰਚੇ।

ਉਨ੍ਹਾਂ ਗੱਲਬਾਤ ਦੌਰਾਨ ਆਖਿਆ ਕਿ ਹਰਿਆਣੇ ਕਰਨਾਲ ਨੇੜੇ ਪਿੰਡ ਅੰਮੂਪੁਰ ਵਿਖੇ ਉੱਥੋਂ ਦੇ ਸਰਪੰਚ ਜੁੱਧ ਵੀਰ ਸਿੰਘ ਤੇ ਉਸ ਦਾ ਪਿਉ ਬੌਬੀ ਰਾਣਾ ਨੇ ਗਰੀਬ ਸਿੱਖ ਪ੍ਰਵਾਰਾਂ ਦੀ ਜਮੀਨ ਜਾਇਦਾਦ ਹਥਿਆਉਣ ਲਈ ਪ੍ਰਸ਼ਾਸਨ ਨੂੰ ਗੁੰਮਰਾਹ ਕਰਕੇ ਭਾਈ ਗੁਰਦੇਵ ਸਿੰਘ ਰੇਸ਼ਮ ਸਿੰਘ ਬੂਟਾ ਸਿੰਘ ਰਘਬੀਰ ਸਿੰਘ ਚਾਰ ਸਿੱਖ ਪਰਿਵਾਰਾਂ ਦੇ ਘਰ ਢਾਹ ਦਿੱਤੇ।ਸਾਜੋ ਸਮਾਨ ਲੁੱਟ ਪੁੱਟ ਲਿਆ।ਬੱਚਿਆਂ ਦੇ ਸਕੂਲ ਵਾਲੇ ਬੈਗ ਤੱਕ ਲੈ ਗਏ। ਬੱਚਿਆਂ ਬਜੁਰਗਾਂ ਬੀਬੀਆਂ ਨਾਲ ਹੱਥੋਪਾਈ ਕੀਤੀ। ਉਹ ਵੀ ਉਹਨਾਂ ਪ੍ਰਵਾਰਾਂ ਨਾਲ ਜੋ 1947 ਦੀ ਵੰਡ ਵੇਲੇ ਉੱਜੜ ਕੇ ਆਏ ਸਨ। ਜਿੰਨਾ ਦਾ ਸਭ ਕੁਝ ਬਰਬਾਦ ਹੋਇਆ ਕੇਵਲ ਜਾਨਾਂ ਹੀ ਬਚੀਆਂ ਸਨ।ਤਿੰਨਾਂ ਪ੍ਰਵਾਰਾਂ ਨੂੰ 1947 ਮੁੜ ਯਾਦ ਕਰਾਉਂਦਿਆਂ ਅੱਜ ਫਿਰ ਉਜਾੜਿਆ ਗਿਆ। ਜੋ ਸਵਿੰਧਾਨ ਕਾਨੂੰਨ ਦੀ ਉਲੰਘਣਾ ਹੈ।ਘਟ ਗਿਣਤੀਆਂ ਲਈ ਖਤਰੇ ਦੀ ਘੰਟੀ ਹੈ ਅਤੇ ਮਨੁੱਖੀ ਅਧਿਕਾਰਾਂ ਦਾ ਘਾਣ ਹੈ।ਫਿਰ ਉੱਥੇ 150 ਦੇ ਕਰੀਬ ਪ੍ਰਵਾਰ ਵੱਸ ਰਹੇ ਹਨ ਲੇਕਿਨ ਨਿਸ਼ਾਨਾਂ ਸਿੱਖ ਪ੍ਰਵਾਰਾਂ ਨੂੰ ਹੀ ਬਣਾਇਆ ਗਿਆ ਜੋ ਕਿ ਸੰਵਿਧਾਨ ਦੇ ਉਲਟ ਹੈ।

ਇਸ ਲਈ ਤੁਰੰਤ ਦੋਸ਼ੀਆ ਖਿਲਾਫ ਕਾਰਵਾਈ ਹੋਵੇ ਅਤੇ ਉਜਾੜੇ ਗਏ ਪ੍ਰਵਾਰਾਂ ਨੂੰ ਮੁੜ ਘਰ ਬਣਾ ਕੇ ਦਿੱਤੇ ਜਾਣ। ਜਿਸ ਦਾ ਮੁੱਖ ਮੰਤਰੀ ਜੀ ਨੇ ਦੋਸ਼ੀਆ ਖਿਲਾਫ ਤੁਰੰਤ ਕਾਰਵਾਈ ਦਾ ਸਾਨੂੰ ਭਰੋਸਾ ਦਿੱਤਾ ਹੈ।ਉਹਨਾਂ ਨਾਲ ਸ਼ੇਰ-ਏ-ਪੰਜਾਬ ਦਲ ਦੇ ਸੇਵਾਦਾਰ ਭਾਈ ਇਕਬਾਲ ਸਿੰਘ ਭਾਈ ਹਰਦੀਪ ਸਿੰਘ ਭਾਈ ਲਾਭ ਸਿੰਘ ਭਾਈ ਸਰਬਜੀਤ ਸਿੰਘ ਭਾਈ ਜਗਮਿੰਦਰ ਸਿੰਘ ਸਵਾਜਪੁਰ ਭਾਈ ਗਗਨਪ੍ਰੀਤ ਸਿੰਘ ਭਾਈ ਅਮਨਪ੍ਰੀਤ ਸਿੰਘ ਮਹੱਦੀਪੁਰ ਭਾਈ ਸੁਖਬੀਰ ਸਿੰਘ ਬੂਹੀ ਭਾਈ ਜਤਿੰਦਰ ਸਿੰਘ ਹਾਜ਼ਰ ਸਨ।

# ਜਿਲਾ ਰੂਪਨਗਰ ਵਿੱਚ ਮਾਨਸੂਨ ਸੀਜ਼ਨ ਦੌਰਾਨ ਲਗਾਏ ਜਾਣਗੇ 11 ਲੱਖ ਬੂਟੇ : ਹਰਜੋਤ ਬੈਂਸ

## ➢ ਹਰਿਆਵਲ ਮੁਹਿੰਮ ਤਹਿਤ 11 ਲੱਖ ਬੂਟੇ ਲਗਾ ਕੇ ਇਲਾਕੇ ਨੂੰ ਬਣਾਇਆ ਜਾਵੇਗਾ ਹਰਿਆ ਭਰਿਆ ➢ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਤੇ ਡਿਪਟੀ ਕਮਿਸ਼ਨਰ ਡਾ:ਪ੍ਰੀਤੀ ਯਾਦਵ ਵੱਲੋਂ ਪਿੰਡ ਭਲਾਣ ਵਿਖੇ ਲਗਾਏ ਗਏ ਬੂਟੇ

**ਸ੍ਰੀ ਅਨੰਦਪੁਰ ਸਾਹਿਬ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਅਨੰਦਪੁਰ ਸਾਹਿਬ ਤੋਂ ਹਲਕਾ ਵਿਧਾਇਕ ਅਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਤੇ ਡਾ:ਪ੍ਰੀਤੀ ਯਾਦਵ ਡਿਪਟੀ ਕਮਿਸ਼ਨਰ ਰੂਪਨਗਰ ਵੱਲੋਂ ਅੱਜ ਪਿੰਡ ਭਲਾਣ ਵਿਖੇ ਜ਼ਿਲੇ ਵਿੱਚ 11 ਲੱਖ ਬੂਟੇ ਲਗਾਉਣ ਦੀ ਮੁਹਿੰਮ ਤਹਿਤ ਵੱਖ ਵੱਖ ਤਰਾਂ ਦੇ ਛਾਦਾਰ, ਫੁੱਲਦਾਰ ਤੇ ਫਲਦਾਰ ਬੂਟੇ ਲਗਾਏ ਗਏ।ਇਸ ਮੌਕੇ ਪਿੰਡ ਭਲਾਣ ਦੇ ਕਮਿਊਨਿਟੀ ਸੈਂਟਰ ਵਿਖੇ 5 ਬੂਟੇ ਲਗਾ ਕੇ ਇਸ ਮੁਹਿੰਮ ਨੂੰ ਹੁਲਾਰਾ ਦਿੱਤਾ ਗਿਆ।

ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਅੱਜ ਵਾਤਾਵਰਣ ਵਿੱਚ ਕਾਫੀ ਤਬਦੀਲੀ ਦੇਖਣ ਨੂੰ ਮਿਲ ਰਹੀ ਹੈ ਜਿਸ ਕਾਰਨ ਲੋਕਾਂ ਨੂੰ ਭਾਰੀ ਗਰਮੀ ਸਹਿਣ ਕਰਨੀ ਪੈ ਰਹੀ ਹੈ।

ਉਨਾਂ ਕਿਹਾ ਕਿ ਲਗਾਤਾਰ ਹੋ ਰਹੀ ਰੁੱਖਾਂ ਦੀ ਕਟਾਈ ਕਾਰਨ ਮੌਸਮ ਵਿੱਚ ਭਿਆਨਕ ਤਬਦੀਲੀ ਦੇਖਣ ਨੂੰ ਮਿਲ ਰਹੀ ਹੈ, ਇਸ ਵਾਰ ਪੂਰੇ ਦੇਸ਼ ਵਿੱਚ



ਰਿਕਾਰਡ ਤੋੜ ਗਰਮੀ ਪੈ ਰਹੀ ਹੈ ਜਿਸ ਦਾ ਇੱਕੋ ਇੱਕ ਕਾਰਨ ਰੁੱਖਾਂ ਦੀ ਅੰਨ੍ਹੇਵਾਹ ਹੋ ਰਹੀ ਕਟਾਈ ਹੈ। ਉਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਹਰ ਇੱਕ ਇਨਸਾਨ ਨੂੰ ਵਾਤਾਵਰਣ ਨੂੰ ਬਚਾਉਣ ਲਈ ਅੱਗੇ ਆਉਣਾ ਚਾਹੀਦਾ ਹੈ ਤੇ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਹਨ ਤਾਂ ਜੋ ਸਾਡਾ ਆਲਾ ਦੁਆਲਾ ਹਰਿਆ ਭਰਿਆ ਰਹਿ ਸਕੇ।

ਇਸ ਮੌਕੇ ਡਿਪਟੀ ਕਮਿਸ਼ਨਰ ਡਾ:ਪ੍ਰੀਤੀ ਯਾਦਵ ਨੇ ਕਿਹਾ ਕਿ ਸਾਡੇ ਵੱਲੋਂ ਇਹ ਟੀਚਾ ਮਿਥਿਆ ਗਿਆ ਹੈ ਕਿ ਪੂਰੇ ਜ਼ਿਲੇ ਵਿੱਚ ਬਰਸਾਤਾਂ ਦੇ ਮੌਸਮ ਦੌਰਾਨ 11 ਲੱਖ ਬੂਟੇ ਲਗਾਏ ਜਾਣਗੇ ਤੇ ਜ਼ਿਲੇ ਨੂੰ ਹਰਿਆ ਭਰਿਆ ਰੱਖਿਆ ਜਾਵੇਗਾ। ਉਨਾਂ ਕਿਹਾ ਕਿ ਸਾਡੇ ਵੱਲੋਂ ਸਾਰੇ ਸਰਕਾਰੀ ਮੁਲਾਜ਼ਮਾਂ ਨੂੰ ਵੀ ਪ੍ਰੇਰਿਤ ਕੀਤਾ ਜਾ ਰਿਹਾ ਹੈ ਕਿ ਸਾਰੇ ਵੱਧ ਤੋਂ ਵੱਧ ਬੂਟੇ ਆਪਣੇ ਆਪਣੇ ਘਰਾਂ ਵਿੱਚ ਲਗਾਉਣ ਤਾਂ ਜੋ ਵਾਤਾਵਰਣ ਦਾ ਸੰਤੁਲਨ ਬਰਕਰਾਰ ਰੱਖਿਆ ਜਾ ਸਕੇ। ਅੱਜ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਤੇ ਡਿਪਟੀ ਕਮਿਸ਼ਨਰ ਡਾ:ਪ੍ਰੀਤੀ ਯਾਦਵ ਵੱਲੋਂ ਪਿੰਡ ਭਲਾਣ ਵਿਖੇ ਫੁੱਲਦਾਰ ਤੇ ਫਲਦਾਰ ਬੂਟੇ ਲਗਾ ਕੇ ਇਸ ਮੁਹਿੰਮ ਨੂੰ ਭਰਵਾ ਹੁੰਗਾਰਾ ਦਿੱਤਾ ਗਿਆ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿ) ਸੰਜੀਵ ਕੁਮਾਰ, ਐਸ.ਡੀ.ਐਮ ਨੰਗਲ ਅਨਮਜੋਤ ਕੌਰ, ਮੁੱਖ ਮੰਤਰੀ ਫੀਲਡ ਅਫਸਰ ਸੁਖਪਾਲ ਸਿੰਘ ਐਸ.ਡੀ.ਐਮ ਮੋਰਿੰਡਾ ਤੋ ਇਲਾਵਾ ਦੀਪਕ ਸੋਨੀ, ਜਸਪ੍ਰੀਤ ਜੇ.ਪੀ, ਨਿਤਿਨ ਪੁਰੀ, ਚਮਨ ਲਾਲ, ਰਾਕੇਸ਼ ਵਰਮਾ, ਰਮਨ ਕਾਂਤ ਸੋਨੂੰ, ਰੋਹਿਤ, ਰਜਿੰਦਰ ਕੁਮਾਰ, ਰਾਜੀਵ ਕੁਮਾਰ, ਬੁੱਧ ਰਾਮ, ਬੱਬੂ, ਪਰਮਜੀਤ ਸੈਣੀ ਅਤੇ ਵੱਡੀ ਗਿਣਤੀ ਵਿਚ ਪਤਵੰਤੇ ਹਾਜਰ ਸਨ।

# ਡਿਪਟੀ ਕਮਿਸ਼ਨਰ ਨੇ ਮਿਸ਼ਨ ਵਤਸੱਲਿਆ ਅਧੀਨ ਸਪਾਂਸਰਸ਼ਿਪ ਅਤੇ ਫੋਸਟਰ ਕੇਅਰ ਅਪਰੂਵਲ ਕਮੇਟੀ ਵਲੋਂ ਨਵੇਂ 29 ਕੇਸਾਂ ਦੀ ਪ੍ਰਵਾਨਗੀ ਕੀਤੀ ਜਾਰੀ

**ਅੰਮ੍ਰਿਤਸਰ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਸਰਕਾਰ ਦੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਮੰਤਰਾਲੇ ਅਧੀਨ ਸੰਗਠਿਤ ਬਾਲ ਸੁਰੱਖਿਆ ਸਕੀਮ ਅਧੀਨ ਬੇਸਹਾਰਾ, ਲੋੜਵੰਦ ਅਤੇ ਅਨਾਥ ਬੱਚਿਆਂ ਲਈ ਸਪਾਂਸਰਸ਼ਿਪ ਸਕੀਮ ਚਲਾਈ ਜਾ ਰਹੀ ਹੈ। ਜਿਸ ਅਨੁਸਾਰ ਚੁਣੇ ਗਏ ਬੱਚਿਆਂ ਨੂੰ ਪ੍ਰਤੀ ਬੱਚਾ ਪ੍ਰਤੀ ਮਹੀਨਾ 2000/- ਰੁਪਏ ਦੀ ਸਪਾਂਸਰਸ਼ਿਪ ਦਿੱਤੀ ਜਾਂਦੀ ਸੀ ਨੂੰ ਵਧਾ ਕੇ ਪ੍ਰਤੀ ਬੱਚਾ ਪ੍ਰਤੀ ਮਹੀਨਾ 4000/- ਰੁਪਏ ਕਰ ਦਿੱਤੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ ਨੇ ਦੱਸਿਆ ਕਿ ਭਾਰਤ ਸਰਕਾਰ ਦੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਮੰਤਰਾਲੇ ਅਧੀਨ ਸੰਗਠਿਤ ਬਾਲ ਸੁਰੱਖਿਆ ਸਕੀਮ ਨੂੰ ਬਦਲ ਕੇ ਮਿਸ਼ਨ ਵਤਸੱਲਿਆ ਦਾ ਨਾਮ ਦੇ ਦਿੱਤਾ ਗਿਆ ਹੈ। ਉਨਾਂ ਦੱਸਿਆ ਕਿ ਇਸ ਸਕੀਮ ਅਧੀਨ ਬੇਸਹਾਰਾ, ਲੋੜਵੰਦ ਅਤੇ ਅਨਾਥ ਬੱਚਿਆਂ ਨੂੰ ਵਿੱਤੀ ਲਾਭ ਦੇਣ ਲਈ ਜਿਲ੍ਹਾ ਪੱਧਰ ਤੇ ਫੋਸਟਰ ਕੇਅਰ ਅਪਰੂਵਲ ਕਮੇਟੀ ਦਾ ਗਠਨ ਕੀਤਾ ਗਿਆ ਹੈ।

ਇਸ ਕਮੇਟੀ ਵਿੱਚ ਡਿਪਟੀ ਕਮਿਸ਼ਨਰ ਚੇਅਰਪਰਸਨ ਹਨ



ਅਤੇ ਇਸ ਕਮੇਟੀ ਦੇ ਮੈਂਬਰ ਸੈਕਟਰੀ ਜਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਪਾਂਸਰਸ਼ਿਪ ਅਤੇ ਫੋਸਟਰ ਕੇਅਰ ਸਕੀਮ ਦੀਆਂ ਗਾਈਡਲਾਇਨਜ਼ ਅਨੁਸਾਰ ਸ਼ਹਿਰੀ ਖੇਤਰ ਨਾਲ ਸਬੰਧਤ ਉਹ ਪਰਿਵਾਰ ਜਿਨ੍ਹਾਂ ਦੀ ਸਾਲਾਨਾ ਆਮਦਨ 96000/- ਰੁਪਏ ਤੋਂ ਘੱਟ ਅਤੇ ਪੇਂਡੂ ਖੇਤਰਾਂ ਵਿੱਚ ਜਿਨ੍ਹਾਂ ਪਰਿਵਾਰਾਂ ਦੀ ਸਾਲਾਨਾ ਆਮਦਨ 72000/- ਰੁਪਏ ਤੋਂ ਘੱਟ ਹੈ। ਉਹ ਪਰਿਵਾਰ ਇਸ ਸਕੀਮ ਦਾ ਲਾਭ ਲੈ ਸਕਦੇ ਹਨ। ਉਨਾਂ ਦੱਸਿਆ ਕਿ ਇਸ ਸਕੀਮ ਅਧੀਨ ਵਿਧਵਾ/ਤਲਾਕਸ਼ੁਦਾ, ਯਤੀਮ ਬੱਚੇ, ਜਾਨਲੇਵਾ ਬਿਮਾਰੀ ਦਾ ਸ਼ਿਕਾਰ ਬੱਚੇ, ਐਚ.ਆਈ.ਵੀ.ਏਡਜ਼ ਤੋਂ ਪ੍ਰਭਾਵਿਤ ਪਰਿਵਾਰ, ਬਾਲ ਭਿੱਖਿਆ ਕਰਦੇ ਬੱਚੇ, ਪੀ.ਐਮ. ਕੇਅਰਜ਼ ਸਕੀਮ ਅਧੀਨ ਆਉਂਦੇ ਬੱਚੇ, ਬਾਲ ਮਜ਼ਦੂਰੀ ਕਰਦੇ ਬੱਚੇ, ਬਾਲ ਵਿਆਹ ਤੇ ਪੀੜ੍ਹਤ ਬੱਚੇ ਆਦਿ ਸ਼ਾਮਲ ਹਨ।

## ਚੋਰੀ ਦੇ ਦੋਸ਼ ਹੇਠ ਦੋ ਖ਼ਿਲਾਫ਼ ਕੇਸ ਦਰਜ

**ਸਮਾਣਾ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਘਰ ਦੇ ਬਾਹਰੋਂ ਸਕੂਟਰੀ ਚੋਰੀ ਕਰਨ ਦੇ ਮਾਮਲੇ ਵਿੱਚ ਸਿਟੀ ਪੁਲੀਸ ਨੇ ਦੋ ਵਿਅਕਤੀਆਂ ਖਿਲਾਫ ਕੇਸ ਦਰਜ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਜੀਵਨ ਸਿੰਘ ਵਾਸੀ ਪਿੰਡ ਗੜ੍ਹੀ ਸਾਹਿਬ (ਗੁਹਲਾ-ਹਰਿਆਣਾ) ਅਤੇ ਕਮਲਜੀਤ ਸਿੰਘ ਵਾਸੀ ਪਿੰਡ ਸਵਾਜਪੁਰਾ ਪਟਿਆਲਾ ਵਜੋਂ ਹੋਈ ਹੈ। ਮਾਮਲੇ ਦੇ ਜਾਂਚ ਅਧਿਕਾਰੀ ਏਐੱਸਆਈ ਬੇਅੰਤ ਸਿੰਘ ਨੇ ਦੱਸਿਆ ਕਿ ਤਰੁਣ ਗੁਪਤਾ ਵਾਸੀ ਪ੍ਰਤਾਪ ਕਲੋਨੀ ਵੱਲੋਂ ਪੁਲੀਸ ਨੂੰ ਦਰਜ ਕਰਵਾਈ ਸ਼ਿਕਾਇਤ ਦੇ ਅਨੁਸਾਰ 24 ਜੂਨ ਦੀ ਦੁਪਹਿਰ ਅਗਰਸੇਨ ਕਲੋਨੀ 'ਚ ਆਪਣੇ ਚਾਚਾ ਦੇ ਘਰ ਦੇ ਬਾਹਰ ਖੜ੍ਹੀ ਕੀਤੀ ਗਈ ਉਸ ਦੀ ਸਕੂਟਰੀ ਕੁਝ ਮਿੰਟ ਬਾਅਦ ਹੀ ਗਾਇਬ ਹੋ ਗਈ। ਜਿਸ ਵਿਚ ਨਗਦੀ, ਦਸਤਾਵੇਜ਼ ਅਤੇ ਹੋਰ ਸਾਮਾਨ ਵੀ ਰੱਖਿਆ ਹੋਇਆ ਸੀ। ਅਧਿਕਾਰੀ ਅਨੁਸਾਰ ਮੁਲਜ਼ਮਾਂ ਦੀ ਪਛਾਣ ਹੋਣ ਕਾਰਨ ਉਨ੍ਹਾਂ ਨੂੰ ਜਲਦੀ ਹੀ ਕਾਬੂ ਕਰ ਲਿਆ ਜਾਵੇਗਾ।

# ਪਿੰਡ ਬਨੀ ਲੋਧੀ ਵਿਖੇ ਜਨ ਸੁਵਿਧਾ ਕੈਂਪ ਲਗਾ ਕੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ



**ਪਠਾਨਕੋਟ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ਅਨੁਸਾਰ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਜ਼ਿਲ੍ਹੇ ਵਿੱਚ ਜਨ ਸੁਵਿਧਾ ਕੈਂਪ ਲਗਾਉਣੇ ਸ਼ੁਰੂ ਕੀਤੇ ਗਏ ਹਨ। ਇਨ੍ਹਾਂ ਜਨ ਸੁਵਿਧਾ ਕੈਂਪਾਂ ਵਿੱਚ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ ਤੇ ਹੱਲ ਕੀਤਾ ਜ਼ਾਂਦਾ ਹੈ। ਜਿਸ ਅਧੀਨ ਅੱਜ ਆਪਦੀ ਸਰਕਾਰ ਆਪਦੇ ਦੁਆਰ ਅਧੀਨ ਅੱਜ ਪਿੰਡ ਬਨੀ ਲੋਧੀ ਵਿਖੇ ਵਿਸੇਸ ਕੈਂਪ ਲਗਾਇਆ ਗਿਆ ਅਤੇ ਲੋਕਾਂ ਦੀਆਂ ਸਿਕਾਇਤਾਂ ਸੁਣੀਆਂ ਗਈਆਂ। ਜਿਨ੍ਹਾਂ ਸਮੱਸਿਆਵਾਂ ਦਾ ਹੱਲ ਮੌਕੇ ਤੇ ਹੋ ਸਕਦਾ ਸੀ ਉਨ੍ਹਾਂ ਸਿਕਾਇਤਾਂ ਦਾ ਮੌਕੇ ਤੇ ਨਿਪਟਾਰਾ ਕੀਤਾ ਗਿਆ ਅਤੇ ਬਾਕੀ ਸਿਕਾਇਤਾਂ ਨੂੰ ਕੰਮਕਾਜ ਵਾਲੇ ਦਿਨ ਦਫਤਰ ਵਿਖੇ ਪਹੁੰਚਣ ਦੇ ਲਈ ਸਮਾਂ ਦਿੱਤਾ ਗਿਆ। ਇਸ ਮੌਕੇ ਤੇ ਸ. ਪਰਮਜੀਤ ਸਿੰਘ ਵਧੀਕ ਡਿਪਟੀ ਕਮਿਸਨਰ (ਵਿਕਾਸ) ਵਿਸੇਸ ਤੌਰ ਤੇ ਹਾਜਰ ਹੋਏ। ਪਿੰਡ ਦੇ ਸਾਬਕਾ ਸਰਪੰਚ ਰਜਿੰਦਰ ਸਿੰਘ ਭਿੱਲਾ ਵੱਲੋਂ ਫੁੱਲਾਂ ਦਾ ਗੁਲਦਸਤਾ ਭੇਂਟ ਕਰਕੇ ਏ.ਡੀ.ਸੀ.(ਡੀ.) ਦਾ ਵਿਸੇਸ ਤੌਰ ਤੇ ਸਵਾਗਤ ਕੀਤਾ ਗਿਆ। ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਸ. ਪਰਮਜੀਤ ਸਿੰਘ ਵਧੀਕ ਡਿਪਟੀ ਕਮਿਸਨਰ(ਵਿਕਾਸ) ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਅਤੇ ਸ੍ਰੀ ਆਦਿੱਤਿਆ ਉੱਪਲ ਡਿਪਟੀ ਕਮਿਸਨਰ ਪਠਾਨਕੋਟ ਜੀ ਦੀ ਰਹਿਨੁਮਾਈ ਵਿੱਚ ਅੱਜ ਆਪਦੀ ਸਰਕਾਰ ਆਪਦੇ ਦੁਆਰ ਅਧੀਨ ਪਿੰਡ ਬਨੀ ਲੋਧੀ ਵਿਖੇ ਜਨ ਸੁਵਿਧਾ ਕੈਂਪ ਲਗਾਇਆ ਗਿਆ ਹੈ ਉਨ੍ਹਾਂ ਜਿਲ੍ਹਾ ਪਠਾਨਕੋਟ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਹਫਤੇ ਵਿੱਚ ਦੋ ਦਿਨ ਵੱਖ-ਵੱਖ ਪਿੰਡਾਂ ਵਿੱਚ ਲਗਾਏ ਜਾਣ ਵਾਲੇ ਜਨ ਸੁਵਿਧਾ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਤਾਂ ਜੋ ਉਨ੍ਹਾਂ ਨੂੰ ਕਿਸੇ ਕਿਸਮ ਦੀ ਖੱਜਲ ਖੁਆਰੀ ਨਾ ਹੋਵੇ।

ਉਨ੍ਹਾਂ ਕਿਹਾ ਲਗਾਏ ਜਾ ਰਹੇ ਜਨ ਸੁਵਿਧਾ ਕੈਂਪਾਂ ਵਿੱਚ ਵੱਖ ਵੱਖ ਵਿਭਾਗਾਂ ਦੇ ਜਿਲ੍ਹਾ ਅਧਿਕਾਰੀ ਆਪ ਹਾਜਰ ਹੋ ਕੇ ਲੋਕਾਂ ਦੀਆਂ ਮੁਸ਼ਕਲਾਂ ਵੀ ਸੁਣ ਰਹੇ ਹਨ ਤਾਂ ਜ਼ੋ ਲੋਕਾਂ ਦੀਆਂ ਸਮੱਸਿਆਵਾਂ ਦਾ ਛੇਤੀ ਨਿਪਟਾਰਾ ਹੋ ਸਕੇ। ਅਜਿਹਾ ਕਰਨ ਨਾਲ ਸਰਕਾਰੀ ਕੰਮ ਕਾਜ ਵਿੱਚ ਪਾਰਦਰਸ਼ਤਾ ਵਧੇਗੀ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਵੀ ਹੋ ਸਕੇਗਾ।

# ਪੰਜਾਬ ਪੁਲਿਸ ਵੱਲੋਂ ਨਸ਼ਿਆਂ ਖਿਲਾਫ ਸ਼ੁਰੂ ਕੀਤੀ ਗਈ ਮੁਹਿੰਮ ਸਲਾਘਾਯੋਗ: ਈ ਟੀ ਓ



**ਅੰਮ੍ਰਿਤਸਰ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕੈਬਨਿਟ ਮੰਤਰੀ ਪੰਜਾਬ ਸ ਹਰਭਜਨ ਸਿੰਘ ਈਟੀਓ ਨੇ ਪੰਜਾਬ ਪੁਲਿਸ ਵੱਲੋਂ ਨਸ਼ਿਆਂ ਖਿਲਾਫ ਸ਼ੁਰੂ ਕੀਤੀ ਗਈ ਮੁਹਿੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜਿਸ ਤਰ੍ਹਾਂ ਪੁਲਿਸ ਵੱਲੋਂ ਨਸ਼ੇ ਦੇ ਸਮਗਲਰਾਂ ਨੂੰ ਨੱਥ ਪਾਉਣ ਦੇ ਨਾਲ- ਨਾਲ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰੱਖਣ ਦੇ ਉਪਰਾਲੇ ਸ਼ੁਰੂ ਕੀਤੇ ਗਏ ਹਨ, ਉਸ ਤੋਂ ਇਹ ਆਸ ਲਗਾਈ ਜਾ ਸਕਦੀ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਨਸ਼ਿਆਂ ਦੇ ਕੋਹੜ ਤੋਂ ਮੁਕਤ ਹੋ ਜਾਵੇਗਾ।

ਅੱਜ ਬੰਡਾਲਾ ਵਿਖੇ ਪੰਜਾਬ ਪੁਲਿਸ ਵੱਲੋਂ ਕਰਵਾਏ ਗਏ ਵਾਲੀਬਾਲ ਟੂਰਨਾਮੈਂਟ, ਜਿਸ ਦਾ ਉਦੇਸ਼ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਸੀ, ਦੀ ਸ਼ੁਰੂਆਤ ਕਰਦੇ ਸ ਹਰਭਜਨ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਦੇ ਸੁਪਨਾ ਉਲੀਕੀ ਬੈਠੇ ਹਨ ਅਤੇ ਇਹ ਸੁਪਨਾ ਤਾਂ ਹੀ ਪੂਰਾ ਹੋ ਸਕਦਾ ਹੈ ਜੇਕਰ ਪੰਜਾਬ ਦਾ ਜਵਾਨ, ਕਿਸਾਨ, ਵਪਾਰੀ, ਉਦਯੋਗਪਤੀ ਗੱਲ ਕੀ ਹਰੇਕ ਵਰਗ ਖੁਸ਼ਹਾਲ ਹੋਵੇ। ਉਨਾ ਕਿਹਾ ਕਿ ਆਰਥਿਕ ਖੁਸ਼ਹਾਲੀ ਦੇ ਨਾਲ-ਨਾਲ ਸਾਡੀ ਕੁਰਾਹੇ ਪਈ ਨੌਜਵਾਨ ਪੀੜੀ ਜੋ ਕਿ ਨਸ਼ਿਆਂ ਦੇ ਰੂਪ ਵਿੱਚ ਜਹਿਰ ਲੈ ਰਹੀ ਹੈ, ਨੂੰ ਰੋਕਣ ਦੇ ਉਪਰਾਲੇ ਵੀ ਸ਼ੁਰੂ ਕੀਤੇ ਗਏ ਹਨ । ਉਹਨਾਂ ਦੱਸਿਆ ਕਿ ਹੁਣ ਕੇਵਲ ਪੰਜਾਬ ਪੁਲਿਸ ਨਸ਼ਾ ਸਮਗਲਰਾਂ ਕੋਲੋਂ ਨਸ਼ਾ ਹੀ ਬਰਾਮਦ ਨਹੀਂ ਕਰ ਰਹੀ ਬਲਕਿ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਵੀ ਜਬਤ ਕਰ ਰਹੀ ਹੈ।

ਇਸ ਤੋਂ ਇਲਾਵਾ ਖੇਡਾਂ ਵਰਗੇ ਉਪਰਾਲੇ ਪੰਜਾਬ ਪੁਲਿਸ ਨੇ ਸ਼ੁਰੂ ਕੀਤੇ ਹਨ , ਜਿਸ ਦੇ ਚੰਗੇ ਨਤੀਜੇ ਭਵਿੱਖ ਵਿੱਚ ਮਿਲਣਗੇ । ਉਹਨਾਂ ਨਾਲ ਇਸ ਮੌਕੇ ਡੀਐਸਪੀ ਜੰਡਿਆਲਾ ਗੁਰੂ, ਥਾਣਾ ਮੁਖੀ ਜੰਡਿਆਲਾ ਗੁਰੂ ਅਤੇ ਇਲਾਕੇ ਦੇ ਮੋਹਤਬਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਕੈਪਸ਼ਨ: ਕੈਬਨਿਟ ਮੰਤਰੀ ਪੰਜਾਬ ਸ ਹਰਭਜਨ ਸਿੰਘ ਈਟੀਓ ਖਿਡਾਰੀਆਂ ਨਾਲ ਨਜ਼ਰ ਆ ਰਹੇ ਹਨ।

# ਲਾਈਨਜ ਕਲੱਬ ਵੱਲੋਂ 13 ਜੁਲਾਈ ਨੂੰ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਲਗਾਏ ਜਾਣਗੇ ਬੂਟੇ



**ਸ੍ਰੀ ਅਨੰਦਪੁਰ ਸਾਹਿਬ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਲਾਈਨਜ ਕਲੱਬ ਸ੍ਰੀ ਅਨੰਦਪੁਰ ਸਾਹਿਬ ਦੀ ਜਰੂਰੀ ਮੀਟਿੰਗ ਪ੍ਰਧਾਨ ਲਾਈਨ ਰਾਜਵਿੰਦਰ ਸਿੰਘ ਸੋਢੀ ਦੀ ਪ੍ਰਧਾਨਗੀ ਹੇਠ ਹੋਈ। ਜਿਸ 'ਚ ਵੱਡੀ ਗਿਣਤੀ ਅਹੁਦੇਦਾਰ ਅਤੇ ਮੈਂਬਰ ਸਹਿਬਾਨ ਹਾਜ਼ਰ ਹੋਏ।

ਇਸ ਮੌਕੇ ਕਾਰਵਾਈ ਸ਼ੁਰੂ ਕਰਦਿਆਂ ਸਕੱਤਰ ਲਾਈਨ ਸੰਜੇ ਮਹਾਜਨ ਨੇ ਲਾਈਨ ਮੈਂਬਰ ਹਰ ਸਿਮਰਨ ਸਿੰਘ ਸਫੀ ਦੇ ਪਿਤਾ ਸਰਦਾਰ ਬਲਵਿੰਦਰ ਸਿੰਘ ਲਾਟੀ ਜੀ ਦੇ ਅਕਾਲ ਚਲਾਣਾ ਕਰ ਜਾਣ ਤੇ ਸ਼ੋਕ ਮਤਾ ਪੇਸ਼ ਕੀਤਾ ਜਿਸ ਤੇ ਸਮੂਹ ਕਲੱਬ ਮੈਂਬਰਾਂ ਵੱਲੋਂ ਮੋਨ ਰੱਖ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆਂ ਪੀਆਰੋ ਲਾਈਨ ਇੰਦਰਜੀਤ ਸਿੰਘ ਅਰੋੜਾ ਵੱਲੋਂ ਦੱਸਿਆ ਗਿਆ ਕਿ ਕਲੱਬ ਵੱਲੋਂ 15 ਜੁਲਾਈ ਦਿਨ ਸੋਮਵਾਰ ਨੂੰ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਬੂਟੇ ਲਗਾਏ ਜਾਣਗੇ ਕਲੱਬ ਵਿੱਚ ਨਵੇਂ ਮੈਂਬਰਾਂ ਜਪਨ ਜੋਤ ਸਿੰਘ ਸੈਫੀ ਅਰੋੜਾ ਅਤੇ ਐਡਵੋਕੇਟ ਵਿਸ਼ਾਲ ਮਹਿਰਾ ਵੱਲੋਂ ਜੁਆਇਨ ਕੀਤਾ ਗਿਆ ਅਖੀਰ ਵਿੱਚ ਕਲੱਬ ਕੈਸ਼ੀਅਰ ਲਾਈਨ ਸੁਖਵਿੰਦਰ ਸਿੰਘ ਬਿੱਟੂ ਵੱਲੋਂ ਹਾਜਰੀਨ ਲਾਈਨਜ ਮੈਂਬਰ ਦਾ ਧੰਨਵਾਦ ਕੀਤਾ ਗਿਆ।

ਇਸ ਮੌਕੇ ਉਪਰੋਕਤ ਤੋਂ ਇਲਾਵਾ ਲਾਈਨ ਭੁਪਿੰਦਰ ਪਾਲ ਸਿੰਘ ਤਲਵਾੜ, ਲਾਈਨ ਦੀਪਕ ਰਾਣਾ ਲਾਈਨ ਵਿਜੈ ਕੁਮਾਰ ਸੋਢੀ, ਲਾਈਨ ਅਰਸ਼ਵਿੰਦਰ ਸਿੰਘ ਛਬਲੀ, ਲਾਈਨ ਕਮਲਜੀਤ ਵਰਮਾ, ਲਾਈਨ ਅਵਤਾਰ ਸਿੰਘ ਬੈਗਾਂ ਵਾਲੇ, ਲਾਈਨ ਜਗਤਾਰ ਸਿੰਘ ਸੰਘਾ, ਲਾਈਨ ਦਵਿੰਦਰ ਸਿੰਘ ਰਾਣਾ, ਲਾਈਨ ਅਜੇ ਸੋਢੀ ਲਾਈਨ ਹਰਚਰਨ ਸਿੰਘ ਬੇਦੀ, ਲਾਈਨ ਮਹੇਸ਼ ਕੁਮਾਰ, ਲਾਈਨ ਅਮਰਿੰਦਰ ਸਿੰਘ ਚੀਮਾ, ਲਾਈਨ ਹਰਸਿਮਰਤ ਸਿੰਘ ਸੈਫੀ, ਲਾਈਨ ਰਾਜਨ ਗਾਬਾ,ਆਦਿਕ ਤੋਂ ਇਲਾਵਾ ਵੱਡੀ ਗਿਣਤੀ 'ਚ ਲਾਈਨਜ਼ ਕਲੱਬ ਦੇ ਅਹੁਦੇਦਾਰ ਅਤੇ ਮੈਂਬਰ ਸਹਿਬਾਨ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਡਾ.ਪ੍ਰੀਤੀ ਯਾਦਵ ਨੇ ਕੀਰਤਪੁਰ ਸਾਹਿਬ ਦਾ ਦੌਰਾ ਕਰਕੇ ਸਫਾਈ ਪ੍ਰਬੰਧਾਂ ਦਾ ਲਿਆ ਜਾਇਜਾ

**ਕੀਰਤਪੁਰ ਸਾਹਿਬ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਾ.ਪ੍ਰੀਤੀ ਯਾਦਵ ਡਿਪਟੀ ਕਮਿਸ਼ਨਰ ਰੂਪਨਗਰ ਨੇ ਅੱਜ ਕੀਰਤਪੁਰ ਸਾਹਿਬ ਦਾ ਦੌਰਾ ਕਰਕੇ ਸਫਾਈ ਪ੍ਰਬੰਧਾਂ ਤੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜਾ ਲਿਆ ਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਬਰਸਾਤ ਦੇ ਮੌਸਮ ਤੋ ਪਹਿਲਾ ਸਫਾਈ ਪ੍ਰਬੰਧ ਮੁਕੰਮਲ ਕੀਤੇ ਜਾਣ ਅਤੇ ਵਿਕਾਸ ਦੇ ਕੰਮਾਂ ਵਿਚ ਕੋਈ ਲਾਪਰਵਾਹੀ/ਕੁਤਾਹੀ ਬਰਦਾਸ਼ਤ ਨਹੀ ਹੋਵੇਗੀ। ਅਚਨਚੇਤ ਕੀਰਤਪੁਰ ਸਾਹਿਬ ਪਹੁੰਚੇ ਡਿਪਟੀ ਕਮਿਸ਼ਨਰ ਡਾ.ਪ੍ਰੀਤੀ ਯਾਦਵ ਨੇ ਨਗਰ ਕੌਂਸਲ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਵਿਕਾਸ ਕੰਮਾਂ ਨੂੰ ਨਿਰਧਾਰਤ ਮਾਪਦੰਢਾ ਮੁਤਾਬਿਕ ਕਰਵਾਉਣ। ਸ਼ਹਿਰ ਵਿਚ ਸਫਾਈ



ਵਿਵਸਥਾ ਨੂੰ ਹੋਰ ਸੁਚਾਰੂ ਕੀਤਾ ਜਾਵੇ, ਦਵਾਈ ਦਾ ਛਿੜਕਾਅ ਤੇ ਫੋਗਿੰਗ ਕਰਵਾ ਕੇ ਬਰਸਾਤਾ ਦੌਰਾਨ ਆਮ ਲੋਕਾਂ ਨੂੰ ਭਿਆਨਕ ਬਿਮਾਰੀਆਂ ਤੋ ਬਚਾਇਆ ਜਾਵੇ।

ਉਨ੍ਹਾਂ ਨੇ ਕਿਹਾ ਕਿ ਪ੍ਰਸ਼ਾਸ਼ਨ ਦੀ ਜਿੰਮੇਵਾਰੀ ਹੈ ਕਿ ਲੋਕਾਂ ਨੂੰ ਵਧੀਆ ਸਹੂਲਤਾਂ ਮਹੱਇਆ ਕਰਵਾਉਣ ਜਾਣ। ਇਸ ਲਈ ਲੋਕਾਂ ਦੀਆਂ ਆਸਾਂ ਦੇ ਅਨੁਕੂਲ ਕੰਮ ਕੀਤੇ ਜਾਣ। ਉਨ੍ਹਾਂ ਨੇ ਨਗਰ ਪੰਚਾਇਤ ਨੂੰ ਵਿਸ਼ੇਸ਼ ਤੌਰ ਤੇ ਹਦਾਇਤ ਕੀਤੀ ਕਿ ਬਰਸਾਤਾਂ ਤੋਂ ਪਹਿਲਾਂ ਪਹਿਲਾਂ ਸ਼ਹਿਰ ਦੇ ਸਾਰੇ ਨਾਲੇ ਨਾਲੀਆਂ, ਨਿਕਾਸੀ ਵਾਲੀਆਂ ਥਾਵਾਂ ਤੇ ਪੁੱਲੀਆਂ ਦੀ ਵਿਸ਼ੇਸ਼ ਤੌਰ ਤੇ ਸਫਾਈ ਕਰਵਾਈ ਜਾਵੇ ।

# ਦੇਸ਼ ਦੀ ਆਜ਼ਾਦੀ ਲਈ ਪੰਜਾਬੀਆਂ ਨੇ 80 ਫੀਸਦੀ ਕੁਰਬਾਨੀਆਂ ਦੇ ਕੇ ਵੰਡ ਦਾ ਸੰਤਾਪ ਭੋਗਿਆ : ਮੀਤ ਹੇਅਰ

**ਨਵੀਂ ਦਿੱਲੀ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਗਰੂਰ ਤੋਂ ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ ਨੇ ਲੋਕ ਸਭਾ ਵਿਚ ਆਪਣਾ ਪਲੇਠਾ ਭਾਸ਼ਣ ਦਿੰਦਿਆਂ ਪੰਜਾਬ ਦੇ ਹੱਕਾਂ ਦੀ ਆਵਾਜ਼ ਬੁਲੰਦ ਕੀਤੀ। ਮੀਤ ਹੇਅਰ ਨੇ ਰਾਸ਼ਟਰਪਤੀ ਸੰਬੋਧਨ ਉੱਤੇ ਬਹਿਸ ਵਿਚ ਹਿੱਸਾ ਲੈਂਦਿਆਂ ਸੰਬੋਧਨ ਵਿਚ ਪੰਜਾਬ ਦਾ ਨਾਂ ਵੀ ਜ਼ਿਕਰ ਨਾ ਹੋਣ ਉੱਤੇ ਖੇਦ ਪ੍ਰਗਟਾਇਆ। ਮੀਤ ਹੇਅਰ ਨੇ ਦੇਸ਼ ਦੀ ਆਜ਼ਾਦੀ ਲਈ ਪੰਜਾਬੀਆਂ ਦੀਆਂ 80 ਫੀਸਦੀ ਕੁਰਬਾਨੀਆਂ ਤੋਂ ਲੈ ਕੇ ਵੰਡ ਦਾ ਸੰਤਾਪ ਭੋਗਣ, ਕਿਸਾਨਾਂ ਵੱਲੋਂ ਦੇਸ਼ ਦੇ ਅੰਨ ਭੰਡਾਰ ਭਰਨ, ਬਾਰਡਰਾਂ ਉੱਤੇ ਸੈਨਿਕਾਂ ਵੱਲੋਂ ਸ਼ਹੀਦੀ ਪਾਉਣ ਅਤੇ ਖੇਡਾਂ ਖਾਸ ਕਰਕੇ ਓਲੰਪਿਕਸ ਵਿੱਚ ਪੰਜਾਬੀਆਂ ਦੇ ਯੋਗਦਾਨ ਦਾ ਜ਼ਿਕਰ ਕੀਤਾ।

ਮੀਤ ਹੇਅਰ ਨੇ ਹਾਕੀ ਖਿਡਾਰੀ ਬਲਬੀਰ ਸਿੰਘ ਸੀਨੀਅਰ, ਨਿਸ਼ਾਨੇਬਾਜ਼ ਅਭਿਨਵ ਬਿੰਦਰਾ, ਅਰਸ਼ਦੀਪ ਸਿੰਘ



ਤੱਕ ਜ਼ਿਕਰ ਕੀਤਾ। ਮੀਤ ਹੇਅਰ ਨੇ ਪੰਜਾਬ ਯੂਨੀਵਰਸਿਟੀ ਦੇ ਸਮਾਗਮ ਮੌਕੇ ਤੱਤਕਾਲੀ ਗ੍ਰਹਿ ਮੰਤਰੀ ਸਰਦਾਰ ਪਟੇਲ ਵੱਲੋਂ ਪੰਜਾਬੀਆਂ ਦੀ ਕੁਰਬਾਨੀ ਨੂੰ ਸਿਜਦਾ ਕਰਨ ਦਾ ਜ਼ਿਕਰ ਕਰਦਿਆਂ ਪੰਜਾਬ ਨਾਲ ਕੇਂਦਰ ਦੀ ਵਿਤਕਰੇਬਾਜ਼ੀ ਅਤੇ ਗੁਆਂਢੀ ਸੂਬਿਆਂ ਨੂੰ ਟੈਕਸ ਰਿਆਇਤਾਂ ਦੇ ਕੇ ਪੰਜਾਬ ਦੇ ਉਦਯੋਗਾਂ ਨਾਲ ਧੱਕੇ ਦੀ ਗੱਲ ਕਹੀ।

ਮੀਤ ਹੇਅਰ ਨੇ ਪੰਜਾਬ ਦੇ ਆਰ.ਡੀ.ਐੱਫ. ਸਮੇਤ ਰੋਕੇ 8000 ਕਰੋੜ ਰੁਪਏ ਦੇ ਫੰਡਾਂ ਨੂੰ ਜਾਰੀ ਕਰਨ ਦੀ ਮੰਗ ਰੱਖੀ। ਮੀਤ ਹੇਅਰ ਨੇ ਕੇਂਦਰੀ ਏਜੰਸੀਆਂ ਰਾਹੀਂ ਅਰਵਿੰਦ ਕੇਜਰੀਵਾਲ, ਮਨੀਸ ਸਿਸੋਦੀਆ, ਹੇਮੰਤ ਸੋਰੇਨ ਸਮੇਤ ਵਿਰੋਧੀ ਧਿਰ ਦੇ ਲੀਡਰਾਂ ਨੂੰ ਤੰਗ ਪ੍ਰੇਸ਼ਾਨ ਕਰਨ ਦਾ ਮੁੱਦਾ ਵੀ ਚੁੱਕਿਆ ।ਅਗਨੀਵੀਰ ਸਕੀਮ ਦਾ ਪਹਿਲਾ ਸ਼ਹੀਦ ਪੰਜਾਬੀ ਅੰਮ੍ਰਿਤਪਾਲ ਸਿੰਘ ਸੀ ਜਿਸ ਨੂੰ ਸਾਡੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਕ ਕਰੋੜ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ। ਮੀਤ ਹੇਅਰ ਨੇ ਮੁਲਾਜ਼ਮਾਂ ਦੇ ਹੱਕ ਵਿਚ ਬੋਲਦਿਆਂ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੀ ਮੰਗ ਰੱਖੀ। ਮੀਤ ਹੇਅਰ ਨੇ ਕਿਹਾ ਕਿ ਪੰਜਾਬੀ ਸਵੈਮਾਣ ਵਾਲੀ ਕੌਮ ਹੈ। ਉਹ ਭੀਖ ਨਹੀਂ ਮੰਗਦੇ ਪਰ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰਦੇ ਹਨ। ਸਾਡੇ ਕਿਸਾਨਾਂ ਨੂੰ ਰੋਸ ਪ੍ਰਦਰਸ਼ਨ ਲਈ ਹਰਿਆਣਾ ਤੋਂ ਅੱਗੇ ਨਹੀ ਜਾਣ ਦਿੱਤਾ ਮੀਤ ਹੇਅਰ।

## ਚੋਰੀ ਦੇ ਦੋਸ਼ ਹੇਠ ਦੋ ਖ਼ਿਲਾਫ਼ ਕੇਸ ਦਰਜ

**ਸਮਾਣਾ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਘਰ ਦੇ ਬਾਹਰੋਂ ਸਕੂਟਰੀ ਚੋਰੀ ਕਰਨ ਦੇ ਮਾਮਲੇ ਵਿੱਚ ਸਿਟੀ ਪੁਲੀਸ ਨੇ ਦੋ ਵਿਅਕਤੀਆਂ ਖਿਲਾਫ ਕੇਸ ਦਰਜ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਜੀਵਨ ਸਿੰਘ ਵਾਸੀ ਪਿੰਡ ਗੜ੍ਹੀ ਸਾਹਿਬ (ਗੁਹਲਾ-ਹਰਿਆਣਾ) ਅਤੇ ਕਮਲਜੀਤ ਸਿੰਘ ਵਾਸੀ ਪਿੰਡ ਸਵਾਜਪੁਰਾ ਪਟਿਆਲਾ ਵਜੋਂ ਹੋਈ ਹੈ।

# ਕਰੰਟ ਲੱਗਣ ਕਾਰਨ ਮੌਤ ਦਾ ਸ਼ਿਕਾਰ ਹੋਏ ਬਿਜਲੀ ਕਰਮਚਾਰੀ ਦੇ ਪਰਿਵਾਰ ਦੀ ਮਾਲੀ ਮਦਦ ਕਰਨ ਦੀ ਮੰਗ

**ਧੂਰੀ, 15 ਜੁਲਾਈ -ਕੌਮੀ ਪੱਤ੍ਰਿਕਾ ਬਿਊਰੋ-** ਪਿਛਲੇ ਦਿਨੀਂ ਬਿਜਲੀ ਮੁਲਾਜਮ ਦੀ ਕਰੰਟ ਲੱਗਣ ਕਾਰਨ ਹੋਈ ਮੌਤ ਸਬੰਧੀ ਅੱਜ ਬਿਜਲੀ ਮੁਲਾਜਮ ਏਕਤਾ ਮੰਚ ਅਤੇ ਸਾਂਝਾ ਫਰੰਟ ਦੇ ਸੱਦੇ ' ਤੇ ਮੰਡਲ ਪ੍ਰਧਾਨ ਧੂਰੀ ਸਾਥੀ ਗਗਨਦੀਪ ਸਿੰਘ ਦੀ ਅਗਵਾਈ ਹੇਠ ਕੀਤੀ ਗਈ ਰੈਲੀ ਦੌਰਾਨ ਮ੍ਰਿਤਕ ਦੇ ਪਰਿਵਾਰ ਦੀ ਮਾਲੀ ਮਦਦ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਸਾਥੀਆਂ ਨੇ ਪਾਵਰ ?ਕਾਮ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਡਿਊਟੀ ਦੌਰਾਨ ਮੌਤ ਹੋਣ ਦੀ ਸੂਰਤ' ਚ ਕਰਮਚਾਰੀ ਨੂੰ ਸ਼ਹੀਦ ਦਾ ਦਰਜਾ ਦਿੱਤਾ ਜਾਵੇ ਅਤੇ ਪੀੜਤ ਪਰਿਵਾਰ ਦੀ ਇੱਕ ਕਰੋੜ ਰੁਪਏ ਦੀ ਮਾਲੀ ਮਦਦ ਕੀਤੀ ਜਾਵੇ ਅਤੇ ਸਰਕਾਰ ਅਤੇ ਪ੍ਰਬੰਧਕਾਂ ਵੱਲੋਂ ਕਰਮਚਾਰੀਆਂ ' ਤੇ ਕੰਮ ਕਰਨ ਸਮੇਂ ਕਥਿਤ ਸਿਆਸੀ ਦਖਲਅੰਦਾਜ਼ੀ ਨਾਲ ਬੇਲੋੜਾ ਦਬਾਓ ਪੌਣ ਤੋਂ ਗੁਰੇਜ਼ ਕੀਤਾ ਜਾਵੇ ਤਾਂ ਕਿ ਭਵਿੱਖ ' ਚ ਕਿਸੇ ਕਰਮਚਾਰੀ ਨਾਲ ਅਜਿਹੀ ਅਣਸੁਖਾਵੀਂ ਘਟਨਾ ਨਾ ਵਾਪਰੇ। ਇਸ ਮੌਕੇ ਗੁਰਪ੍ਰੀਤ ਸਿੰਘ ਗੋਪੀ , ਸਰਬਜੀਤ ਸਿੰਘ ਬੱਬੂ , ਗੁਰਧਿਆਨ ਸਿੰਘ ਯਾਦਵਿੰਦਰ ਸਿੰਘ , ਬੇਅੰਤ ਸਿੰਘ, ਭੁਪਿੰਦਰ ਸਿੰਘ ਵਿੱਕੀ , ਹੈਪੀ ਸਿੰਘ , ਕੁਲਵਿੰਦਰ ਸਿੰਘ, ਅਨਿਲ ਕੁਮਾਰ, ਹਰਿੰਦਰ ਸਿੰਘ ਹੈਰੀ ਆਦਿ ਵੀ ਮੌਜੂਦ ਸਨ।

# ਆਰ ਬੀ ਆਈ ਵੱਲੋ ਪਿੰਡਾਂ ਵਿਚ ਵਿੱਤੀ ਸਾਖ਼ਰਤਾਂ ਤੇ ਸ਼ੁਰੂ ਕੀਤੀ ਗਈ ਵਿਸ਼ੇਸ਼ ਜਾਗਰੂਕਤਾ ਮੁਹਿੰਮ : ਮੈਡਮ ਗਰਿਮਾ ਬੱਸੀ




**ਅੰਮ੍ਰਿਤਸਰ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰਿਜਰਵ ਬੈਂਕ ਐਫ ਇੰਡੀਆ ਵੱਲੋ ਸੂਬੇ ਵਿੱਚ ਅਸੈਸ ਡਿਵੈਲਪਮੈਂਟ ਸਰਵਿਸ ਰਾਹੀਂ ਸ਼ੁਰੂ ਕੀਤੇ ਵਿਤੀ ਸਾਖਰਤਾ ਜਾਗਰੂਕਤਾ ਪ੍ਰੋਜੈਕਟ ਤਹਿਤ ਜ਼ਿਲ੍ਹੇ ਦੇ ਵੱਖ -ਵੱਖ ਪਿੰਡਾਂ ਵਿੱਚ ਏਰੀਆ ਮੈਨਜਰ ਹਰਵਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਲੱਸਟਰ ਮੈਨਜਰ ਮੈਡਮ ਅਮਨਦੀਪ ਕੌਰ ਵੱਲੋ ਬਲਾਕ ਵੇਰਕਾ ਅਧੀਨ ਪੈਂਦੇ ਪਿੰਡ ਧੌਲ ਕਲਾ ਵਿਖੇ ਵਿਸ਼ੇਸ ਜਾਗਰੂਕਤਾ ਕੈਂਪ ਲਗਾਇਆ ਗਿਆ । ਜਿਸ ਵਿੱਚ ਚੰਡੀਗੜ੍ਹ ਤੋ ਵਿਸ਼ੇਸ ਤੋਰ ਤੇ ਆਰ ਬੀ ਆਈ ਤੋ ਮੈਡਮ ਗਰਿਮਾ ਬੱਸੀ ਪੁੱਜੇ । ਇਸ ਮੌਕੇ ਮੈਡਮ ਬੱਸੀ ਨੇ ਗੱਲਬਾਤ ਕਰਦਿਆਂ ਕਿਹਾ ਕਿ ਭਾਰਤੀ ਰਿਜ਼ਰਵ ਬੈਂਕ ਆਫ ਇੰਡੀਆ ਵੱਲੋਂ ਸੂਬੇ ਵਿੱਚ ਆਮ ਲੋਕਾਂ ਨੂੰ ਵਿੱਤੀ ਸਾਖਰਤਾ ਤੇ ਵਿਸ਼ੇਸ਼ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ ਜਿਸ ਵਿੱਚ ਲੋਕਾਂ ਨੂੰ ਪ੍ਰਧਾਨ ਮੰਤਰੀ ਜੀਵਨ ਜੋਤੀ ਬੀਮਾ, ਅਟਲ ਪੈਨਸ਼ਨ ਬੀਮਾ ਯੋਜਨਾ, ਸੁਕੰਨਿਆ ਸਮਰਤੀ ਯੋਜਨਾ ਤੋਂ ਇਲਾਵਾ ਫੋਨ ਕਾਲ 'ਤੇ ਹੋ ਰਹੀ ਧੋਖਾ ਧੜੀਆਂ ਆਦਿ ਬਾਰੇ ਕੈਂਪ ਲਗਾ ਕਿ ਲੋਕਾਂ ਨੂੰ ਵਿਸ਼ੇਸ਼ ਤੌਰ ਤੇ ਜਾਗਰੂਕ ਕੀਤਾ ਜਾ ਰਿਹਾ।

ਉਹਨਾਂ ਦੱਸਿਆ ਕਿ ਜਿਵੇਂ ਕਿ ਦੇਖਣ ਵਿੱਚ ਆਇਆ ਸਰਕਾਰ ਦੀਆਂ ਬਹੁਤ ਸਾਰੀਆਂ ਅਜਿਹੀਆਂ ਯੋਜਨਾਵਾਂ ਜਿਨਾਂ ਦੇ ਖਾਸ ਕਰਕੇ ਪ੍ਰਧਾਨ ਮੰਤਰੀ ਜੀਵਨ ਜੋਤੀ ਬੀਮਾ ਯੋਜਨਾ, ਅਟਲ ਪੈਨਸ਼ਨ ਬੀਮਾ ਯੋਜਨਾ ਆਦਿ ਸਕੀਮਾਂ ਤਹਿਤ ਲੋਕਾਂ ਦੇ ਬੀਮੇ ਤਾ ਬੈਕਾ ਵੱਲੋਂ ਕਰ ਦਿੱਤੇ ਜਾਂਦੇ ਹਨ ਪਰ ਇਸਦਾ ਲਾਭ ਲੈਣ ਲਈ ਸਭ ਤੋਂ ਪਿੱਛੇ ਹਨ । ਜਿਸ ਕਰਕੇ ਇਹ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ । ਇਸ ਲਈ ਪਿੰਡਾਂ ਵਿੱਚ ਵੱਧ ਤੋ ਵੱਧ ਲੋਕਾਂ ਨੂੰ ਬੈਂਕਾਂ ਦੀਆ ਸਕੀਮਾਂ ਨਾਲ ਜੋੜ ਕਿ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਜਿਸ ਦਾ ਪਿੰਡਾਂ ਵਿੱਚ ਬਹੁਤ ਭਰਵਾ ਹੁੰਗਾਰਾ ਮਿਲ ਰਿਹਾ ਹੈ । ਇਸ ਤੋ ਪਹਿਲਾ ਮੈਡਮ ਗਰਿਮਾ ਬੱਸੀ ਵੱਲੋ ਇਸ ਜਾਗਰੂਕਤਾ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਇਥੋਂ ਦੇ ਡਿਪਟੀ ਕਮਿਸ਼ਨ ਦਫ਼ਤਰ ਵਿਖੇ ਵੱਖ ਵੱਖ ਵਿਭਾਗਾ ਦੇ ਅਫਸਰਾਂ ਨਾਲ ਵਿਸ਼ੇਸ਼ ਮੀਟਿੰਗ ਕਰਕੇ ਆਰ ਬੀ ਆਈ ਵੱਲੋ ਇਸ ਮੁਹਿੰਮ ਤਹਿਤ ਲਗਾਏ ਜਾ ਰਹੇ ਜਾਗਰੂਕਤਾ ਕੈਂਪਾਂ ਵਿਚ ਸਹਿਯੋਗ ਦੇ ਦਿਸ਼ਾ ਨਿਰਦੇਸ ਜਾਰੀ ਕੀਤੇ। ਇਸ ਮੌਕੇ ਸੈਂਟਰ ਮੈਨਜਰ ਅਮਨਦੀਪ ਕੌਰ ਆਰ ਬੀ ਆਈ ਤੋਂ ਉਚੇਚੇ ਤੌਰ ਨੂੰ ਜੀ ਆਇਆ ਕਹਿੰਦੀਆਂ ਹਾਜ਼ਰੀਨ ਨੂੰ ਜਾਗਰੂਕ ਕਰਦੇ ਆ ਕਿਹਾ ਕਿ ਉਹ ਫੋਨ ਤੇ ਆਉਂਦੀਆਂ ਕਾਲਾ ਬਾਰੇ ਸੁਚੇਤ ਰਹਿਣ ਤੇ ਕਿਸੇ ਵੀ ਵਿਅਕਤੀ ਨੂੰ ਫੋਨ ਤੇ ਆਪਣਾ ਕੋਈ ਵੀ ਦਸਤਾਵੇਜ ਤੋ ਇਲਾਵਾ ਕਿਸੇ ਨੂੰ ਫੋਨ ਤੇ ਆਇਆ ਉ ਟੀ ਪੀ ਅਤੇ ਹੀ ਯੂ ਪੀ ਆਈ ਡੀ ਕਿਸੇ ਨੂੰ ਨਾ ਦੱਸਣ।

ਉਨ੍ਹਾਂ ਕਿਹਾ ਜਿਹਨਾਂ ਲੋਕਾਂ ਦੇ ਪ੍ਰਧਾਨ ਮੰਤਰੀ ਜੀਵਨ ਜੋਤੀ ਬੀਮਾ ਯੋਜਨਾ, ਅਟੱਲ ਪੈਨਸ਼ਨ ਯੋਜਨਾ ਬੀਮੇ ਨਹੀ ਹੋਏ ਉਹ ਆਪਣੇ ਬੀਮੇ ਜਰੂਰ ਕਰਵਾ ਕਿ ਸਰਕਾਰ ਦੀਆ ਇਹਨਾਂ ਸਕੀਮਾਂ ਦਾ ਲਾਭ ਜਰੂਰ ਪ੍ਰਾਪਤ ਕਰਨ । ਇੰਨਾ ਕਿਹਾ ਕਿ ਕਿਸੇ ਵੀ ਬੈਂਕ ਵੱਲੋ ਗਾਹਕ ਦੇ ਕਿਸੇ ਤਰਾਂ ਦੇ ਫੋਨ ਤੇ ਕੋਈ ਵੀ ਦਸਤਾਵੇਜਾ ਦੀ ਮੰਗ ਨਹੀ ਕੀਤੀ ਜਾਂਦੀ । ਅੰਤ ਵਿਚ ਇਸ ਕੈਂਪ ਨੂੰ ਸਹਿਯੋਗ ਕਰਨ ਤੇ ਪਿੰਡ ਦੇ ਦੇ ਮੋਹਤਬਰ ਵਿਅਕਤੀਆ ਅਤੇ ਆਰ ਬੀ ਆਈ ਤੋ ਇਸ ਕੈਂਪ ਵਿਚ ਪੁੱਜੇ ਮੈਡਮ ਗਰਿਮਾ ਬੱਸੀ ਦਾ ਵਿਸ਼ੇਸ ਧੰਨਵਾਦ ਫ਼ੀਲਡ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਕੱਦ ਗਿੱਲ ਵੱਲੋ ਧੰਨਵਾਦ ਕਰਦਿਆਂ ਪਿੰਡ ਨਿਵਾਸੀਆਂ ਨੀ ਉਕਤ ਸਕੀਮਾਂ ਦਾ ਵੱਧ ਤੋ ਵੱਧ ਲਾਭ ਲੈਣ ਦੀ ਅਪੀਲ ਕੀਤੀ।

# ਡੇਂਗੂ ਤੋਂ ਬਚਾਅ ਲਈ ਘਰਾਂ ਦੀ ਚੈਕਿੰਗ ਕੀਤੀ



**ਪਾਤੜਾਂ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਹਤ ਵਿਭਾਗ ਅਤੇ ਨਗਰ ਕੌਂਸਲ ਵਲੋਂ ਸਾਂਝੇ ਤੌਰ ਤੇ ਸ਼ਹਿਰ ਚੈਕਿੰਗ ਅਭਿਆਨ ਤਹਿਤ ਸ਼ਹਿਰ ਦੇ ਵਾਰਡ ਨੰਬਰ ਤਿੰਨ ਮਾਈ ਡੇਰਾ ਵਾਲੀ ਗਲ ?' ਚ ਐਸਐਮਓ ਡਾਕਟਰ ਲਵਕੇਸ਼ ਕੁਮਾਰ ਅਤੇ ਨਗਰ ਕੌਂਸਲ ਪ੍ਰਧਾਨ ਰਣਵੀਰ ਸਿੰਘ ਦੀ ਦੇਖਰੇਖ ਹੇਠ ਟੀਮਾਂ ਨੇ ਘਰਾਂ ਵਿੱਚ ਕੂਲਰਾਂ, ਫਰਿੱਜਾਂ ਦੀ ਚੈਕਿੰਗ ਕੀਤੀ ਉਥੇ ਹੀ ਉਨ੍ਹਾਂ ਵਿੱਚ ਖੜੇ ਪਾਣੀ 'ਚ ਪੈਦਾ ਹੋਣ ਵਾਲੇ ਡੇਂਗੂ ਮੱਛਰ ਨੂੰ ਰੋਕਣ ਲਈ ਪਾਣੀ ਨੂੰ ਕੱਢਿਆ ਅਤੇ ਦਵਾਈ ਦਾ ਛਿੜਕਾਅ ਕਰਵਾਇਆ ਗਿਆ। ਇਸ ਦੌਰਾਨ ਐਸਐਮਓ ਡਾਕਟਰ ਲਵਕੇਸ਼ ਕੁਮਾਰ ਨੇ ਲੋਕਾਂ ਨੂੰ ਡੇਂਗੂ ਤੋਂ ਬਚਾਅ ਲਈ ਪ੍ਰੇਰਿਤ ਕਰਦਿਆ ਦੱਸਿਆ ਕਿ ਬਰਸਾਤੀ ਮੌਸਮ ਦੇ ਸ਼ੁਰੂ ਹੁੰਦੇ ਹੀ ਕਈ ਤਰਾ ਦੀਆਂ ਬਿਮਾਰੀਆਂ ਫੈਲ ਜਾਂਦੀਆਂ ਹਨ ਖਾਸ ਕਰਕੇ ਮੱਛਰਾਂ ਕਾਰਨ ਡੇਂਗੂ ਦੀ ਬਿਮਾਰੀ ਵੀ ਫੈਲਦੀ ਹੈ । ਉਨ੍ਹਾਂ ਦੱਸਿਆ ਡੇਂਗੂ ਤੋਂ ਕਿਸ ਤਰ੍ਹਾਂ ਬਚਾਓ ਕਰਨਾ ਅਤੇ ਡੇਂਗੂ ਹੋਣ ਦੇ ਕੀ ਲੱਛਣ ਸਬੰਧੀ ਦੀ ਲੋਕਾਂ ਨੂੰ ਜਾਣਕਾਰੀ ਦਿੱਤੀ ਗਈ। ਉਨਾਂ, ਹਸਪਤਾਲ ਵਿਚ ਡੇਂਗੂ ਦੇ ਇਲਾਜ ਲਈ ਸਪੈਸ਼ਲ ਡੇਂਗੂ ਵਾਰਡ ਬਣਾਉਣ ਦੀ ਗੱਲ ਕਰਦਿਆਂ ਕਿਹਾ ਕਿ ਸਰਕਾਰੀ ਹਸਪਤਾਲ ਵਿੱਚ ਡੇਂਗੂ ਦਾ ਇਲਾਜ ਬਿਲਕੁਲ ਫਰੀ ਕੀਤਾ ਜਾਵੇਗਾ।

# ਪਰਾਲੀ ਦੀ ਸਾਂਭ-ਸੰਭਾਲ ਤੇ ਨਿਪਟਾਰੇ ਲਈ ਕੀਤੇ ਜਾਣ ਅਗਾਊਂ ਢੁਕਵੇਂ ਪ੍ਰਬੰਧ : ਜਸਪ੍ਰੀਤ ਸਿੰਘ

**➢ ਉਦਯੋਗਪਤੀਆਂ, ਖੇਤੀਬਾੜੀ, ਪ੍ਰਦੂਸ਼ਣ ਕੰਟਰੋਲ ਬੋਰਡ ਅਧਿਕਾਰੀਆਂ ਤੇ ਕਿਸਾਨ ਨੁਮਾਇੰਦਿਆਂ ਨਾਲ ਕੀਤੀ ਬੈਠਕ ➢ ਝੋਨੇ ਦੀ ਪਰਾਲੀ ਸਬੰਧੀ ਜ਼ੀਰੋ ਬਰਨਿੰਗ ਦੇ ਮੱਦੇਨਜ਼ਰ ਦਿੱਤੇ ਦਿਸ਼ਾ-ਨਿਰਦੇਸ਼**

**ਬਠਿੰਡਾ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੇ ਆਦੇਸ਼ਾਂ ਅਨੁਸਾਰ ਝੋਨੇ ਦੇ ਆਗਾਮੀ ਸੀਜਨ ਦੇ ਮੱਦੇਨਜ਼ਰ ਜ਼ਿਲ੍ਹੇ ਅੰਦਰ ਜ਼ੀਰੋ ਬਰਨਿੰਗ ਨੂੰ ਮੁੱਖ ਰਖਦਿਆਂ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਤੇ ਇਸ ਦੇ ਨਿਪਟਾਰੇ ਲਈ ਹਰ ਤਰ੍ਹਾਂ ਦੇ ਢੁਕਵੇਂ ਪ੍ਰਬੰਧ ਅਤੇ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਨੇ ਖੇਤੀਬਾੜੀ ਤੇ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ, ਉਦਯੋਗਪਤੀਆਂ ਅਤੇ ਕਿਸਾਨ ਨੁਮਾਇੰਦਿਆਂ ਨਾਲ ਅਗਾਊਂ ਪ੍ਰਬੰਧਾਂ ਸਬੰਧੀ ਕੀਤੀ ਗਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਾਂਝੀ ਕੀਤੀ।



ਇਸ ਦੌਰਾਨ ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਨੇ ਦੱਸਿਆ ਕਿ ਆਗਾਮੀ ਝੋਨੇ ਦੇ ਸੀਜਨ ਦੌਰਾਨ ਪਰਾਲੀ ਦੀ ਜ਼ੀਰੋ ਬਰਨਿੰਗ ਸਬੰਧੀ ਸਰਕਾਰ ਦਾ ਟੀਚਾ ਹੈ। ਜਿਸ ਤਹਿਤ ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਹੁਣ ਤੋਂ ਹੀ ਇਸ ਸਬੰਧੀ ਢੁਕਵੀਂਆਂ ਆਗਾਮੀ ਤਿਆਰੀਆਂ ਕਰ ਲਈਆਂ ਜਾਣ।

ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਨੇ ਖੇਤੀਬਾੜੀ ਅਧਿਕਾਰੀਆਂ ਨੂੰ ਝੋਨੇ ਪਰਾਲੀ ਦੇ ਨਿਪਟਾਰੇ ਲਈ ਵਰਤੋਂ ਕੀਤੇ ਜਾਣ ਵਾਲੇ ਆਧੁਨਿਕ ਸੰਦਾਂ ਸਬੰਧੀ ਅਤੇ ਇਨ੍ਹਾਂ ਸੰਦਾਂ ਤੇ ਮਿਲਣ ਵਾਲੀ ਸਬਸਿਡੀ ਬਾਰੇ ਵੀ ਵੱਧ ਤੋਂ ਵੱਧ ਕਿਸਾਨਾਂ ਨੂੰ ਜਾਗਰੂਕ ਕਰਨ ਦੇ ਆਦੇਸ਼ ਦਿੱਤੇ। ਇਸ ਤੋਂ ਇਲਾਵਾ ਉਨ੍ਹਾਂ ਖੇਤੀਬਾੜੀ ਅਧਿਕਾਰੀਆਂ ਨੂੰ ਇਹ ਵੀ ਕਿਹਾ ਪਰਾਲੀ ਦੇ ਨਿਪਟਾਰੇ ਲਈ ਵਰਤੇ ਜਾਣ ਵਾਲੇ ਬੇਲਰਾਂ ਤੇ ਹੋਰ ਆਧੁਨਿਕ ਮਸ਼ੀਨਰੀ ਦੀ ਲਿਸਟ ਤਿਆਰ ਕਰਕੇ ਪਿੰਡ ਪੱਧਰ ਤੇ ਛੋਟੇ ਤੋਂ ਛੋਟੇ ਕਿਸਾਨ ਤੱਕ ਇਸ ਦੀ ਸਹੂਲਤ ਮੁਹੱਈਆ ਕਰਵਾਉਣੀ ਯਕੀਨੀ ਬਣਾਈ ਜਾਵੇ ਤਾਂ ਜੋ ਇਸ ਦਾ ਫ਼ਾਇਦਾ ਵੱਧ ਤੋਂ ਵੱਧ ਕਿਸਾਨ ਪ੍ਰਾਪਤ ਕਰ ਸਕਣ।

ਇਸ ਦੌਰਾਨ ਉਨ੍ਹਾਂ ਜਿੱਥੇ ਉਦਯੋਗਪਤੀਆਂ ਕੋਲੋਂ ਝੋਨੇ ਦੀ ਪਰਾਲੀ ਦੀ ਹੋਰ ਵਧੀਆ ਢੰਗ ਨਾਲ ਕੀਤੀ ਜਾਣ ਵਾਲੀ ਸਾਂਭ-ਸੰਭਾਲ ਕਰਨ ਲਈ ਸੁਝਾਅ ਲਏ, ਉਥੇ ਹੀ ਉਨ੍ਹਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ। ਉਨ੍ਹਾਂ ਉਦਯੋਗਪਤੀਆਂ ਕੋਲੋਂ ਪਰਾਲੀ ਦੀ ਸੰਭਾਲ ਲਈ ਬਣਾਏ ਜਾਣ ਵਾਲੇ ਸਟੋਰਜ਼ ਬਾਰੇ ਵੀ ਜਾਣਕਾਰੀ ਹਾਸਿਲ ਕੀਤੀ ਅਤੇ ਉਨ੍ਹਾਂ ਨੂੰ ਸਟੋਰ ਕੀਤੀ ਪਰਾਲੀ ਵਾਲੇ ਸਟੋਰਜ਼ ਦੀ ਸੇਫ਼ਟੀ ਰੱਖਣੀ ਵੀ ਯਕੀਨੀ ਬਣਾਉਣ ਬਾਰੇ ਕਿਹਾ ਤਾਂ ਜੋ ਪਰਾਲੀ ਦਾ ਅੱਗ ਆਦਿ ਤੋਂ ਬਚਾਅ ਰਹਿ ਸਕੇ। ਉਨ੍ਹਾਂ ਉਦਯੋਗਪਤੀਆਂ ਅਤੇ ਪਰਾਲੀ ਦੀ ਸਾਂਭ-ਸੰਭਾਲ ਤੇ ਨਿਪਟਾਰੇ ਦੇ ਕੰਮ ਵਿਚ ਜੁੜੇ ਉਦਮੀਆਂ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਤੋਂ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਹਿਯੋਗ ਦੀ ਉਮੀਦ ਜਤਾਈ। ਇਸ ਮੌਕੇ ਆਰ.ਟੀ.ਏ ਤੇ ਵਾਧੂ ਚਾਰਜ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਮੈਡਮ ਪੂਨਮ ਸਿੰਘ, ਮੁੱਖ ਖੇਤੀਬਾੜੀ ਅਫ਼ਸਰ ਡਾ. ਜਗਸੀਰ ਸਿੰਘ, ਸਹਾਇਕ ਖੇਤੀਬਾੜੀ ਇੰਜੀਨੀਅਰ (ਸੰਦ) ਸ਼੍ਰੀ ਗੁਰਜੀਤ ਵਿਰਕ, ਪਰਾਲੀ ਦੀ ਵਰਤੋਂ ਕਰਨ ਵਾਲੇ ਵੱਖ-ਵੱਖ ਉਦਯੋਗਪਤੀਆਂ ਅਤੇ ਕਿਸਾਨਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

# ਨਰਮੇ ਦੀ ਕਾਸ਼ਤ ਸੰਬੰਧੀ ਸਿਖਲਾਈ ਕੈਂਪ ਆਯੋਜਿਤ

**ਬਠਿੰਡਾ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੁਆਰਾ ਚਲਾਈ ਜਾ ਰਹੀ ਨਰਮੇ ਦੀ ਕਾਸ਼ਤ ਦੀ ਸਫ਼ਲ ਮੁਹਿੰਮ ਤਹਿਤ ਸਥਾਨਕ ਪੀ.ਏ.ਯੂ. ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਡਿਪਟੀ ਡਾਇਰੈਕਟਰ (ਟ੍ਰੇਨਿੰਗ) ਕੇ.ਵੀ.ਕੇ ਡਾ. ਗੁਰਦੀਪ ਸਿੰਘ ਸਿੱਧੂ ਦੀ ਰਹਿਨੁਮਾਈ ਹੇਠ ਪਿੰਡ ਮਾਨਕ ਖਾਨਾ ਵਿਖੇ ਕਿਸਾਨ ਜਾਗਰੂਕਤਾ ਕੈਂਪ ਖੇਤੀਬਾੜੀ ਅਤੇ ਕਿਸਾਨ ਕਲਿਆਣ ਵਿਭਾਗ ਬਠਿੰਡਾ ਦੇ ਸਹਿਯੋਗ ਨਾਲ ਲਗਾਇਆ ਗਿਆ।

ਸਹਾਇਕ ਪ੍ਰੋ: ਪੌਦ ਸੁਰੱਖਿਆ ਕੇ.ਵੀ.ਕੇ. ਡਾ. ਵਿਨੈ ਸਿੰਘ ਨੇ ਦੱਸਿਆ ਕਿ ਕੈਂਪ ਦੌਰਾਨ 35 ਕਿਸਾਨਾਂ ਨੇ ਭਾਗ ਲਿਆ। ਕੈਂਪ ਦੌਰਾਨ ਕਿਸਾਨ ਵੀਰਾਂ ਨਾਲ ਫ਼ਸਲ ਵਿੱਚ ਕੀੜੇ-ਮਕੌੜਿਆਂ ਦੀ ਰੋਕਥਾਮ ਸੰਬੰਧੀ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕਰਨ ਦੇ ਨਾਲ-ਨਾਲ ਇਨ੍ਹਾਂ ਨਾਲ ਹੋਣ ਵਾਲੇ ਆਰਥਿਕ ਨੁਕਸਾਨ ਬਾਰੇ ਵੀ ਦੱਸਿਆ ਗਿਆ ਅਤੇ ਸਲਾਹ ਦਿੱਤੀ ਗਈ ਕਿ ਫ਼ਸਲ ਤੇ ਜ਼ਿਆਦਾ ਹਮਲੇ ਦੀ ਸੂਰਤ ਵਿੱਚ ਸੰਯੁਕਤ ਕੀਟ ਪ੍ਰਬੰਧਨ ਨੂੰ ਧਿਆਨ ਵਿੱਚ ਰੱਖਦਿਆ ਯੂਨੀਵਰਸਿਟੀ ਵੱਲੋਂ ਸਿਫਾਰਸ਼ ਕੀਟਨਾਸ਼ਕਾਂ ਦੀ ਹੀ ਵਰਤੋਂ ਕੀਤੀ ਜਾਵੇ।



ਕੇ.ਵੀ.ਕੇ. ਟੀਮ ਵੱਲੋਂ ਕੈਂਪ ਦੌਰਾਨ ਖੇਤਾਂ ਦਾ ਦੌਰਾ ਕਰਦਿਆਂ ਕਿਸਾਨਾਂ ਨੂੰ ਸਮੇਂ-ਸਮੇਂ ਕੀੜੇ-ਮਕੌੜਿਆਂ ਦਾ ਸਰਵੇਖਣ ਕਰਨ ਅਤੇ ਪਛਾਣ ਕਰਨ ਬਾਰੇ ਸਿਖਲਾਈ ਦੇਣ ਦੇ ਨਾਲ-ਨਾਲ ਕਿਸਾਨਾਂ ਨੂੰ ਗੁਲਾਬੀ ਸੁੰਡੀ ਦਾ ਸਮੇਂ-ਸਿਰ ਪਤਾ ਲਾਉਣ ਲਈ ਫਿਰੋਮੋਨ ਟਰੈਪ ਦੀ ਵਰਤੋਂ ਬਾਰੇ ਵੀ ਜਾਣੂ ਕਰਾਇਆ ਗਿਆ ਅਤੇ ਫ੍ਰੀ ਟੈਪ ਵੀ ਮੁਹੱਈਆ ਕਰਵਾਏ ਗਏ।

ਇਸ ਤੋਂ ਇਲਾਵਾ ਵੱਖ-ਵੱਖ ਪਿੰਡਾਂ ਰਾਮਗੜ੍ਹ ਭੂੰਦੜ, ਭਾਈ ਬਖਤੌਰ, ਚਨਾਰਥਲ, ਕੋਟਫੱਤਾ, ਯਾਤਰੀ, ਜੋਧਪੁਰ ਪਾਖਰ, ਕਟਾਰ ਸਿੰਘ ਵਾਲਾ, ਕੋਟ ਸ਼ਮੀਰ ਅਤੇ ਮਾਈਸਰਖਾਨਾ ਵਿਖੇ ਵੀ ਨਰਮੇ ਦੇ ਖੇਤਾਂ ਦਾ ਸਰਵੇਖਣ ਕੀਤਾ ਗਿਆ ਅਤੇ ਜਿੰਨ੍ਹਾਂ ਖੇਤਾਂ ਵਿੱਚ ਚਿੱਟੀ ਮੱਖੀ ਦੀ ਸੰਖਿਆ ਆਰਥਿਕ ਨੁਕਸਾਨ ਦੀ ਹੱਦ ਤੱਕ ਪਾਈ ਗਈ, ਉਨ੍ਹਾਂ ਖੇਤਾਂ ਵਿੱਚ ਕਿਸਾਨਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੁਆਰਾ ਸਿਫ਼ਾਰਿਸ਼ ਕੀਤੇ ਗਏ ਕੀਟਨਾਸ਼ਕ ਹੀ ਵਰਤਨ ਦੀ ਸਲਾਹ ਦਿੱਤੀ ਗਈ।

# ਵਿਕਾਸ ਕਾਰਜਾਂ ਨੂੰ ਸਮੇਂ ਸਿਰ ਪੂਰਾ ਕਰਨਾ ਬਣਾਇਆ ਜਾਵੇ ਯਕੀਨੀ : ਜਸਪ੍ਰੀਤ ਸਿੰਘ

**➢ ਮਹੀਨਾਵਾਰ ਮੀਟਿੰਗ ਦੌਰਾਨ ਅਧਿਕਾਰੀਆਂ ਦੀ ਕਾਰਗੁਜ਼ਾਰੀ ਦਾ ਕੀਤਾ ਲੇਖਾ-ਜੋਖਾ ➢ ਮੁਕੰਮਲ ਹੋਏ ਵਿਕਾਸ ਕਾਰਜਾਂ ਦੇ ਵਰਤੋਂ ਸਰਟੀਫਿਕੇਟ ਕਰਵਾਏ ਜਾਣ ਜਮ੍ਹਾਂ**



**ਬਠਿੰਡਾ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹੇ ਅੰਦਰ ਚੱਲ ਰਹੇ ਵਿਕਾਸ ਕਾਰਜਾਂ ਨੂੰ ਸਮੇਂ-ਸਿਰ ਪੂਰਾ ਕਰਨਾ ਅਤੇ ਨਵੇਂ ਹੋਣ ਵਾਲੇ ਵਿਕਾਸ ਕਾਰਜਾਂ ਨੂੰ ਤੈਅ ਸਮੇਂ ਅਨੁਸਾਰ ਛੇਤੀ ਸ਼ੁਰੂ ਕਰਨਾ ਯਕੀਨੀ ਬਣਾਇਆ ਜਾਵੇ। ਇਹ ਆਦੇਸ਼ ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਨੇ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਗਈ ਮਹੀਨਾਵਾਰ ਸਮੀਖਿਆ ਬੈਠਕ ਦੌਰਾਨ ਦਿੱਤੇ। ਇਸ ਮੌਕੇ ਉਨ੍ਹਾਂ ਵੱਲੋਂ ਖੇਤੀਬਾੜੀ, ਪਸ਼ੂ ਪਾਲਣ, ਡੈਅਰੀ, ਮੱਛੀ ਪਾਲਣ ਆਦਿ ਵਿਭਾਗਾਂ ਦੀਆਂ ਗਤੀਵਿਧੀਆਂ ਦਾ ਵੀ ਲੇਖਾ-ਜੋਖਾ ਕਰਦਿਆਂ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ।

ਇਸ ਮੌਕੇ ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਜ਼ਿਲ੍ਹੇ ਅੰਦਰ ਮੁਕੰਮਲ ਹੋਏ ਵਿਕਾਸ ਕਾਰਜਾਂ ਦੇ ਵਰਤੋਂ ਸਰਟੀਫਿਕੇਟਾਂ ਦੇ ਨਾਲ-ਨਾਲ ਸਬੰਧਤ ਪ੍ਰੋਜੈਕਟ ਦੀਆਂ ਤਸਵੀਰਾਂ ਵੀ ਤੁਰੰਤ ਜਮ੍ਹਾਂ ਕਰਵਾਉਣੀਆਂ ਯਕੀਨੀ ਬਣਾਈਆਂ ਜਾਣ। ਉਨ੍ਹਾਂ ਪ੍ਰਗਤੀ ਅਧੀਨ ਕਾਰਜਾਂ ਨੂੰ ਵੀ ਤੈਅ ਸਮੇਂ ਅਨੁਸਾਰ ਪੂਰਾ ਕਰਨ ਦੀ ਹਦਾਇਤ ਕੀਤੀ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਸਿੱਖਿਆ, ਅਰਬਨ ਡਿਪੈਲਮੈਂਟ, ਪੇਂਡੂ ਵਿਕਾਸ, ਉਦਯੋਗ, ਭੂਮੀ ਰੱਖਿਆ, ਲੋਕ ਨਿਰਮਾਣ, ਜਲ ਸਪਲਾਈ ਤੇ ਸੈਨੀਟੇਸ਼ਨ, ਸੀਵਰੇਜ਼, ਕਾਰਪੋਰੇਸ਼ਨ, ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ, ਮੰਡੀ ਬੋਰਡ ਆਦਿ ਵਿਭਾਗਾਂ ਨਾਲ ਸਬੰਧਤ ਵਿਕਾਸ ਕਾਰਜਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ।

ਇੱਕ ਹੋਰ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਵੱਲੋਂ ਖੇਤੀਬਾੜੀ,

ਪੀ.ਐਸ.ਪੀ.ਸੀ.ਐਲ, ਡੈਅਰੀ, ਖੇਤੀਬਾੜੀ, ਬਾਗਬਾਨੀ, ਸਹਿਕਾਰੀ ਸਭਾਵਾਂ, ਪਸ਼ੂ ਪਾਲਣ, ਡੀ.ਐਮ.ਡੀ.ਆਈ.ਸੀ, ਮਗਨਰੇਗਾ, ਪੀਐਮਏਵਾਈ ਆਦਿ ਵਿਭਾਗਾਂ ਨਾਲ ਸਬੰਧਤ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਦੀ ਸਮੀਖਿਆ ਕਰਦਿਆਂ ਉਨ੍ਹਾਂ ਨੂੰ ਨਿਰਧਾਰਿਤ ਟੀਚੇ ਜਲਦ ਪੂਰੇ ਕਰਨ ਦੇ ਆਦੇਸ਼ ਵੀ ਦਿੱਤੇ।

ਇਸ ਮੌਕੇ ਜ਼ਿਲ੍ਹਾ ਯੋਜ਼ਨਾ ਬੋਰਡ ਦੇ ਚੇਅਰਮੈਨ ਸ਼੍ਰੀ ਅੰਮ੍ਰਿਤਪਾਲ ਗਰਗ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਡਾ. ਮਨਦੀਪ ਕੌਰ, ਆਰ.ਟੀ.ਏ ਤੇ ਵਾਧੂ ਚਾਰਜ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਮੈਡਮ ਪੂਨਮ ਸਿੰਘ, ਉਪ ਮੰਡਲ ਮੈਜਿਸਟ੍ਰੇਟ ਬਠਿੰਡਾ ਮੈਡਮ ਇਨਾਯਤ, ਉਪ ਮੰਡਲ ਮੈਜਿਸਟ੍ਰੇਟ ਤਲਵੰਡੀ ਸਾਬੋ ਸ. ਹਰਜਿੰਦਰ ਸਿੰਘ ਜੱਸਲ, ਉਪ ਮੰਡਲ ਮੈਜਿਸਟ੍ਰੇਟ ਰਾਮਪੁਰਾ ਸ਼੍ਰੀ ਕੰਵਰਜੀਤ ਸਿੰਘ, ਮੁੱਖ ਖੇਤੀਬਾੜੀ ਅਫ਼ਸਰ ਡਾ. ਜਗਸੀਰ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸ. ਗੁਰਪ੍ਰਤਾਪ ਸਿੰਘ ਗਿੱਲ, ਉਪ ਅਰਥ ਅਤੇ ਅੰਕੜਾ ਸਲਾਹਕਾਰ ਸ਼੍ਰੀਮਤੀ ਸੁਨੀਤਾ ਪਾਲ ਤੋਂ ਇਲਾਵਾ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਉਨ੍ਹਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

# ਵਾਪਰਿਆ ਦੁਖਦਾਈ ਸੜਕ ਹਾਦਸਾ



**ਸ੍ਰੀ ਅਨੰਦਪੁਰ ਸਾਹਿਬ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜੰਮੂ ਤੋ ਸਵਿਫਟ ਗੱਡੀ ਚੰਡੀਗੜ੍ਹ ਵੱਲ ਨੂੰ ਜਾ ਰਹੀ ਸੀ। ਤਾਂ ਰਸਤੇ ਵਿੱਚ ਰੁੱਕ ਕੇ ਕਿਸੇ ਹੋਟਲ ਤੇ ਚਾਹ ਪਾਣੀ ਪੀ ਕੇ ਅਤੇ ਉੱਥੇ ਡਰਾਈਵਰ ਬਦਲ ਗਿਆ। ਗੱਡੀ ਵਿੱਚ 2 ਵਿਅਕਤੀ ਅਤੇ 1 ਬੱਚਾ ਸੀ।

ਅਚਾਨਕ ਡਰਾਈਵਰ ਨੂੰ ਨੀਦ ਆਉਣ ਕਰਕੇ ਜਦੋ ਉਹ ਪੰਜ ਪਿਆਰਾ ਪਾਰਕ ਦੇ ਨੇੜੇ ਪਹੁੰਚਿਆ ਤਾਂ ਸ੍ਰੀ ਅਨੰਦਪੁਰ ਸਾਹਿਬ ਤੋਂ ਇੱਕ ਟੈਂਪੂ ਵਾਲਾ ਜੋ ਗਿ ਸ੍ਰੀ ਅਨੰਦਪੁਰ ਸਾਹਿਬ ਤੋ ਕੀਰਤਪੁਰ ਸਾਹਿਬ ਸਬਜ਼ੀ ਲੈਣ ਲਈ ਜਾ ਰਿਹਾ ਸੀ।

ਉਹ ਟੈਂਪੂ ਵੀ ਸ੍ਰੀ ਅਨੰਦਪੁਰ ਸਾਹਿਬ ਦਾ ਸੀ। ਡਿਜਾਇਰ ਕਾਰ ਵਾਲੇ ਨੇ ਉਸ ਟੈਪੂ ਨੂੰ ਤੇਜ ਰਫਤਾਰ ਨਾਲ ਹਿੱਟ ਕੀਤਾ। ਜਿਸ ਵਿੱਚ ਟੈਂਪੂ ਅਤੇ ਕਾਰ ਦੋਨ ਨਾਲੇ ਵਿੱਚ ਗਿਰ ਗਏ। ਟੈਂਪੂ ਦੇ ਵਿੱਚ ਬੈਠੇ ਨਾਲ ਦੇ ਬੰਦੇ ਦੀਆਂ ਲੱਤਾਂ ਟੁੱਟ ਗਈਆਂ ਅਤੇ ਕਾਰ ਚਾਲਕ ਡਰਾਈਵਰ ਦੇ ਸਿਰ ਵਿੱਚ ਭਾਰੀ ਸੱਟਾ ਲੱਗੀਆ। ਜਦੋਂ ਉਹਨਾਂ ਨੂੰ ਭਾਈ ਜੈਤਾ ਜੀ ਅਤੇ ਬਾਬਾ ਜੀਵਨ ਸਿੰਘ ਸਰਕਾਰੀ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਲਿਆਦਾ ਗਿਆ ਤਾਂ ਹਸਪਤਾਲ ਦੇ ਡਾਕਟਰਾਂ ਨੇ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ ਉਹਨਾ ਨੂੰ ਪੀ.ਜੀ.ਆਈ ਰੈਫਰ ਕਰ ਦਿੱਤਾ।

# ਸਰਕਾਰੀ ਆਈਟੀਆਈ ਨੰਗਲ ਵਿਖੇ ਰੁੱਖ ਲਗਾਓ ਮੁਹਿੰਮ ਤਹਿਤ ਪੋਦੇ ਲਗਾਕੇ ਵਾਤਾਵਰਨ ਦਿਵਸ ਮਨਾਇਆ

**ਨੰਗਲ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾ ਅਤੇ ਤਕਨੀਕੀ ਸਿੱਖਿਆ ਵਿਭਾਗ ਦੇ ਡਾਇਰਕੈਟਰ ਦੀਆਂ ਹਦਾਇਤਾਂ ਮੁਤਾਬਕ ÷ਰੁੱਖ ਲਗਾਓ÷ ਮੁਹਿਮ ਤਹਿਤ ਸਰਕਾਰੀ ਆਈਟੀਆਈ ਨੰਗਲ ਵਿੱਚ ਵੱਖ-ਵੱਖ ਥਾਵਾਂ ਤੇ 50 ਤੋਂ ਵੱਧ ਫਲਦਾਰ ਬੂਟੇ ਲਗਾਏ ਗਏ।ਇਸ ਮੌਕੇ ਪ੍ਰਿੰਸੀਪਲ ਗੁਰਨਾਮ ਸਿੰਘ ਭੱਲੜੀ ਨੇ ਦੱਸਿਆਂ ਕਿ ਵਾਤਾਵਰਨ ਦੀ ਸੰਭਾਲ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਸ ਮੁਹਿੰਮ ਨੂੰ ਭਵਿੱਖ ਵਿੱਚ ਵੀ ਜਾਰੀ ਰੱਖਿਆਂ ਜਾਵੇਗਾ।ਉਨਾ ਨੇ ਕਿਹਾ ਕਿ ਇਨ੍ਹਾਂ ਬੂਟਿਆਂ ਦਾ ਰੱਖ-ਰਖਾਓ ਕਰਨ ਲਈ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।



ਉਨਾਂ ਸਮੂਹ ਸਟਾਫ ਅਤੇ ਸਿੱਖਿਆਰਥੀਆਂ ਨੂੰ ਅਪੀਲ ਕੀਤੀ ਕਿ ਸਾਨੂੰ ਵਾਤਾਵਰਣ ਨੂੰ ਹਰਾ ਭਰਾ ਰੱਖਣ ਲਈ ਸਾਨੂੰ ਵੱਧ ਤੋਂ ਵੱਧ ਬੂਟੇ ਲਗਾਣੇ ਚਾਹੀਦੇ ਹਨ। ਉਨ੍ਹਾਂ ਹਰੇਕ ਸਟਾਫ ਮੈਂਬਰ ਨੂੰ ਦੱਸ ਦੱਸ ਬੂਟੇ ਲਗਾਉਣ ਲਈ ਪ੍ਰੇਰਿਆ। ਉਨਾਂ ਵੱਲੋਂ ਸੰਸਥਾਂ ਵਿੱਚ ਵੱਧ ਤੋਂ ਵੱਧ ਦਰੱਖਤ ਲਗਾ ਕੇ ਹਰਾ ਭਰਾ ਰੱਖਣ ਦੇ ਉਪਰਾਲੇ ਕੀਤੇ ਜਾ ਰਹੇ ਹਨ।

ਇਸ ਮੌਕੇ ਟ੍ਰੇਨਿੰਗ ਅਫਸਰ ਰਣਜੀਤ ਸਿੰਘ,ਰਾਕੇਸ਼ ਕੁਮਾਰ, ਟ੍ਰੇਨਿੰਗ ਅਫਸਰ ਅਸ਼ਵਨੀ ਕੁਮਾਰ, ਟ੍ਰੇਨਿੰਗ ਅਫਸਰ ਟ੍ਰੇਨਿੰਗ ਅਫਸਰ ਅਜੈ ਕੁਮਾਰ , ਸੀਨੀਅਰ ਸਹਾਇਕ ਪਵਨ ਕੁਮਾਰ,ਸੀਨੀਅਰ ਸਹਾਇਕ ਅਸ਼ਵਨੀ ਕੁਮਾਰ, ਇੰਸਟਰਕਟਰ ਅਸ਼ੋਕ ਕੁਮਾਰ, ਹਰਮਿੰਦਰ ਸਿੰਘ, ਵਰਿੰਦਰ ਸਿੰਘ, ਮਨੋਜ ਕੁਮਾਰ, ਗੁਰਦੀਪ ਕੌਸ਼ਲ, ਦਲਜੀਤ ਸਿੰਘ, ਹੁਸ਼ਿਆਰ ਸਿੰਘ,ਮਲਕੀਤ ਸਿੰਘ, ਅਕਾਸ਼ਦੀਪ, ਮਨਪ੍ਰੀਤ ਸਿੰਘ, ਬਲਜੀਤ ਸਿੰਘ,ਦਲਜੀਤ ਸਿੰਘ, ਬਲਿੰਦਰ ਕੁਮਾਰ, ਵਰਿੰਦਰ ਸਿੰਘ, ਵਿਜੇ ਕੁਮਾਰ, ਰਜਿੰਦਰ ਕੁਮਾਰ,ਸੁਪਰਡੰਟ ਮਹਿੰਦਰ ਕੌਰ,ਰਵਨੀਤ ਕੌਰ ਭੰਗਲ,ਸੁਨੀਤਾ ਰਾਣੀ,ਅਨੀਲਮ ਸ਼ਰਮਾ,ਗੁਰਨਾਮ ਕੌਰ,ਹਰਪ੍ਰੀਤ ਸਿੰਘ, ਮਨਿੰਦਰ ਸਿੰਘ,ਸੰਦੀਪ , ਗਿਤਾਂਜਲੀ ਸ਼ਰਮਾਂ ,ਹਰਪ੍ਰੀਤ ਸਿੰਘ, ਰਿਸ਼ੀਪਾਲ , ਸੁਮਿਤ ਕੁਮਾਰ ਤੋਂ ਇਲਾਵਾ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਸਿਟੀ ਟ੍ਰੈਫਿਕ ਪਟਿਆਲਾ ਵਲੋਂ ਮਾ ਨੈਣਾਂ ਦੇਵੀ ਭੰਡਾਰੇ ਲਈ ਰਾਸ਼ਨ ਦਾ ਟਰੱਕ ਕੀਤਾ ਰਵਾਨਾ




**ਪਟਿਆਲਾ, 15 ਜੁਲਾਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਨਯੋਗ ਐਸਐਸਪੀ ਸਾਹਿਬ ਪਟਿਆਲਾ ਜੀ ਦੀ ਰਹਿਨੁਮਾਈ ਅਤੇ ਸਿਟੀ ਟਰੈਫਿਕ ਪੁਲਿਸ ਪਟਿਆਲਾ ਦੀ ਅਗਵਾਈ ਹੇਠ ਸ੍ਰੀ ਮਾ ਨੈਣਾ ਦੇਵੀ ਵਿਖੇ ਮਿਤੀ 15 ਜੁਲਾਈ ਤੋਂ 31 ਅਗਸਤ ਤੱਕ ਲੱਗ ਰਹੇ ਲੰਗਰ ਵਾਸਤੇ ਰਾਸ਼ਨ ਦੇ ਟਰੱਕ ਨੂੰ ਝੰਡੀ ਦੇ ਕੇ ਮਾਈਨਿੰਗ ਡਿਪਾਰਟਮੈਂਟ ਦੇ ਐਕਸੀਅਨ ਰਜਿੰਦਰ ਸਿੰਘ ਵੱਲੋਂ ਰਵਾਨਾ ਕੀਤਾ ਗਿਆ ,

ਇਸ ਮੌਕੇ ਸਟੇਟ ਅਤੇ ਗਵਰਨਰ ਐਵਾਰਡੀ ਐਸ ਆਈ ਭਗਵਾਨ ਸਿੰਘ ਲਾਡੀ ਪਹੇੜੀ ਇੰਚਾਰਜ ਸਿਟੀ ਟ੍ਰੈਫਿਕ ਪਟਿਆਲਾ, ਦਰਬਾਰਾ ਸਿੰਘ, ਯਾਦਵਿੰਦਰ ਸਿੰਘ ਬੋਬੀ ਯਾਦਵਿੰਦਰ ਸਿੰਘ ਬੋਬੀ ਵਲੋਂ ਮਾ ਨੈਣਾਂ ਦੇਵੀ ਵਿਖੇ ਲਗਾਏ ਜਾ ਰਹੇ ਭੰਡਾਰੇ ਵਿਚ ਭਰਪੂਰ ਸਹਿਯੋਗ ਦਿੱਤਾ।

# ਨਾਭਾ ਨੂੰ ਪੋਲੀਥੀਨ ਮੁਕਤ ਕਰਨ ਲਈ ਵਿਧਾਇਕ ਦੇਵ ਮਾਨ ਅਤੇ ਐਸ.ਡੀ.ਐਮ ਵੱਲੋਂ ਵਿਦਿਆਰਥੀਆਂ ਨੂੰ ਬੈਗ ਵੰਡ ਕੀਤੀ ਮੁਹਿੰਮ ਦੀ ਸ਼ੁਰੂਆਤ

**ਨਾਭਾ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰਿਆਸਤੀ ਸ਼ਹਿਰ ਨਾਭਾ ਨੂੰ ਸਾਫ ਸੁਥਰਾ ਵਾਤਾਵਰਨ ਅਤੇ ਪ੍ਰਦੂਸ਼ਣ ਮੁਕਤ ਕਰਨ ਲਈ ਅੱਜ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਅਤੇ ਸ੍ਰੀ ਤਰਸੇਮ ਚੰਦ ਜੀ ਐਸ.ਡੀ.ਐਮ ਨਾਭਾ ਵੱਲੋਂ ਇੱਕ ਨਿਵੇਕਲਾ ਉਪਰਾਲਾ ਕੀਤਾ ਗਿਆ।



ਜਿਸ ਵਿੱਚ ਸ਼ਹਿਰ ਨਾਭਾ ਨੂੰ ਪੋਲੀਥੀਨ ਮੁਕਤ ਕਰਨ ਲਈ ਭਾਈ ਕਾਨ੍ਹ ਸਿੰਘ ਸੀਨੀਅਰ ਸੈਕੰਡਰੀ ਗਰਲਜ਼ ਸਕੂਲ ਨਾਭਾ ਵਿਖੇ ਸਕੂਲੀ ਬੱਚਿਆਂ ਨੂੰ ਬਾਜ਼ਾਰ ਦੀ ਖਰੀਦਦਾਰੀ ਕਰਨ ਲਈ ਵਿਸ਼ੇਸ਼ ਤੌਰ ਤੇ ਬੈਗ ਵੰਡ ਕੇ ਨਾਭਾ ਪੌਲੀਥੀਨ ਮੁਕਤ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ।

ਵੰਡੇ ਗਏ ਤਿਆਰ ਕੀਤੇ ਗਏ ਕੱਪੜੇ ਦੇ ਬੈਗ ਦੀ ਇੱਕ ਵਿਸ਼ੇਸ਼ਤਾ ਇਹ ਸੀ ਕਿ ਕਿ ਬੱਚਿਆਂ ਨੂੰ ਪੰਜਾਬੀ ਮਾਂ ਬੋਲੀ ਨਾਲ ਜੋੜਨ ਲਈ ਬੈਗ ਦੇ ਇੱਕ ਪਾਸੇ ਪੰਜਾਬੀ ਦਾ ੳ.ਅ ਦੀ ਪੂਰੇ ਪੈਂਤੀ ਅੱਖਰ ਛਾਪੇ ਗਏ ਹਨ ਅਤੇ ਇਹਨਾਂ ਬੈਗਾਂ ਦੀ ਛਪਵਾਈ ਕਰਵਾ ਨਾਭਾ ਵਿਖੇ ਸਥਾਪਿਤ ਇੰਡੀਅਨ ਗੈਸ ਪਲਾਂਟ ਵੱਲੋਂ 6000 ਬੈਗ ਸਪੋਂਸਰ ਕੀਤੇ ਗਏ ਹਨ।

ਇਸ ਮੁਹਿੰਮ ਦੀ ਸ਼ੁਰੂਆਤ ਕਰਨ ਉਪਰੰਤ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਅਤੇ ਐਸ.ਡੀ.ਐਮ ਨਾਭਾ ਸ੍ਰੀ ਤਰਸੇਮ ਚੰਦ ਜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੋਲਿਥੀਨ ਦੀ ਵਰਤੋਂ ਸਾਡੇ ਲਈ ਬਹੁਤ ਹੀ ਹਾਨੀਕਾਰਕ ਹੈ ਜਿਸ ਦੀ ਵਰਤੋਂ ਨਾਲ ਜਦੋਂ ਅਸੀਂ ਕੋਈ ਖਾਣ ਪੀਣ ਦੀਆਂ ਵਸਤਾਂ ਕੈਮੀਕਲ ਰਾਹੀਂ ਤਿਆਰ ਹੋਏ ਇਹਨਾਂ ਪੋਲੀਥੀਨ ਦੇ ਲਿਫਾਫਿਆਂ ਵਿੱਚ ਲੈ ਕੇ ਜਾਂਦੇ ਹਾਂ ਤਾਂ ਅਸੀਂ ਅਨੇਕਾਂ ਹੀ ਬਿਮਾਰੀਆਂ ਦੇ ਸ਼ਿਕਾਰ ਹੁੰਦੇ ਹਨ ਅਤੇ ਪੋਲੀਥੀਨ ਦੀ ਵਰਤੋਂ ਕਰਨ ਨਾਲ ਜਦੋਂ ਅਸੀਂ ਲਿਫਾਫੇ ਆਮ ਤੌਰ ਤੇ ਬਾਹਰ ਸੁੱਟ ਦਿੰਦੇ ਹਾਂ ਤਾਂ ਲਿਫਾਫੇ ਆਮ ਤੌਰ ਤੇ ਨਾਲੀਆਂ ਡਰੇਨ ਅਤੇ ਸੀਵਰੇਜ ਨੂੰ ਬਲੋਕ ਕਰ ਦਿੰਦੇ ਹਨ, ਬਲੋਕ ਹੋਣ ਕਾਰਨ ਸੀਵਰੇਜ ਜਾਂ ਨਾਲੀਆਂ ਦਾ ਪਾਣੀ ਰੁਕ ਜਾਂਦਾ ਹੈ ਜਿਸ ਨਾਲ ਮੱਛਰ ਪੈਦਾ ਹੋ ਜਾਂਦੇ ਹਨ ਉਥੇ ਮਲੇਰੀਆ ਫੈਲ ਜਾਂਦਾ ਹੈ ਕਈ ਵਾਰੀ ਸਾਡੇ ਘਰਾਂ ਅੰਦਰ ਤੱਕ ਚਲਿਆ ਜਾਂਦਾ ਹੈ ਜਿਸ ਨਾਲ ਅਸੀਂ ਅਨੇਕਾਂ ਹੀ ਬਿਮਾਰੀਆਂ ਦਾ ਸ਼ਿਕਾਰ ਹੁੰਦੇ ਹਾਂ ਜੇਕਰ ਅਸੀਂ ਆਪਣੇ ਬੱਚਿਆਂ ਨੂੰ ਆਪਣੇ ਪਰਿਵਾਰਾਂ ਨੂੰ ਤੰਦਰੁਸਤ ਦੇਖਣਾ ਚਾਹੁੰਦੇ ਹਾਂ। ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਗੁਰਦੀਪ ਸਿੰਘ ਸੇਖੋਂ , ਰਾਮ ਕ੍ਰਿਸ਼ਨ ,ਤਰਲੋਚਨ ਸਿੰਘ ,ਸਰਦਾਰ ਇਕਬਾਲ ਸਿੰਘ , ਰਜਿੰਦਰ ਪ੍ਰਸਾਦ ਜਗਮੋਹਨ ਕੁਮਾਰ , ਦੇ ਸ਼ਿਕਾਰ ਹੁੰਦੇ ਹਨ ਅਤੇ ਪੋਲੀਥੀਨ ਦੀ ਵਰਤੋਂ ਕਰਨ ਨਾਲ ਜਦੋਂ ਅਸੀਂ ਲਿਫਾਫੇ ਆਮ ਤੌਰ ਤੇ ਬਾਹਰ ਸੁੱਟ ਦਿੰਦੇ ਹਾਂ ਤਾਂ ਲਿਫਾਫੇ ਆਮ ਤੌਰ ਤੇ ਨਾਲੀਆਂ ਡਰੇਨ ਅਤੇ ਸੀਵਰੇਜ ਨੂੰ ਬਲੋਕ ਕਰ ਦਿੰਦੇ ਹਨ, ਲੈਕਚਰਾਰ ਗੁਰਪ੍ਰੀਤ ਕੌਰ ,ਮਧੂ ਮੈਡਮ , ਤੇਜਿੰਦਰ ਸਿੰਘ ਖੈਹਿਰਾ, ਦੀਪਕ ਨਾਗਪਾਲ, ਪੰਕਜ਼ ਪੱਪੂ, ਪ੍ਰਿੰਸ ਸ਼ਰਮਾ, ਜਸਵੀਰ ਸਿੰਘ ਵਜੀਦਪੁਰ, ਭੁਪਿੰਦਰ ਸਿੰਘ ਕਲਰ ਮਾਜਰੀ, ਭੁਵੇਸ਼ ਬਾਂਸਲ, ਹਰਸਿਮਰਨ ਸਿੰਘ ਸ਼ਾਹਨੀ, ਅਤੇ ਵੱਡੀ ਗਿਣਤੀ ਵਿੱਚ ਸਕੂਲੀ ਬੱਚੇ ਅਤੇ ਲੋਕ ਹਾਜ਼ਰ ਸਨ।

# ਸਮਾਜ ਸੇਵੀ ਬੈਨੀਪਾਲ ਗਰੁੱਪ ਦੇ ਸਰਪ੍ਰਸਤ ਦਲਵਿੰਦਰ ਸਿੰਘ ਬੈਨੀਪਾਲ ਵੱਲੋਂ ਗੁਰੂ ਕੇ ਲੰਗਰ ਲਈ ਅਚਾਰ ਦੀ ਸੇਵਾ ਕੀਤੀ ਜਾ ਰਹੀ

**ਨਿਊ ਚੰਡੀਗੜ੍ਹ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਖਰੜ ਤੋਂ ਮਾਜਰੀ ਬਲਾਕ ਦੇ ਸਮਾਜ ਸੇਵੀ ਬੈਨੀਪਾਲ ਗਰੁੱਪ ਦੇ ਸਰਪ੍ਰਸਤ ਦਲਵਿੰਦਰ ਸਿੰਘ ਬੈਨੀਪਾਲ ਵੱਲੋਂ ਹਰ ਸਾਲ ਧਾਰਮਿਕ ਸਥਾਨਾਂ ਉੱਤੇ ਅਤੇ ਹੋਰ ਥਾਵਾਂ ਤੇ ਲੱਗਣ ਵਾਲੇ ਗੁਰੂ ਕੇ ਲੰਗਰ ਲਈ ਅਚਾਰ ਦੀ ਸੇਵਾ ਕੀਤੀ ਜਾ ਰਹੀ ਹੈ। ਉਨ੍ਹਾਂ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਇਹ ਸੇਵਾ ਨਿਰੰਤਰ ਜਾਰੀ ਹੈ।ਇਸ ਸਬੰਧੀ ਗੱਲਬਾਤ ਕਰਦਿਆਂ ਦਲਵਿੰਦਰ ਸਿੰਘ ਬੈਨੀਪਾਲ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਗੁਰਦੁਆਰਾ ਸ੍ਰੀ ਨਾਢਾ ਸਾਹਿਬ ਵਿਖੇ ਵਿਸ਼ੇਸ਼ ਤੌਰ ਤੇ ਅਚਾਰ ਦੀ ਸੇਵਾ ਕੀਤੀ ਜਾਂਦੀ ਹੈ।ਇਸ ਤੋਂ ਇਲਾਵਾ ਉਸ ਦੇ ਨਜ਼ਦੀਕ ਹੀ ਕਾਠਗੜ੍ਹ ਵਿਖੇ ਵੀ ਰੋਜ਼ਾਨਾ ਹਜ਼ਾਰਾਂ ਸੰਗਤਾਂ ਲੰਗਰ ਛਕਦੀਆਂ ਹਨ।ਉਸ ਲੰਗਰ ਵਿੱਚ ਵੀ ਅਚਾਰ ਪੁੱਜਦਾ ਕੀਤਾ ਜਾਂਦਾ ਹੈ।ਇਸ ਸੇਵਾ ਵਿੱਚ ਜਿੱਥੇ ਇਲਾਕੇ ਦੀਆਂ ਸੰਗਤਾਂ ਵੱਲੋਂ ਸੇਵਾ ਕੀਤੀ ਜਾ ਰਹੀ ਹੈ ਓਥੇ ਹੀ ਅੱਜ ਪਿੰਡ ਪੜੌਲ ਤੋਂ ਸ ਗੁਰਦੀਪ ਸਿੰਘ ਦੀਪਾ ਵੱਲੋਂ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋ ਕੇ ਇਹਨਾਂ ਕਾਰਜਾਂ ਲਈ ਮਾਇਆ ਦਿੱਤੀ ਗਈ ਹੈ।

ਉਨ੍ਹਾਂ ਇਲਾਕੇ ਦੀਆਂ ਸਮੂਹ ਸੰਗਤਾਂ ਦਾ ਧੰਨਵਾਦ ਵੀ ਕੀਤਾ ਜਿਨ੍ਹਾਂ ਵੱਲੋਂ ਅਚਾਰ ਨੂੰ ਤਿਆਰ ਕਰਨ ਤੱਕ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ ਹੈ।

# ਡਾਬਰ ਇੰਡੀਆ ਲਿਮਟਿਡ ਦੁਆਰਾ ਊਰਜਾ ਅਤੇ ਸ਼ਕਤੀ ਪ੍ਰਦਾਨ ਕਰਨ ਲਈ ਇੱਕ ਨਵੀਂ ਪਹਿਲ

**ਸੋ ਤੋਂ ਵੱਧ ਖਿਡਾਰੀਆਂ ਨੂੰ ਗਲੂਕੋਸ ਡੱਬੇ ਦਿੱਤੇ ਗਏ**



**ਅੰਮ੍ਰਿਤਸਰ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਇਹ ਪ੍ਰੋਗਰਾਮਯੂਥ ਐਂਡ ਸਪੋਰਟਸ ਡਿਵੈਲਪਮੈਂਟ ਐਸੋਸੀਏਸ਼ਨ ਡਿਸਟਰਿਕਟ ਕਿਕ ਬਾਕਸਿੰਗ ਐਸੋਸੀਏਸ਼ਨ ਸ਼ਹੀਦ ਭਗਤ ਸਿੰਘ ਬਾਕਸਿੰਗ ਕਲੱਬ ਇਹਨਾਂ ਕਲੱਬ ਐਸੋਸੀਏਸ਼ਨਾ ਅਤੇ ਡਾਬਰ ਕੰਪਨੀ ਨੇ ਮਿਲ ਕੇ ਸਪੋਰਟਸ ਦਾ ਉਪਰਾਲਾ ਕੀਤਾ ਜਿਸ ਵਿੱਚ ਨੈਸ਼ਨਲ ਖੇਲੋ ਇੰਡੀਆ ਸੀਨੀਅਰ ਨੈਸ਼ਨਲ ਸਕੂਲ ਨੈਸ਼ਨਲ ਸਕੂਲ ਸਟੇਟ ਖੇਡ ਵਤਨ ਪੰਜਾਬ ਦੇ ਖਿਡਾਰੀਆਂ ਨੂੰ ਐਨਰਜੀ ਵਾਸਤੇ ਗਲੂਕੋਸ ਦੇ ਡੱਬੇ ਦਿੱਤੇ ਗਏ ਜਿਸ ਵਿੱਚ ਬੈਸਟ ਬਾਕਸਰਾ ਨੂੰ ਸਰਟੀਫਿਕੇਟ ਨਾਲ ਨਿਵਾਜਿਆ ਹੈ ਪ੍ਰਯਾਂਸ਼ ਸ਼ਰਮਾ, ਸੰਦੀਪ ਕੌਰ ਨੂੰ ਸਰਟੀਫਿਕੇਟ ਦਿੱਤਾ ਗਿਆ ਅਤੇ ਜੋ ਕੋਚ ਫਰੀ ਵਿੱਚ ਹੀ ਸੇਵਾਵਾਂ ਨਿਭਾ ਰਹੇ ਹਨ ਬਾਕਸਿੰਗ ਅਤੇ ਕਿਕ ਬਾਕਸਿੰਗ ਕੋਚ ਬਲਦੇਵ ਰਾਜ ਦੇਵ ਤੇ ਨੈਨਾ ਸ਼ਰਮਾ ਕੋਚ ਨੂੰ ਸਰਟੀਫਿਕੇਟ ਦੇਖ ਕੇ ਨਿਵਾਜਿਆ ਗਿਆ ਕੋਚ ਬਲਦੇਵ ਨੇ ਕਿਹਾ ਕਿ ਅਸੀਂ ਆਪਣੇ ਐਸੋਸੀਏਸ਼ਨ ਕਲੱਬ ਵੱਲੋਂ ਤੁਹਾਡੇ ਬਹੁਤ ਹੀ ਦਿਲੋਂ ਧੰਨਵਾਦ ਕਰਦੇ ਹਾਂ ਜੋ ਤੁਸੀਂ ਇਹਨਾਂ ਗਰੀਬਾਂ ਵਾਸਤੇ ਇਨਾ ਵੱਡਾ ਉਪਰਾਲਾ ਕੀਤਾ ਤੇ ਡਾਬਰ ਵੱਲੋਂ ਸਰਟੀਫਿਕੇਟ ਅਤੇ ਗਲੂਕੋਸ ਦੇਣ ਦੀ ਰਸਮ ਦਿਨੇਸ਼ ਕੁਮਾਰ ਜੀ ਨਿਭਾਈ ਕਲੱਬ ਵੱਲੋਂ ਸਦਾ ਹੀ ਜ਼ੁਰਤਮੰਦ ਬੱਚਿਆਂ ਸਮੇਂ ਸਮੇਂ ਤੇ ਇਦਾਂ ਦੇ ਉਪਰਾਲੇ ਕਰਦੇ ਹੀ ਰਹਿੰਦੇ ਹਨ ਇਸ ਮੌਕੇ ਮੌਜੂਦ ਸਨ ਯੂਥ ਐਂਡ ਸਪੋਰਟਸ ਡਿਵੈਲਪਮੈਂਟ ਐਸੋਸੀਏਸ਼ਨ ਦੇ ਪ੍ਰਧਾਨ ਅਭਿਲਾਸ਼ ਕੁਮਾਰ ਜੀ ਬਾਕਸਿੰਗ ਅਤ ਕਿਕ ਬਾਕਸਿੰਗ ਕੋਚ ਬਲਦੇਵ ਰਾਜ ਦੇਵ ਕੋਚ ਨੈਨਾ ਸ਼ਰਮਾ ਕੋਚ ਅਨੁਰਾਧਾ ਡੀਪੀ ਮਨਿੰਦਰ ਸਿੰਘ ਤੇ ਸਮੂਹ ਸਟਾਫ ਹਾਜ਼ਰ ਸੀ

# 50 ਹਜ਼ਾਰ ਤੋਂ ਵੱਧ ਪੌਦੇ ਵੰਡਕੇ ਪ੍ਰਸ਼ਾਸ਼ਨ ਨੇ ਕਰਵਾਈ ਗਰੀਨ ਇਲੈਕਸ਼ਨ

## ਵਾਤਾਵਰਣ ਸੰਭਾਲ ਲਈ ਜਾਗਰੂਕਤਾ ਦੇ ਨਾਲ- ਨਾਲ ਮਾਨਸੂਨ ਸੀਜਨ ਦੌਰਾਨ ਹਰਿਆਲੀ ਵਧਾਉਣ ਵਿੱਚ ਮਿਲੇਗੀ ਮਦਦ : ਡਿਪਟੀ ਕਮਿਸ਼ਨਰ

**ਜਲੰਧਰ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜਲੰਧਰ ਪੱਛਮੀ ਹਲਕੇ ਦੀ ਜ਼ਿਮਨੀ ਚੋਣ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਯਤਨਾਂ ਸਦਕਾ ਗਰੀਨ ਇਲੈਕਸ਼ਨ ਹੋ ਨਿੱਬੜੀ । ਜ਼ਿਲ੍ਹਾ ਚੋਣ ਅਫਸਰ ਕਮ ਡਿਪਟੀ ਕਮਿਸ਼ਨਰ ਡਾ ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਪ੍ਰਸ਼ਾਸ਼ਨ ਵੱਲੋਂ ਹਾਲ ਹੀ ਵਿੱਚ ਹੋਈ ਲੋਕ ਸਭਾ ਚੋਣ ਦੌਰਾਨ ਫਿਲੌਰ ਵਿਧਾਨ ਸਭਾ ਹਲਕੇ ਵਿੱਚ ਕੁਝ ਗਰੀਨ ਬੂਥ ਬਣਾਏ ਗਏ ਸਨ , ਪਰ ਇਸ ਵਾਰ ਪੂਰੇ ਜਲੰਧਰ ਪੱਛਮੀ ਹਲਕੇ ਦੇ 181 ਬੂਥਾਂ ਨੂੰ ਗਰੀਨ ਬੂਥ ਬਣਾਕੇ ਵੋਟ ਪਾਉਣ ਆਏ ਵੋਟਰਾਂ ਨੂੰ 50000 ਬੂਟੇ ਵੰਡੇ ਗਏ।

ਉਨ੍ਹਾਂ ਦੱਸਿਆ ਕਿ ਪ੍ਰਸ਼ਾਸ਼ਨ ਵੱਲੋਂ ਵੋਟਾਂ ਵਾਲੇ ਦਿਨ ਤੜਕਸਾਰ ਬੂਟੇ ਜੰਗਲਾਤ ਵਿਭਾਗ ਦੀਆਂ ਨਰਸਰੀਆਂ ਤੋਂ ਪੋਲਿੰਗ ਕੇਂਦਰਾਂ ਵਿਖੇ ਪਹੁੰਚਾਏ ਗਏ ਤਾਂ ਜੋ ਬੂਟਿਆਂ ਨੂੰ ਕੋਈ ਨੁਕਸਾਨ ਨਾ ਹੋਵੇ ।

ਡਾ. ਅਗਰਵਾਲ ਨੇ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਮਕਸਦ ਲੋਕਾਂ ਨੂੰ ਵਾਤਾਵਰਣ ਸੰਭਾਲ ਦਾ ਸੱਦਾ ਦੇਣ ਦੇ ਨਾਲ- ਨਾਲ ਮਾਨਸੂਨ ਸੀਜਨ ਦਾ ਵੱਧ ਤੋਂ ਵੱਧ ਲਾਹਾ ਲੈਣਾ ਸੀ ਤਾਂ ਜੋ ਬੂਟਿਆਂ ਦੇ ਪਾਲਣ ਪੋਸ਼ਣ ਸਹੀ ਤਰੀਕੇ ਨਾਲ ਹੋ ਸਕੇ ।



ਉਨ੍ਹਾਂ ਦੱਸਿਆ ਕਿ ਹਰੇਕ ਪੋਲਿੰਗ ਬੂਥ ਉੱਪਰ 200 ਤੋਂ 350 ਤੱਕ ਬੂਟੇ ਸਪਲਾਈ ਕੀਤੇ ਗਏ ਜੋ ਕਿ ਵੋਟ ਪਾਉਣ ਵਾਲੇ ਲੋਕਾਂ ਨੂੰ ਵੋਟ ਪਾਉਣ ਉਪਰੰਤ ਬਿਲਕੁਲ ਮੁਫਤ ਦਿੱਤੇ ਗਏ, ਜਿਸਦੀ ਲੋਕਾਂ ਵਲੋਂ ਸ਼ਲਾਘਾ ਕੀਤੀ ਗਈ ।

ਡਾ. ਅਗਰਵਾਲ ਨੇ ਦੱਸਿਆ ਕਿ ਪ੍ਰਸ਼ਾਸ਼ਨ ਵੱਲੋਂ ਮੁੱਖ ਤੌਰ ਉੱਪਰ ਨਿੰਮ , ਅਰਜੁਨ , ਸੁਖਚੈਨ , ਟਾਹਲੀ , ਧਰੇਕ , ਜਾਮਣ , ਅਮਰੂਦ ਦੇ ਬੂਟੇ ਵੰਡੇ ਗਏ ।

ਵੋਟ ਪਾਉਣ ਆਏ ਲੋਕਾਂ ਵੱਲੋਂ ਅਮਰੂਦ ਦੇ ਬੂਟਿਆਂ ਪ੍ਰਤੀ ਵਿਸ਼ੇਸ਼ ਦਿਲਚਸਪੀ ਦਿਖਾਈ ਗਈ , ਜੋ ਕਿ ਬਾਕੀ ਬੂਟਿਆਂ ਨਾਲੋਂ ਜ਼ਿਆਦਾ ਗਿਣਤੀ ਵਿੱਚ ਵੰਡਿਆ ਗਿਆ ।

ਉਨ੍ਹਾਂ ਬੂਟੇ ਪ੍ਰਾਪਤ ਕਰਨ ਵਾਲੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬੂਟੇ ਲਗਾਕੇ ਉਨ੍ਹਾਂ ਦੀ ਸਾਂਭ ਸੰਭਾਲ ਵੀ ਯਕੀਨੀ ਬਣਾਉਣ ਤਾਂ ਜੋ ਵਾਤਾਵਰਣ ਨੂੰ ਹਰਾ ਭਰਾ ਬਣਾਇਆ ਜਾ ਸਕੇ।

# ਭਾਈ ਮਰਦਾਨਾ ਚੈਰੀਟੇਬਲ ਸੁਸਾਇਟੀ ਅਤੇ ਪੁਲਿਸ ਜ਼ਿਲ੍ਹਾ ਖੰਨਾ ਨੇ ਵੰਡੇ ਬੂਟੇ




**ਖੰਨਾ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰੱਬ ਨੇ ਰੰਗ ਦਿਖਾਉਂਦੇ ਹੋਏ ਕੋਰੋਨਾ ਦੇ ਸਮੇਂ ਸਭ ਲੋਕਾਂ ਦੇ ਮੂੰਹਾਂ ਤੇ ਮਾਸਕ ਲਗਵਾ ਦਿੱਤਾ ਸੀ ? ਉਸੇ ਤਰ੍ਹਾਂ ਜੇਕਰ ਅਸੀਂ ਰੁੱਖ ਕੱਟਦੇ ਰਹੇ ਅਤੇ ਨਵੇਂ ਰੁੱਖ ਨਾ ਲਗਾਏ ਤਾਂ ਆਉਣ ਵਾਲੇ ਸਮੇ 'ਚ ਇੱਕ ਦਿਨ ਪਿੱਠ 'ਤੇ ਆਕਸੀਜਨ ਵਾਲਾ ਸਿਲੰਡਰ ਵੀ ਬੰਨ੍ਹਣਾ ਪੈ ਸਕਦਾ ਹੈ। ਉਕਤ ਗੱਲਾਂ ਦਾ ਪ੍ਰਗਟਾਵਾ ਡੀ.ਐਸ.ਪੀ ਕਰਮਵੀਰ ਸਿੰਘ ਤੂਰ, ਜ਼ਿਲ੍ਹਾ ਟਰੈਫਿਕ ਇੰਚਾਰਜ ਖੰਨਾ ਦੇ ਇੰਸਪੈਕਟਰ ਕੁਲਜੀਤ ਸਿੰਘ, ਜ਼ਿਲ੍ਹਾ ਸਾਂਝ ਕੇਂਦਰ ਇੰਚਾਰਜ ਪ੍ਰਗਟ ਸਿੰਘ, ਭਾਈ ਸੁਖਵਿੰਦਰ ਸਿੰਘ ਭਗਵਾਨਪੁਰਾ, ਮੈਡਮ ਪਰਮਜੀਤ ਕੌਰ ਸੈਣੀ ਨੇ ਛਾਂਦਾਰ ਤੇ ਫ਼ਲਦਾਰ ਬੂਟੇ ਵੰਡਣ ਸਮੇਂ ਕੀਤਾ। ਇਸ ਦੌਰਾਨ ਉਨ੍ਹਾਂ ਵੱਲੋਂ ਪੁਲਿਸ ਟੀਮ ਦੀ ਸਹਿਯੋਗ ਨਾਲ ਬੂਟੇ ਵੰਡੇ। ਉਨ੍ਹਾਂ ਕਿਹਾ ਆਉਣ ਵਾਲੀ ਪੀੜ੍ਹੀ ਨੂੰ ਚੰਗੀ ਸਿਹਤ ਓਦੋਂ ਮਿਲ ਸਕਦੀ ਹੈ ਜਦੋਂ ਉਹ ਵਾਤਾਵਰਨ ਪ੍ਰਤੀ ਇਮਾਨਦਾਰ ਹੋਵੇਗੀ। ਹਰ ਕਿਸੇ ਨੂੰ ਆਪਣੇ ਘਰਾਂ 'ਚ ਤੇ ਬਾਹਰ ਛਾਂਦਾਰ ਬੂਟੇ ਤੇ ਫਲਾ ਦੇ ਬੂਟੇ ਲਗਾਉਣੇ ਚਾਹੀਦੇ ਹਨ। ਇਸ ਮੌਕੇ ਪੁਲਿਸ ਜ਼ਿਲ੍ਹਾਂ ਖੰਨਾ ਦੇ ਧਰਮਿੰਦਰ ਸਿੰਘ ਰੀਡਰ,ਭਾਈ ਅੰਤਰਜੋਤ ਸਿੰਘ ਸਮਰਾਲਾ, ਥਾਣੇਦਾਰ ਰਿਸ਼ੀ ਪਾਲ, ਥਾਣੇਦਾਰ ਜਸਪਾਲ ਸਿੰਘ, ਅਮਰਦੀਪ ਸਿੰਘ, ਨਵਰਾਜਦੀਪ ਸਿੰਘ, ਕੁਲਜੀਤ ਕੌਰ, ਕਿਰਨ ਕੌਰ,ਅਮਰਿੰਦਰ ਲਸੋਈ, ਜੈਸਮੀਨ ਆਦਿ ਮੌਜੂਦ ਸਨ ਜਿਨ੍ਹਾਂ ਨੇ 'ਰੁੱਖ ਲਗਾਓ ਵਾਤਾਵਰਨ ਬਚਾਓ÷ ਦਾ ਹੋਕਾ ਦਿੰਦਿਆ ਰਾਹਗੀਰਾਂ ਨੂੰ ਬੂਟੇ ਵੰਡੇ।

# ਵਾਤਾਵਰਨ ਦੀ ਸੰਭਾਲ ਲਈ ਵੱਧ ਤੋਂ ਵੱਧ ਬੂਟੇ ਲਗਾਓ : ਧਾਲੀਵਾਲ



ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਹਲਕਾ ਵਿਧਾਇਕ ਡਾਕਟਰ ਜਸਬੀਰ ਸਿੰਘ ਸੰਧੂ ਪਾਰਕ ਵਿੱਚ ਬੂਟੇ ਲਗਾਉਂਦੇ ਹੋਏ । ਨਾਲ ਨਜਰ ਆ ਰਹੇ ਕਮਿਸ਼ਨਰ ਨਗਰ ਨਿਗਮ ਸ੍ਰੀ ਹਰਪ੍ਰੀਤ ਸਿੰਘ।

**ਅੰਮ੍ਰਿਤਸਰ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਵਾ ਅਤੇ ਪਾਣੀ ਪਰਮਾਤਮਾ ਵੱਲੋਂ ਦਿੱਤੀ ਗਈ ਅਨਮੋਲ ਦਾਤ ਹੈ ਸਾਨੂੰ ਵਾਤਾਵਰਨ ਨੂੰ ਸਾਫ ਸੁਥਰਾ ਬਣਾਉਣ ਲਈ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਹਨ । ਇਹ ਵਿਚਾਰ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਹਲਕਾ ਵਿਧਾਇਕ ਪੱਛਮੀ ਡਾਕਟਰ ਜਸਬੀਰ ਸਿੰਘ ਸੰਧੂ, ਗੁਰਦੁਆਰਾ ਡੇਰਾ ਬਾਬਾ ਦਰਸ਼ਨ ਸਿੰਘ ਕੁਲੀ ਵਾਲੇ , ਸੇਵਾਦਾਰ ਬਾਬਾ ਗੁਰਜੀਤ ਸਿੰਘ ਅੱਜ ਬਾਬਾ ਦਰਸ਼ਨ ਸਿੰਘ ਕਲੋਨੀ ਦੇ ਪਾਰਕ ਵਿਖੇ 100 ਤੋਂ ਵਧੇਰੇ ਬੂਟੇ ਲਗਾਉਂਦਿਆਂ ਸਾਂਝੇ ਕੀਤੇ।

ਸ੍ਰ ਧਾਲੀਵਾਲ ਨੇ ਕਿਹਾ ਕਿ ਰੁੱਖਾਂ ਨੂੰ ਪੁੱਤਾਂ ਵਾਂਗ ਪਾਲੋ ਅਤੇ ਇਸਦਾ ਪਾਲਣ ਪੋਸ਼ਣ ਸਹੀ ਤਰੀਕੇ ਨਾਲ ਕਰਕੇ ਅਗਲੀਆਂ ਪੀੜੀ ਲਈ ਵਾਤਾਵਰਨ ਨੂੰ ਹੋਰ ਸੁੰਦਰ ਬਣਾਉਣ ਦਾ ਉਪਰਾਲਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਹਰੇਕ ਵਿਅਕਤੀ ਨੂੰ ਆਪਣੇ ਜੀਵਨ ਵਿੱਚ ਇਕ ਪੌਦਾ ਜਰੂਰ ਲਗਾਉਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਕੇਵਲ ਪੌਦੇ ਲਗਾਉਣਾ ਹੀ ਨਹੀਂ ਬਲਕਿ ਇਸ ਦੇਖਭਾਲ ਵੀ ਕਰਨੀ ਚਾਹੀਦੀ ਹੈ। ਸ੍ਰ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਦਾ ਉਦੇਸ਼ ਪੰਜਾਬ ਨੂੰ ਮੁੜ ਤੋਂ ਰੰਗਲਾ ਬਣਾਉਣਾ ਹੈ ਅਤੇ ਪੰਜਾਬ ਨੂੰ ਰੰਗਲਾ ਬਣਾਉਣ ਲਈ ਸਭ ਤੋਂ ਵਾਤਾਵਰਣ ਨੂੰ ਸ਼ੁੱਧ ਕਰਨਾ ਹੈ। ਉਨ੍ਹਾਂ ਕਿਹਾ ਕਿ ਹਰੇਕ ਵਿਅਕਤੀ ਦਾ ਫਰਜ ਬਣਦਾ ਹੈ ਕਿ ਉਹ ਪੰਜਾਬ ਨੂੰ ਮੁੜ ਤੋਂ ਰੰਗਲਾ ਬਣਾਉਣ ਲਈ ਸਰਕਾਰ ਦਾ ਸਹਿਯੋਗ ਦੇਵੇ।

ਇਸ ਮੌਕੇ ਬੂਟਿਆਂ ਦਾ ਪ੍ਰਸ਼ਾਦ ਗੁਰਦੁਆਰਾ ਸਾਹਿਬ ਵਿਖੇ ਕਈ ਸੰਗਤਾਂ ਨੂੰ ਦਿੱਤਾ ਗਿਆ। ਸ੍ਰ ਧਾਲੀਵਾਲ ਨੇ ਸੰਗਤ ਨੂੰ ਕਿਹਾ ਕਿ ਜੋ ਬੂਟੇ ਪ੍ਰਸ਼ਾਦ ਦੇ ਰੂਪ ਵਿੱਚ ਦਿੱਤੇ ਜਾ ਰਹੇ ਹਨ। ਇਨ੍ਹਾਂ ਨੂੰ ਆਪਣੇ ਘਰ ਦੇ ਬਾਹਰ ਜਰੂਰ ਲਗਾਇਆ ਜਾਵੇ।

ਇਸ ਮੌਕੇ ਕਮਿਸ਼ਨਰ ਨਗਰ ਨਿਗਮ ਸ੍ਰੀ ਹਰਪ੍ਰੀਤ ਸਿੰਘ, ਆਮ ਆਦਮੀ ਪਾਰਟੀ ਦੇ ਜਿਲ੍ਹਾ ਪ੍ਰਧਾਨ ਸ੍ਰੀ ਮੁਨੀਸ਼ ਅਗਰਵਾਲ, ਸ੍ਰ ਰਵਿੰਦਰ ਸਿੰਘ ਭੱਟੀ, ਐਕਸੀਅਨ ਸੰਦੀਪ ਸਿੰਘ, ਡੀ:ਐਸ:ਪੀ ਸੁਖਪਾਲ ਸਿੰਘ, ਮਿਸ਼ਨ ਅਗਾਜ ਤੋਂ ਸ੍ਰੀ ਦੀਪਕ ਬੱਬਰ, ਰਣਦੀਪ ਸਿੰਘ ਛੀਨਾ, ਸਤਨਾਮ ਸਿੰਘ , ਹਰਜਿੰਦਰ ਸਿੰਘ, ਅਵਤਾਰ ਸਿੰਘ, ਰੇਸ਼ਮ ਸਿੰਘ, ਸਰਪੰਚ ਜਸਪਾਲ ਸਿੰਘ ਸੰਧੂ, ਹੀਰਾ ਸਿੰਘ, ਕੈਪਟਨ ਹਰਦੇਵ ਸਿੰਘ, ਹਰਪਾਲ ਸਿੰਘ, ਮੈਨੇਜਰ ਜਗਦੀਪ ਸਿੰਘ ਪੰਨੂ, ਬਲਵਿੰਦਰ ਸਿੰਘ ਉੱਪਲ ਮਜੀਠੀਆ, ਰੇਸ਼ਮ ਸਿੰਘ, ਪ੍ਰਤਾਪ ਸਿੰਘ, ਉਜਾਗਰ ਸਿੰਘ ਅਤੇ ਡਾਕਟਰ ਕਿਰਨ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜਰ ਸਨ।

# ਮਿਹਨਤੀ ਅਤੇ ਵਫਾਦਾਰ ਪਾਰਟੀ ਆਗੂਆਂ ਦਾ ਮਾਣ ਕਰਨਾ ਪਾਰਟੀ ਦਾ ਪਹਿਲਾ ਫਰਜ਼ -ਰਾਜਾ ਗਿੱਲ

**ਮਾਛੀਵਾੜਾ ਸਾਹਿਬ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਹਲਕਾ ਫਤਿਹਗੜ੍ਹ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਡਾਕਟਰ ਅਮਰ ਸਿੰਘ ਨੂੰ ਮਾਛੀਵਾੜਾ ਸ਼ਹਿਰ ਤੋਂ ਵੱਡੀ ਲੀਡ ਆਉਣ ਤੇ ਮੰਡਲ ਪ੍ਰਧਾਨ ਨੰਦ ਕਿਸ਼ੋਰ ਦਾ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਵਲੋਂ ਪ੍ਰਸੰਸਾ ਪੱਤਰ ਦੇਕੇ ਸਨਮਾਨ ਕੀਤਾ ਗਿਆ। ਉਹਨਾਂ ਕਿਹਾ ਕਿ ਮਿਹਨਤੀ ,ਵਫਾਦਾਰ ਅਤੇ ਪਾਰਟੀ ਪ੍ਰਤੀ ਇਮਾਨਦਾਰੀ ਨਾਲ ਕੰਮ ਕਰਨ ਵਾਲੇ ਵਰਕਰਾਂ ਤੇ ਆਗੂਆਂ ਦਾ ਮਾਣ ਸਨਮਾਨ ਕਰਨਾ ਪਾਰਟੀ ਦੀ ਪਹਿਲਾਂ ਤੋਂ ਰੀਤ ਰਹੀ ਹੈ ਕਿਉਂਕਿ ਪਾਰਟੀ ਵਰਕਰਾਂ ਦੇ ਮੋਢਿਆਂ ਤੇ ਹੀ ਉੱਚੀ ਉੱਠਦੀ ਹੈ ਤੇ ਸਾਨੂੰ ਮਾਣ ਹੈ ਕਿ ਮਾਛੀਵਾੜਾ ਇਲਾਕੇ ਵਿੱਚ ਪਾਰਟੀ ਵਰਕਰਾਂ ਤੇ ਆਗੂਆਂ ਨੇ ਤਨਦੇਹੀ ਨਾਲ ਕੰਮ ਕਰਦਿਆਂ ਡਾਕਟਰ ਅਮਰ ਸਿੰਘ ਨੂੰ ਵੱਡੀ ਲੀਡ ਦਿਵਾਈ।

ਉਨ੍ਹਾਂ ਵੱਲੋਂ ਆਉਣ ਵਾਲੀਆਂ ਵੋਟਾਂ ਵਿੱਚ ਹੋਰ ਵੱਧ ਤੋਂ ਵੱਧ ਮਿਹਨਤ ਕਰਨ ਲਈ ਹੌਸਲਾ ਅਫ਼ਜ਼ਾਈ ਕੀਤੀ ਗਈ। ਮੰਡਲ ਪ੍ਰਧਾਨ ਨੰਦ ਕਿਸ਼ੋਰ ਵਲੋਂ ਰੁਪਿੰਦਰ ਸਿੰਘ ਰਾਜਾ ਗਿੱਲ ਦਾ ਸਨਮਾਨ ਕਰਨ ਤੇ ਧੰਨਵਾਦ ਕੀਤਾ ਅਤੇ ਸਮੂਹ ਵੋਟਰਾਂ ਦਾ ਵੀ ਧੰਨਵਾਦ ਕੀਤਾ ਜਿਨਾਂ ਕਾਂਗਰਸ ਪਾਰਟੀ ਦੀਆਂ ਨੀਤੀਆਂ ਤੇ ਮੋਹਰ ਲਾਉਂਦਿਆਂ ਵੱਡੀ ਲੀਡ ਦਿਵਾਈ।

ਉਨ੍ਹਾਂ ਕਿਹਾ ਕਿ ਮਾਛੀਵਾੜਾ ਸਾਹਿਬ ਵਿੱਚੋਂ ਹਮੇਸ਼ਾ ਕਾਂਗਰਸ ਪਾਰਟੀ ਵੱਡੀ ਲੀਡ ਲੈਂਦੀ ਰਹੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਇਸ ਨੂੰ ਹੋਰ ਮਜਬੂਤ ਕੀਤਾ ਜਾਵੇਗਾ। ਇਸ ਸਮੇਂ ਰਕੇਸ਼ ਕੁਮਾਰ ,ਰਾਜ ਕਿਸ਼ੋਰ, ਸੁਭਾਸ਼ ਬੀਟਨ,ਪੀ.ਏ.ਹਰਚੰਦ ਸਿੰਘ ਵੀ ਮੌਜੂਦ ਸਨ।

# ਨੰਬਰਦਾਰਾਂ ਯੂਨੀਅਨ ਨਾਭਾ ਦੀ ਹੋਈ ਮੀਟਿੰਗ



**ਨਾਭਾ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਨੰਬਰਦਾਰਾਂ ਯੂਨੀਅਨ ਨਾਭਾ ਦੀ ਮੀਟਿੰਗ ਪ੍ਰਧਾਨ ਹਾਕਮ ਸਿੰਘ ਦੀ ਅਗਵਾਈ ਹੇਠ ਤਹਿਸੀਲ ਕੰਪਲੈਕਸ ਨਾਭਾ ਵਿਖੇ ਹੋਈ ਜਿਸ ਵਿੱਚ ਹੇਠ ਲਿਖੇ ਅਨੁਸਾਰ ਮਤੇ ਪਾਏ ਗਏ। ਨੰਬਰਦਾਰਾਂ ਦੇ ਭੱਤਿਆਂ 'ਚ ਵਾਧਾ ਕੀਤਾ ਜਾਵੇ, ਨੰਬਰਦਾਰਾਂ ਦੀ ਟੋਲ ਫੀਸ ਮੁਆਫ ਕੀਤੀ ਜਾਵੇ, ਨੰਬਰਦਾਰਾਂ ਨੂੰ ਤਹਿਸੀਲ ਕੰਪਲੈਕਸ ਵਿੱਚ ਬੈਠਣ ਲਈ ਢੁਕਵੀਂ ਥਾਂ ਦਿੱਤੀ ਜਾਵੇ ਅਤੇ ਨੰਬਰਦਾਰੀ ਜੱਦੀ ਪੁਸ਼ਤੀ ਕੀਤੀ ਜਾਵੇ ਨੰਬਰਦਾਰਾਂ ਨੂੰ ਜ਼ਿਲ੍ਹਾ ਕਮੇਟੀਆਂ ਵਿਚ ਮੈਂਬਰ ਨਿਯੁਕਤ ਕੀਤਾ ਜਾਵੇ। ਇਸ ਤੋਂ ਇਲਾਵਾ ਉਨਾਂ ਦੇ ਧਿਆਨ ਵਿੱਚ ਆਇਆ ਹੈ ਕਿ ਕੁਰਸੀ ਨਾਮਾ ਅਰਜੀਨਵੀਸਾਂ ਵਲੋਂ ਤਿਆਰ ਕੀਤਾ ਜਾ ਰਿਹਾ ਜਦਕਿ ਇਸ ਨੂੰ ਪਟਵਾਰੀ ਤਿਆਰ ਕਰਨ ਇਸ ਮੌਕੇ ਉਨਾ ਨਾਲ ਰਣਜੀਤ ਸਿੰਘ ਚੋਧਰੀ ਮਾਜਰਾ, ਬਹਾਦਰ ਸਿੰਘ ਘਣੀਵਾਲ ,ਬੇਅੰਤ ਸਿੰਘ ਨਾਭਾਮਨਜਿੰਦਰ ਸਿੰਘ ਰੋਹਟੀਖਾਸ, ਦਵਿੰਦਰ ਸਿੰਘ, ਸੁਖਚੈਨ ਸਿੰਘ ਕਕਰਾਲਾ, ਹਰਦੀਪ ਸਿੰਘ ਘਣੀਵਾਲ, ਗੁਰਬਚਨ ਸਿੰਘ,ਰਾਜਿੰਦਰ ਸਿੰਘ ਕੁਲਾਰਾਂ, ਰਾਜਿੰਦਰ ਸਿੰਘ ਸਹੋਲੀ, ਜਸਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਨੰਬਰਦਾਰ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਨੇ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਰਿਕਵਰੀਆਂ ਯਕੀਨੀ ਬਣਾਉਣ ਦੇ ਦਿੱਤੇ ਆਦੇਸ਼



**ਅੰਮ੍ਰਿਤਸਰ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜਿਲੇ ਦੇ ਮਾਲ ਵਿਭਾਗ ਦੀ ਸਮੀਖਿਆ ਕਰਦੇ ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ ਨੇ ਵਿਭਾਗ ਦੇ ਕੰਮ ਦੀ ਪ੍ਰਗਤੀ ਦਾ ਜਾਇਜਾ ਲੈਂਦੇ ਹੋਏ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਰਿਕਵਰੀਆਂ ਵਿੱਚ ਤੇਜੀ ਲਿਆਂਦੀ ਜਾਵੇ ਅਤੇ ਪੁਰਾਣੇ ਪਏ ਇੰਤਕਾਲਾਂ ਦਾ ਨਿਪਟਾਰਾ ਮਿਥੇ ਸਮੇਂ ਅੰਦਰ ਕੀਤਾ ਜਾਵੇ। ਡਿਪਟੀ ਕਮਿਸ਼ਨਰ ਨੇ ਤਹਿਸੀਲਦਾਰਾਂ ਨੂੰ ਕਿਹਾ ਕਿ ਜਿੰਨਾਂ ਦੇ ਖੇਤਰਾਂ ਵਿੱਚ ਇੰਤਕਾਲਾ ਪੈਡਿੰਗ ਪਏ ਹਨ 'ਤੇ ਨਿੱਜੀ ਧਿਆਨ ਦੇ ਕੇ ਨੇਪਰੇ ਚਾੜ੍ਹਿਆ ਜਾਵੇ ਤਾਂ ਜੋ ਲੋਕਾਂ ਨੂੰ ਕਿਸ ਕਿਸਮ ਦੀ ਮੁਸਕਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਇਹ ਆਮ ਵੇਖਣ ਵਿੱਚ ਆ ਰਿਹਾ ਹੈ ਕਿ ਰਜਿਸਟਰੀ ਕਰਵਾਉਣ ਸਮੇਂ ਲੋਕਾਂ ਵੱਲੋਂ ਇੰਤਕਾਲ ਨਹੀਂ ਕਰਵਾਇਆ ਜਾਂਦਾ, ਜਿਸ ਕਰਕੇ ਵਿਭਾਗ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਉਨਾਂ ਕਿਹਾ ਕਿ ਸਰਕਾਰ ਦਾ ਅਕਸ਼ ਆਪਣੇ ਕੀਤੇ ਕੰਮਾਂ ਨਾਲ ਹੀ ਬਣਨਾ ਹੁੰਦਾ ਹੈ ਸੋ ਦਫ਼ਤਰਾਂ ਵਿਚ ਆਪਣੇ ਕੰਮਾਂ ਲਈ ਆਉਂਦੇ ਲੋਕਾਂ ਨਾਲ ਸਲੀਕੇ ਨਾਲ ਪੇਸ਼ ਆਇਆ ਜਾਵੇ ਅਤੇ ਕਾਇਦੇ ਵਿਚ ਰਹਿੰਦੇ ਹੋਏ ਉਨਾਂ ਦੇ ਕੰਮ ਕੀਤੇ ਜਾਣ ਨਾ ਕਿ ਬਾਰ-ਬਾਰ ਦਫ਼ਤਰ ਆਉਣ ਲਈ ਮਜ਼ਬੂਰ ਕੀਤਾ ਜਾਵੇ। ਉਨਾਂ ਕਿਹਾ ਕਿ ਸਰਕਾਰੀ ਫਾਈਲਾਂ ਦੇ ਨਿਬੇੜੇ ਦੇ ਨਾਲ ਨਾਲ ਦਫ਼ਤਰ ਆਏ ਆਮ ਲੋਕਾਂ ਦੇ ਕੰਮ ਕਰਨੇ ਪਹਿਲੀ ਤਰਜੀਹ ਹੋਣੀ ਚਾਹੀਦੀ ਹੈ। ਡਿਪਟੀ ਕਮਿਸ਼ਨਰ ਨੇ ਸੇਵਾ ਕੇਂਦਰ ਦੇ ਲੰਬਿਤ ਪਏ ਕੇਸਾਂ ਨੂੰ ਲੈ ਕੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਹਿਲ ਦੇ ਅਧਾਰ ਤੇ ਲੰਬਿਤ ਕੇਸਾਂ ਦਾ ਨਿਪਟਾਰਾ ਕੀਤਾ ਜਾਵੇ। ਉਨ੍ਹਾਂ ਸਬੰਧਤ ਐਸ:ਡੀ:ਐਮਜ਼ ਨੂੰ ਵੀ ਨਿਰਦੇਸ਼ ਦਿੱਤੇ ਕਿ ਐਕਵਾਇਰ ਕੀਤੀਆਂ ਜਮੀਨਾਂ ਦੀ ਰਾਸ਼ੀ ਦਾ ਤੁਰੰਤ ਨਿਪਟਾਰਾ ਕਰਕੇ ਲਾਭਪਾਤਰੀਆਂ ਦੇ ਖਾਤੇ ਵਿੱਚ ਇਹ ਰਕਮ ਟਰਾਂਸਫਰ ਕੀਤੀ ਜਾਵੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਜੋਤੀ ਬਾਲਾ, ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਸ੍ਰੀ ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ ਸ੍ਰੀਮਤੀ ਪਰਮਜੀਤ ਕੌਰ, ਮੈਡਮ ਸੋਨਮ, ਸਹਾਇਕ ਕਮਿਸ਼ਨਰ ਜਨਰਲ ਮੈਡਮ ਗੁਰਸਿਮਰਨ ਕੌਰ, ਐਸ.ਡੀ.ਐਮ ਅੰਮ੍ਰਿਤਸਰ-1 ਸ੍ਰੀ ਲਾਲ ਵਿਸ਼ਵਾਸ਼, ਐਸ.ਡੀ.ਐਮ ਬਾਬਾ ਬਕਾਲਾ ਸ੍ਰੀ ਰਵਿੰਦਰ ਅਰੋੜਾ, ਐਸ.ਡੀ.ਐਮ ਅਜਨਾਲਾ ਸ: ਅਰਵਿੰਦਰ ਪਾਲ ਸਿੰਘ , ਮੁੱਖ ਖੇਤੀਬਾੜੀ ਅਫਸਰ ਡਾ: ਤੇਜਿੰਦਰ ਸਿੰਘ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਤਿੰਨ ਸਾਲ ਬੀਤਣ ਉਤੇ ਵੀ ਪੰਜਾਬ ਸਰਕਾਰ ਨੇ ਕੇਂਦਰ ਕੋਲ ਨਹੀਂ ਭੇਜੀ ਪਟਿਆਲਾ-ਨਾਭਾ ਰੋਡ ਨੂੰ ਫੋਰਲੇਨ ਕਰਵਾਉਣ ਦੀ ਡੀ.ਪੀ.ਆਰ.




**ਨਾਭਾ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਸ. ਗੁਰਤੇਜ ਸਿੰਘ ਢਿੱਲੋਂ ਨੇ ਸਰਕਾਰ ਨਾਲ ਸਿੱਧੇ ਹੋਣ ਦਾ ਮਨ ਬਣਾ ਲਿਆ ਹੈ। ਪਟਿਆਲਾ ਜਿ ?ਲ੍ਹੇ ਲਈ ਵੱਖ ਵੱਖ ਸੜਕਾਂ ਨੂੰ ਕੇਂਦਰ ਸਰਕਾਰ ਦੇ ਪੈਸੇ ਨਾਲ ਫੋਰਲੇਨ ਕਰਵਾਉਣ ਦਾ ਦਾਅਵਾ ਕਰਦਿਆਂ ਭਾਜਪਾ ਆਗੂ ਨੇ ਆਖਿਆ ਹੈ ਕਿ ਜੇਕਰ ਪੰਜਾਬ ਸਰਕਾਰ ਨੇ 15 ਦਿਨਾ ਦੇ ਅੰਦਰ ਅੰਦਰ ਪਟਿਆਲਾ—ਨਾਭਾ ਰੋਡ ਨੂੰ ਫੋਰਲੇਨ ਕਰਵਾਉਣ ਦੇ ਕੰਮ ਦੀ ਡੀ.ਪੀ.ਆਰ. (ਡਿਟੇਲ ਪ੍ਰੋਜੈਕਟ ਰਿਪੋਰਟ) ਤਿਆਰ ਕਰਕੇ 15 ਦਿਨਾ ਦੇ ਅੰਦਰ ਅੰਦਰ ਕੇਂਦਰ ਕੋਲ ਨਾ ਭੇਜੀ ਤਾਂ ਪਟਿਆਲਾ—ਨਾਭਾ ਰੋਡ ਉਤੇ 24 ਜੁਲਾਈ ਨੂੰ ਜ਼ਬਰਦਸਤ ਰੋਸ ਧਰਨਾ ਦਿੱਤਾ ਜਾਵੇਗਾ ਅਤੇ ਜਿਸਦੀ ਸਾਰੀ ਜਿ ?ਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

ਪ੍ਰੈਸ ਬਿਆਨ ਰਾਹੀਂ ਜਾਣਕਾਰੀ ਦਿੰਦਿਆਂ ਸ. ਗੁਰਤੇਜ ਸਿੰਘ ਢਿੱਲੋਂ ਨੇ ਆਖਿਆ ਹੈ ਕਿ ਮੇਰੇ ਵਲੋਂ ਪਟਿਆਲਾ—ਨਾਭਾ ਰੋਡ ਨੂੰ ਫੋਰਲੇਨ ਕਰਵਾਉਣ ਲਈ ਕੇਂਦਰੀ ਸੜਕ ਪਰਿਵਹਿਨ ਮੰਤਰੀ ਸ੍ਰੀ ਨਿਤਿਨ ਗਡਕਰੀ ਤੋਂ ਮੰਗ ਕੀਤੀ ਗਈ ਸੀ ਜਿਸ ਉਤੇ ਉਨ੍ਹਾਂ ਕਾਰਵਾਈ ਕਰਦਿਆਂ 30.7.2021 ਨੂੰ ਕੇਂਦਰੀ ਮੰਤਰੀ ਸ੍ਰੀ ਗਡਕਰੀ ਨੇ ਚਿੱਠੀ ਲਿਖ ਕੇ ਕੇਂਦਰ ਵਲੋਂ 32.52 ਕਰੋੜ ਰੁਪਏ ਖਰਚ ਕਰਕੇ ਇਸਨੂੰ ਫੋਰਲੇਨ ਕਰਵਾਉਣ ਦੀ ਮਨਜ਼ੂਰੀ ਦੇ ਦਿੱਤੀ ਸੀ, ਪਰ ਇਸ ਪ੍ਰੋਜੈਕਟ ਦੀ ਡਿਟੇਲ ਪ੍ਰੋਜੈਕਟ ਰਿਪੋਰਟ ਪੰਜਾਬ ਸਰਕਾਰ ਵਲੋਂ ਭੇਜੀ ਜਾਣੀ ਸੀ। ਪੰਜਾਬ ਸਰਕਾਰ ਨੇ ਕੇਂਦਰ ਵਲੋਂ ਦਿੱਤੀ ਜਾਣ ਵਾਲੀ ਇਸ ਸਹੂਲਤ ਤੋਂ ਲੋਕਾਂ ਨੂੰ ਵਾਂਝਾਂ ਰਖਦਿਆਂ ਹਾਲੇ ਤਿੰਨ ਸਾਲ ਬੀਤਣ ਤੇ ਵੀ ਕੇਂਦਰ ਕੋਲ ਇਸ ਦੀ ਡੀ.ਪੀ.ਆਰ. ਨਹੀਂ ਭੇਜੀ ਗਈ।

ਸ. ਗੁਰਤੇਜ ਸਿੰਘ ਢਿੱਲੋਂ ਨੇ ਇਸ ਮੌਕੇ ਆਖਿਆ ਕਿ ਵਾਰ ਵਾਰ ਚਿੱਠੀਆਂ ਅਤੇ ਮੀਡੀਆ ਰਾਹੀਂ ਬੇਨਤੀ ਕਰਨ ਉਤੇ ਵੀ ਪੰਜਾਬ ਸਰਕਾਰ ਦੇ ਕੰਨ ਤੇ ਜੂੰ ਨਹੀਂ ਸਰਕਾਰ ਅਤੇ ਇਹ ਹੀ ਕਾਰਨ ਹੈ ਕਿ ਕੁੰਭਕਰਨੀ ਨੀਂਦਰ ਸੁੱਤੀ ਸਰਕਾਰ ਨੂੰ ਜਗਾਉਣ ਲਈ ਸਾਨੂੰ ਸੜਕਾਂ ਉਤੇ ਉਤਰਨ ਲਈ ਮਜ਼ਬੂਰ ਹੋਣ ਪੈ ਰਿਹਾ ਹੈ। ਭਾਜਪਾ ਆਗੂ ਨੇ ਅਖ਼ੀਰ ਵਿਚ ਆਖਿਆ ਕਿ ਪਟਿਆਲਾ ਵਾਸੀਆਂ ਦੀ ਸੇਵਾ ਲਈ ਹਰ ਸਮੇਂ ਹਾਜ਼ਰ ਹਨ ਅਤੇ ਜਿ ਲ੍ਹੇ ਦੇ ਲੋਕਾਂ ਨੂੰ ਕੇਂਦਰ ਵਲੋਂ ਮਿਲਣ ਵਾਲੀਆਂ ਹਰ ਇਕ ਸਹੂਲਤ ਦਿਵਾਉਣ ਲਈ ਵਚਨਬੱਧ ਹਨ।

# ਰਾਸ਼ਟਰੀ ਕਮਿਸ਼ਨ ਬਾਲ ਅਧਿਕਾਰਾਂ ਦੀ ਸੁਰੱਖਿਆ ਕਰੇਗਾ ਅੰਮ੍ਰਿਤਸਰ ਦਾ ਦੌਰਾ

**ਅੰਮ੍ਰਿਤਸਰ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਸ਼ਟਰੀ ਕਮਿਸ਼ਨ ਬਾਲ ਅਧਿਕਾਰਾਂ ਦੀ ਸੁਰੱਖਿਆ ਦੇ ਚੇਅਰਮੈਨ 24 ਜੁਲਾਈ ਨੂੰ ਅੰਮ੍ਰਿਤਸਰ ਦਾ ਦੌਰਾ ਕਰਨਗੇ ਜਿਥੇ ਉਹ 0-18 ਸਾਲ ਲੋੜਵੰਦ ਪਰਿਵਾਰਾਂ ਦੇ ਬੱਚਿਆਂ ਅਤੇ ਵਿਸ਼ੇਸ਼ ਜਰੂਰਤਾਂ ਵਾਲੇ ਬੱਚਿਆਂ ਨੂੰ ਉਨ੍ਹਾਂ ਦੇ ਅਧਿਕਾਰਾਂ ਸਬੰਧੀ ਜਾਣੂੰ ਕਰਵਾਉਣ ਦੇ ਨਾਲ ਨਾਲ ਮੁਸ਼ਕਲਾਂ ਵੀ ਸੁਣਨਗੇ। ਇਹ ਸਬੰਧੀ ਅੱਜ ਸਹਾਇਕ ਕਮਿਸ਼ਨਰ ਜਨਰਲ ਮੈਡਮ ਗੁਰਸਿਮਰਨ ਕੌਰ ਨੇ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਦੱਸਿਆ ਕਿ ਕਮਿਸ਼ਨ ਵੱਲੋਂ ਰਣਜੀਤ ਐਵੀਨਿਊ ਵਿਖੇ ਨਗਰ ਸੁਧਾਰ ਟਰੱਸਟ ਦੇ ਕਮਿਊਨਟੀ ਹਾਲ ਵਿੱਚ ਇਕ ਵਿਸ਼ੇਸ਼ ਕੈਂਪ ਲਗਾਇਆ ਜਾਵੇਗਾ ਜਿਥੇ ਉਹ ਇਨ੍ਹਾਂ ਬੱਚਿਆਂ ਦੀਆਂ ਮੁਸ਼ਕਲਾਂ ਨੂੰ ਸੁਣਨਗੇ। ਸਹਾਇਕ ਕਮਿਸ਼ਨਰ ਨੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਹ ਕੈਂਪ ਵਾਲੀ ਥਾਂ ਤੇ ਆਪੋ ਆਪਣੇ ਵਿਭਾਗ ਦੇ ਕਰਮਚਾਰੀਆਂ ਨਾਲ ਹਾਜਰ ਰਹਿਣ ਅਤੇ ਵਿਭਾਗ ਨਾਲ ਸਬੰਧਤ ਸਕੀਮਾਂ ਦੇ ਪ੍ਰਚਾਰ ਲਈ ਬੈਨਰ ਵੀ ਲਗਾਏ ਜਾਣ। ਸਹਾਇਕ ਕਮਿਸਨਰ ਨੇ ਕੈਂਪ ਦੀਆਂ ਤਿਆਰੀਆਂ ਦਾ ਜਾਇਜਾ ਲੈਂਦੇ ਹੋਏ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੌਕੇ ਤੇ ਹੀ ਇਨ੍ਹਾਂ ਬੱਚਿਆਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਆਮ ਤੌਰ ਤੇ ਇਨ੍ਹਾਂ ਬੱਚਿਆਂ ਦੇ ਅਧਾਰ ਕਾਰਡ, ਯੂ:ਡੀ:ਆਈ:ਡੀ ਕਾਰਡ, ਮੈਡੀਕਲ, ਬੈਂਕ ਖਾਤਾ ਖੋਲ੍ਹਣਾ, ਆਯੂਸ਼ਮਾਨ ਕਾਰਡ ਪੈਨਸ਼ਨ ਆਦਿ ਵਿਭਾਗਾਂ ਨਾਲ ਰਾਬਤਾ ਰਹਿੰਦਾ ਹੈ ਜਿਸ ਕਰਕੇ ਇਨ੍ਹਾਂ ਵਿਭਾਗਾਂ ਦੇ ਅਧਿਕਾਰੀ/ਕਰਮਚਾਰੀ ਜਰੂਰ ਹਾਜਰ ਹੋਣ।

# ਪਿੰਡ ਰਾਮਗੜ੍ਹ ਬੋੜਾਂ ਜਨ ਸੁਵਿਧਾ ਕੈਂਪ ਮੌਕੇ ਵਿਧਾਇਕ ਦੇਵ ਮਾਨ ਨੇ ਲੋਕਾਂ ਦੀਆਂ ਮੁਸ਼ਕਿਲਾਂ ਦਾ ਮੌਕੇ 'ਤੇ ਕੀਤਾ ਨਿਪਟਾਰਾ



**ਨਾਭਾ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਵਿਧਾਨ ਸਭਾ ਨਾਭਾ ਦੇ ਪਿੰਡ ਰਾਮਗੜ੍ਹ ਬੋੜਾਂ ਵਿਖੇ ਲਗਾਏ ਗਏ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਜਨ ਸੁਵਿਧਾ ਕੈਂਪ ਮੌਕੇ ਗੁਰਦੇਵ ਸਿੰਘ ਦੇਵ ਮਾਨ ਐਮ ਐਲ ਏ ਨਾਭਾ ਅਤੇ ਐਸ.ਡੀ.ਐਮ. ਨਾਭਾ ਤਰਸੇਮ ਚੰਦ ਨੇ ਲੋਕਾਂ ਦੀਆਂ ਮੁਸ਼ਕਿਲਾਂ ਸੁਣਕੇ ਮੌਕੇ 'ਤੇ ਹੀ ਨਿਪਟਾਰਾ ਕੀਤਾ। ਇਸ ਮੌਕੇ ਲੋਕਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਦੇਵਮਾਨ ਨੇ ਦੱਸਿਆ ਕਿ ਅਜਿਹੇ ਕੈਂਪ ਹਰ ਹਫ਼ਤੇ ਲਗਾਏ ਜਾ ਰਹੇ ਹਨ ਅਤੇ ਪੂਰਾ ਜ਼ਿਲ੍ਹਾ ਪ੍ਰਸ਼ਾਸਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ਤਹਿਤ ਲੋਕਾਂ ਦੀਆਂ ਮੁਸ਼ਕਿਲਾਂ ਦੂਰ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਇਸ ਜਨ ਸੁਵਿਧਾ ਕੈਂਪ ਦੌਰਾਨ ਰਾਸ਼ਨ ਕਾਰਡ ਵਿੱਚ ਆਪਣੇ ਪਰਿਵਾਰਕ ਜੀਆਂ ਦੇ ਨਾਮ ਜੋੜਨ ਲਈ ਦਰਖਾਸਤਾਂ ਸਮੇਤ ਆਧਾਰ ਕਾਰਡ ਵਿੱਚ ਆਪਣੇ ਨਾਮ ਠੀਕ ਕਰਵਾਉਣ ਤੋਂ ਇਲਾਵਾ ਸਮਾਜਿਕ ਸੁਰੱਖਿਆ ਪੈਨਸ਼ਨਾਂ, ਵੱਖ-ਵੱਖ ਮੁਸ਼ਕਿਲਾਂ ਦੇ ਨਿਪਟਾਰੇ ਲਈ ਦਰਖਾਸਤਾਂ, ਸਿਹਤ ਵਿਭਾਗ ਵੱਲੋਂ 35 ਦੇ ਕਰੀਬ ਮਰੀਜਾਂ ਦਾ ਚੈਕਅਪ ਤੇ ਮੁਫ਼ਤ ਦਵਾਈਆਂ, ਕਿਰਤ ਵਿਭਾਗ ਦੀ ਲਾਲ ਕਾਪੀ ਬਣਵਾਉਣ ਸਮੇਤ ਮਾਲ ਵਿਭਾਗ ਦੇ ਕੰਮ, ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੇ ਯੂ.ਡੀ.ਆਈ.ਡੀ. ਕਾਰਡ ਬਣਵਾ ਕੇ ਪੈਨਸ਼ਨ ਲਗਵਾਉਣ ਸਬੰਧੀ ਲੋਕਾਂ ਨੇ ਅਧਿਕਾਰੀਆਂ ਨਾਲ ਮੁਲਾਕਾਤਾਂ ਕੀਤੀਆਂ। ਵਿਧਾਇਕ ਦੇਵ ਮਾਨ ਨੇ ਖ਼ੁਦ ਲੋਕਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਜਾਣੀਆਂ ਅਤੇ ਇਨ੍ਹਾਂ ਦੇ ਨਿਪਟਾਰੇ ਲਈ ਸਬੰਧਤ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕੀਤੇ। ਐਸ.ਡੀ.ਐਮ. ਤਰਸੇਮ ਚੰਦ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ 'ਤੇ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਕੈਂਪਾਂ ਵਿੱਚ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਮੌਕੇ 'ਤੇ ਹੱਲ ਕਰਨ ਅਤੇ ਤੁਰੰਤ ਸਰਕਾਰੀ ਸੇਵਾਵਾਂ ਪ੍ਰਦਾਨ ਕਰਨ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਇਸ ਮੌਕੇ ਪੁੱਜੇ ਇਸ ਪਿੰਡ ਸਮੇਤ ਇਲਾਕੇ ਦੇ ਅੱਧੀ ਦਰਜਨ ਪਿੰਡਾਂ ਦੇ ਲੋਕਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੇ ਗਏ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਜਨ ਸੁਵਿਧਾ ਕੈਂਪ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਆਪਣੇ ਕੰਮਾਂ ਲਈ ਹੁਣ ਦੂਰ ਸ਼ਹਿਰ ਵਿੱਚ ਨਹੀਂ ਜਾਣਾ ਪੈਂਦਾ ਤੇ ਉਨ੍ਹਾਂ ਦੇ ਜਰੂਰੀ ਪ੍ਰਸ਼ਾਸਨਿਕ ਕੰਮ ਪਿੰਡ ਵਿੱਚ ਹੀ ਅਜਿਹੇ ਕੈਂਪਾਂ ਜਰੀਏ ਹੋ ਜਾਂਦੇ ਹਨ।

ਇਸ ਨਾਇਬ ਤਹਿਸੀਲਦਾਰ ਗੁਰਮਨ ਗੋਲਡੀ, ਰਣਜੀਤ ਸਿੰਘ ਪੰਚਾਇਤ ਅਫਸਰ , ਸੀ.ਡੀ.ਪੀ.ਓ. ਜਸਵੀਰ ਕੌਰ, ਤੇਜਿੰਦਰ ਖਹਿਰਾ, ਹਾਕਮ ਸਿੰਘ ਸਰਪੰਚ, ਜਸਵੀਰ ਸਿੰਘ ਛਿੰਦਾ, ਭੁਪਿੰਦਰ ਸਿੰਘ ਕੱਲਰ ਮਾਜਰੀ ਅਤੇ ਪਿੰਡ ਰਾਮਗੜ੍ਹ ਬੋੜਾਂ ਵਾਸੀਆਂ ਸਮੇਤ ਪਿੰਡਾਂ ਦੇ ਵਸਨੀਕ ਵੀ ਮੌਜੂਦ ਸਨ।

# ਲੋਕ ਸ਼ਿਕਾਇਤਾਂ ਅਤੇ ਸਮੱਸਿਆਵਾਂ ਦੇ ਨਿਪਟਾਰੇ ਲਈ 18 ਜੁਲਾਈ ਨੂੰ ਲਗਾਏ ਜਾਣਗੇ ਵਿਸ਼ੇਸ਼ ਕੈਂਪ: ਡਿਪਟੀ ਕਮਿਸ਼ਨਰ

**ਅੰਮ੍ਰਿਤਸਰ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਉਹਨਾਂ ਦੇ ਘਰਾਂ ਨੇੜੇ ਦੇਣ ਦੀਆਂ ਕੀਤੀਆਂ ਗਈਆਂ ਹਦਾਇਤਾਂ ਦੇ ਮੱਦੇ ਨਜ਼ਰ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਘਣਸ਼ਾਮ ਥੋਰੀ ਵੱਲੋਂ ਸਾਰੀਆਂ ਸਬ ਡਿਵੀਜ਼ਨਾਂ ਵਿੱਚ ਵਿਸ਼ੇਸ਼ ਕੈਂਪ ਲਗਾਉਣ ਦੀ ਹਦਾਇਤ ਕੀਤੀ ਗਈ ਹੈ , ਜਿਸ ਦੇ ਚਲਦੇ ਹਰੇਕ ਐਸਡੀਐਮ ਵੱਲੋਂ ਆਪਣੀ ਸਬ ਡਿਵੀਜ਼ਨ ਵਿੱਚ ਕੈਂਪ ਉਲੀਕੇ ਜਾ ਰਹੇ ਹਨ ,ਜਿੱਥੇ ਪਹੁੰਚ ਕੇ ਸਾਰੇ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਕਰਦੇ ਹਨ ਤੇ ਉਹਨਾਂ ਨੂੰ ਸਰਕਾਰ ਦੀਆਂ ਕਲਿਆਣਕਾਰੀ ਯੋਜਨਾਵਾਂ ਦਾ ਲਾਭ ਮਿਲਣਾ ਯਕੀਨੀ ਬਣਾਉਂਦੇ ਹਨ।

# ਡਿਪਟੀ ਕਮਿਸ਼ਨਰ ਨੇ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਰਿਕਵਰੀਆਂ ਯਕੀਨੀ ਬਣਾਉਣ ਦੇ ਦਿੱਤੇ ਆਦੇਸ਼

**ਅੰਮ੍ਰਿਤਸਰ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜਿਲੇ ਦੇ ਮਾਲ ਵਿਭਾਗ ਦੀ ਸਮੀਖਿਆ ਕਰਦੇ ਡਿਪਟੀ ਕਮਿਸ਼ਨਰ ਸ੍ਰੀ ਘਨਸ਼ਾਮ ਥੋਰੀ ਨੇ ਵਿਭਾਗ ਦੇ ਕੰਮ ਦੀ ਪ੍ਰਗਤੀ ਦਾ ਜਾਇਜਾ ਲੈਂਦੇ ਹੋਏ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਰਿਕਵਰੀਆਂ ਵਿੱਚ ਤੇਜੀ ਲਿਆਂਦੀ ਜਾਵੇ ਅਤੇ ਪੁਰਾਣੇ ਪਏ ਇੰਤਕਾਲਾਂ ਦਾ ਨਿਪਟਾਰਾ ਮਿਥੇ ਸਮੇਂ ਅੰਦਰ ਕੀਤਾ ਜਾਵੇ। ਡਿਪਟੀ ਕਮਿਸ਼ਨਰ ਨੇ ਤਹਿਸੀਲਦਾਰਾਂ ਨੂੰ ਕਿਹਾ ਕਿ ਜਿੰਨਾਂ ਦੇ ਖੇਤਰਾਂ ਵਿੱਚ ਇੰਤਕਾਲਾ ਪੈਡਿੰਗ ਪਏ ਹਨ 'ਤੇ ਨਿੱਜੀ ਧਿਆਨ ਦੇ ਕੇ ਨੇਪਰੇ ਚਾੜ੍ਹਿਆ ਜਾਵੇ ਤਾਂ ਜੋ ਲੋਕਾਂ ਨੂੰ ਕਿਸ ਕਿਸਮ ਦੀ ਮੁਸਕਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਇਹ ਆਮ ਵੇਖਣ ਵਿੱਚ ਆ ਰਿਹਾ ਹੈ ਕਿ ਰਜਿਸਟਰੀ ਕਰਵਾਉਣ ਸਮੇਂ ਲੋਕਾਂ ਵੱਲੋਂ ਇੰਤਕਾਲ ਨਹੀਂ ਕਰਵਾਇਆ ਜਾਂਦਾ, ਜਿਸ ਕਰਕੇ ਵਿਭਾਗ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨਾਂ ਕਿਹਾ ਕਿ ਸਰਕਾਰ ਦਾ ਅਕਸ਼ ਆਪਣੇ ਕੀਤੇ ਕੰਮਾਂ ਨਾਲ ਹੀ ਬਣਨਾ ਹੁੰਦਾ ਹੈ ਸੋ ਦਫ਼ਤਰਾਂ ਵਿਚ ਆਪਣੇ ਕੰਮਾਂ ਲਈ ਆਉਂਦੇ ਲੋਕਾਂ ਨਾਲ ਸਲੀਕੇ ਨਾਲ ਪੇਸ਼ ਆਇਆ ਜਾਵੇ ਅਤੇ ਕਾਇਦੇ ਵਿਚ ਰਹਿੰਦੇ ਹੋਏ ਉਨਾਂ ਦੇ ਕੰਮ ਕੀਤੇ ਜਾਣ ਨਾ ਕਿ ਬਾਰ-ਬਾਰ ਦਫ਼ਤਰ ਆਉਣ ਲਈ ਮਜ਼ਬੂਰ ਕੀਤਾ ਜਾਵੇ। ਉਨਾਂ ਕਿਹਾ ਕਿ ਸਰਕਾਰੀ ਫਾਈਲਾਂ ਦੇ ਨਿਬੇੜੇ ਦੇ ਨਾਲ ਨਾਲ ਦਫ਼ਤਰ ਆਏ ਆਮ ਲੋਕਾਂ ਦੇ ਕੰਮ ਕਰਨੇ ਪਹਿਲੀ ਤਰਜੀਹ ਹੋਣੀ ਚਾਹੀਦੀ ਹੈ। ਡਿਪਟੀ ਕਮਿਸ਼ਨਰ ਨੇ ਸੇਵਾ ਕੇਂਦਰ ਦੇ ਲੰਬਿਤ ਪਏ ਕੇਸਾਂ ਨੂੰ ਲੈ ਕੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਹਿਲ ਦੇ ਅਧਾਰ ਤੇ ਲੰਬਿਤ ਕੇਸਾਂ ਦਾ ਨਿਪਟਾਰਾ ਕੀਤਾ ਜਾਵੇ। ਉਨ੍ਹਾਂ ਸਬੰਧਤ ਐਸ:ਡੀ:ਐਮਜ਼ ਨੂੰ ਵੀ ਨਿਰਦੇਸ਼ ਦਿੱਤੇ ਕਿ ਐਕਵਾਇਰ ਕੀਤੀਆਂ ਜਮੀਨਾਂ ਦੀ ਰਾਸ਼ੀ ਦਾ ਤੁਰੰਤ ਨਿਪਟਾਰਾ ਕਰਕੇ ਲਾਭਪਾਤਰੀਆਂ ਦੇ ਖਾਤੇ ਵਿੱਚ ਇਹ ਰਕਮ ਟਰਾਂਸਫਰ ਕੀਤੀ ਜਾਵੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਜੋਤੀ ਬਾਲਾ, ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਸ੍ਰੀ ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ ਸ੍ਰੀਮਤੀ ਪਰਮਜੀਤ ਕੌਰ, ਮੈਡਮ ਸੋਨਮ, ਸਹਾਇਕ ਕਮਿਸ਼ਨਰ ਜਨਰਲ ਮੈਡਮ ਗੁਰਸਿਮਰਨ ਕੌਰ, ਐਸ.ਡੀ.ਐਮ ਅੰਮ੍ਰਿਤਸਰ-1 ਸ੍ਰੀ ਲਾਲ ਵਿਸ਼ਵਾਸ਼, ਐਸ.ਡੀ.ਐਮ ਬਾਬਾ ਬਕਾਲਾ ਸ੍ਰੀ ਰਵਿੰਦਰ ਅਰੋੜਾ, ਐਸ.ਡੀ.ਐਮ ਅਜਨਾਲਾ ਸ: ਅਰਵਿੰਦਰ ਪਾਲ ਸਿੰਘ , ਮੁੱਖ ਖੇਤੀਬਾੜੀ ਅਫਸਰ ਡਾ: ਤੇਜਿੰਦਰ ਸਿੰਘ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਗੁਰਦੁਆਰਾ ਸਾਹਿਬ ਲੰਬਾ ਜਾਇਆ ਮਲੇਸ਼ੀਆ ਵਿਖੇ ਗੁਰਮਤਿ ਸਮਾਗਮ ਹੋਇਆ

**ਪਾਤੜਾਂ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਤ ਬਾਬਾ ਗੁਰਜੀਤ ਸਿੰਘ ਹਰੀਗੜ ਵਾਲਿਆਂ ਨੇ ਕਿਹਾ ਅਸੀਂ ਗੁਰਸਿੱਖੀ ਦੇ ਪ੍ਰਚਾਰ ਵਾਸਤੇ ਮਲੇਸ਼ੀਆ ਵਿੱਚ 15 ਦਿਨ ਲਈ ਗੁਰਮਤਿ ਸਮਾਗਮ ਗੁਰਦੁਆਰਾ ਸਾਹਿਬ ਲੰਬਾ ਜਾਇਆ ਵਿੱਚ ਗੁਰਮਤਿ ਦਾ ਪ੍ਰਚਾਰ ਕਰਨ ਲਈ ਪਹੁੰਚੇ ਹਾਂ।

ਇਸੇ ਲੜੀ ਤਹਿਤ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਦੇ ਸਹਿਯੋਗ ਨਾਲ ਵੱਖ ਵੱਖ ਗੁਰਦੁਆਰਿਆਂ ਵਿੱਚ ਗੁਰਮਤਿ ਸਮਾਗਮ ਰੱਖੇ ਹੋਏ ਹਨ ਅੱਜ ਮਲੇਸ਼ੀਆ ਦੇ ਗੁਰਦੁਆਰਾ ਸਾਹਿਬ ਲੰਬਾ ਜਾਇਆ ਵਿਖੇ ਗੁਰਮਤਿ ਸਮਾਗਮ ਵਿੱਚ ਕੀਰਤਨ ਕਰਦਿਆਂ ਹੋਇਆਂ ਸੰਤ ਬਾਬਾ ਗੁਰਜੀਤ ਸਿੰਘ ਹਰੀਗੜ ਵਾਲਿਆਂ ਨੇ ਕਿਹਾ ਕਿ ਸਾਨੂੰ ਇਸ ਅਜੋਕੇ ਸਮੇਂ ਵਿੱਚ ਵਿਦੇਸ਼ਾਂ ਵਿੱਚ ਰਹਿ ਕੇ ਵੀ ਗੁਰਸਿੱਖੀ ਨਾਲ ਜੁੜਨਾ ਬਹੁਤ ਜਰੂਰੀ ਹੈ ਉਨਾਂ ਨੇ ਮਲੇਸ਼ੀਆ ਵਿੱਚ ਰਹਿ ਰਹੇ ਗੁਰਸਿੱਖਾਂ ਦਾ ਧੰਨਵਾਦ ਵੀ ਕੀਤਾ ਜੋ ਕਿ ਪੰਜਾਬ ਤੋਂ ਦੂਰ ਰਹਿ ਕੇ ਵੀ ਗੁਰਸਿੱਖੀ ਨੂੰ ਕਾਇਮ ਰੱਖਿਆ ਹੋਇਆ ਹੈ ਇਸ ਮੌਕੇ ਉਹਨਾਂ ਦੇ ਨਾਲ ਮਲੇਸ਼ੀਆ ਦੀਆਂ ਗੁਰ ਸੰਗਤਾਂ ਅਤੇ ਜਥੇਦਾਰ ਬੂਟਾ ਸਿੰਘ ਕੌਰਹੀਆਂ ਮਨਜੀਤ ਸਿੰਘ ਆਦਿ ਹਾਜ਼ਰ ਸਨ।

# ਡੇਰਾਬੱਸੀ ਵਿੱਚ ਬੇਖੌਫ ਚੋਰ, 5 ਮਿੰਟ ਵਿੱਚ ਵਾਰਦਾਤ ਨੂੰ ਦੇ ਦਿੰਦੇ ਹਨ ਅੰਜਾਮ

**ਡੇਰਾ ਬਸੀ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡੇਰਾਬੱਸੀ ਖ਼ੇਤਰ ਵਿੱਚ ਚੋਰੀ ਦੀ ਵਾਰਦਾਤਾਂ ਰੁਕਣ ਦਾ ਨਾਂਅ ਨਹੀਂ ਲੈ ਰਹੀ। ਚੋਰ ਐਨੇ ਬੇਖੌਫ ਅਤੇ ਤੇਜ ਹੋ ਗਏ ਹਨ 5ਮਿੰਟ ਵਿੱਚ ਵਾਰਦਾਤ ਨੂੰ ਅੰਜਾਮ ਦੇਕੇ ਗਾਇਬ ਹੋ ਜਾਂਦੇ ਹਨ। ਡੇਰਾਬੱਸੀ ਖ਼ੇਤਰ ਵਿੱਚ ਘਰਾਂ ਵਿੱਚ ਚੋਰੀ ਹੋਣ ਦੀ ਵਾਰਦਾਤਾਂ ਤੋ ਇਲਾਵਾ ਸਕੂਟਰ, ਮੋਟਰ ਸਾਈਕਲ ਚੋਰੀ ਹੋਣ ਦੀ ਵੀ ਸੈਕੜੇ ਵਾਰਦਾਤਾਂ ਵਾਪਰ ਚੁਕੀ ਹਨ ਜਿਨ੍ਹਾਂ ਦਾ ਅੱਜ ਤੱਕ ਸੁਰਾ.ਗ ਨਹੀਂ ਲਗ ਸਕਿਆ ਚੋਰ ਐਨੇ ਸ਼ਾਤਰ ਹਨ ਕਿ ਕਿ ਮਿੰਟਾਂ ਸਕਿੰਟਾ ਵਿੱਚ ਵਾਰ ਦਾਤ ਨੂੰ ਅੰਜਾਮ ਦੇ ਕੇ ਨਿਕਲ ਜਾਂਦੇ ਹਨ। ਅਜਿਹੀ ਇੱਕ ਵਾਰਦਾਤ ਪਿੰਡ ਭਾਂਖਰਪੁਰ ਨੇੜੇ ਸ਼ਰਾਬ ਦੀ ਫੈਕਟਰੀ ਦੇ ਗੇਟ ਮੂਹਰੇ ਵਾਪਰੀ ਹੈ। ਛੋਟਾ ਹਾਥੀ ਮਾਲਕ ਕਾਕਾ ਸਿੰਘ ਨੇ ਦੱਸਿਆ ਕਿ ਉਹ ਸ਼ਾਮ ਵੇਲੇ ਮੋਲਸੋਨ ਕੋਰਸ ਨਾਮਕ ਸ਼ਰਾਬ ਦੀ ਫੈਕਟਰੀ ਵਿੱਚ ਕੋਰੀਅਰ ਰਾਹੀਂ ਆਇਆ ਸਮਾਨ ਛੱਡਣ ਗਿਆ ਸੀ। ਫੈਕਟਰੀ ਅੰਦਰ ਜਾਣ ਤੋ ਕਰ ਪਹਿਲਾਂ ਓਹ ਆਪਣਾ ਛੋਟਾ ਹਾਥੀ ਫੈਕਟਰੀ ਦੇ ਬਾਹਰ ਖੜ੍ਹਾ ਕਰ ਖਿੜਕੀ ਤੇ ਪਾਸ ਬਣਵਾਉਣ ਹੀ ਗਿਆ ਸੀ। ਕਰੀਬ 5ਤੋ 7ਮਿੰਟ ਬਾਅਦ ਜਦੋਂ ਉਹ ਵਾਪਿਸ ਆਇਆ ਤਾਂ ਛੋਟਾ ਹਾਥੀ ਦੀ ਬੈਟਰੀ ਚੋਰੀ ਹੋ ਚੁੱਕੀ ਸੀ। ਕਾਕਾ ਸਿੰਘ ਨੇ ਹੈਰਾਨੀ ਪ੍ਰਗਟ ਕਰਦੇ ਕਿਹਾ ਹੈ ਕਿ ਚੋਰ ਐਨੇ ਦਲੇਰ ਅਤੇ ਸੁਪਰ ਫਾਸਟ ਹੋ ਗਏ ਹਨ ਕਿ ਫੈਕਟਰੀ ਦੇ ਗੇਟ ਮੂਹਰੇ ਖੜ੍ਹੇ ਵਾਹਨ ਦੀ ਬੈਟਰੀ ਚੋਰੀ ਹੋ ਕਰ ਲਈ। ਕਾਕਾ ਸਿੰਘ ਨੇ ਰੋਸ਼ ਪ੍ਰਗਟ ਕਰਦੇ ਕਿਹਾ ਕਿ ਜਦੋਂ ਉਨ੍ਹਾ ਫੈਕਟਰੀ ਕਰਮੀਆਂ ਨੂੰ ਗੇਟ ਤੇ ਲਗੇ ਸੀ ਸੀ ਟੀਵੀ ਕੈਮਰੇ ਸੀ ਫੁਟੇਜ ਵਿਖਾਉਣ ਨੂੰ ਕਿਹਾ ਤਾਂ ਉਨ੍ਹਾਂ ਨੇ ਵੀ ਕੋਈ ਮਦਦ ਨਹੀਂ ਕੀਤੀ। ਫੈਕਟਰੀ ਗੇਟ ਤੇ ਮੌਜੂਦ ਕਰਮੀਆਂ ਨੇ ਸਵੇਰੇ ਆਉਣ ਲਈ ਆਖਦੇ ਮਦਦ ਕਰਨ ਤੋ ਸਾਫ਼ ਇਨਕਾਰ ਕਰ ਦਿੱਤਾ। ਕਾਕਾ ਸਿੰਘ ਨੇ ਪੁਲਿਸ ਨੂੰ ਸ਼ਿਕਾਇਤ ਦੇ ਦਿੱਤੀ ਹੈ।

ਕਾਕਾ ਸਿੰਘ ਨੇ ਦਸਿਆ ਕਿ ਫੈਕਟਰੀ ਨੇੜੇ ਪਿੰਡ ਤ੍ਰਿਵੇਦੀ ਕੈਂਪ ਨੂੰ ਜਾਂਦੇ ਰਾਹ ਤੇ ਨਸ਼ੇੜੀ ਬੈਠੇ ਹੁੰਦੇ ਹਨ। ਉਨ੍ਹਾ ਨੂੰ ਪੂਰਾ ਸ਼ਕ ਹੈ ਕਿ ਬੈਟਰੀ ਕਿਸੇ ਨਸ਼ੇੜੀ ਨੇ ਹੀ ਚੋਰੀ ਕੀਤੀ ਹੈ।

# ਭਾਈ ਮਰਦਾਨਾ ਚੈਰੀਟੇਬਲ ਸੁਸਾਇਟੀ ਅਤੇ ਪੁਲਿਸ ਜ਼ਿਲ੍ਹਾਂ ਖੰਨਾ ਨੇ ਵੰਡੇ ਬੂਟੇ

**ਖੰਨਾ: 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰੱਬ ਨੇ ਰੰਗ ਦਿਖਾਉਂਦੇ ਹੋਏ ਕੋਰੋਨਾ ਦੇ ਸਮੇਂ ਸਭ ਲੋਕਾਂ ਦੇ ਮੂੰਹਾਂ ਤੇ ਮਾਸਕ ਲਗਵਾ ਦਿੱਤਾ ਸੀ ?ਉਸੇ ਤਰ੍ਹਾਂ ਜੇਕਰ ਅਸੀਂ ਰੁੱਖ ਕੱਟਦੇ ਰਹੇ ਅਤੇ ਨਵੇਂ ਰੁੱਖ ਨਾ ਲਗਾਏ ਤਾਂ ਆਉਣ ਵਾਲੇ ਸਮੇ 'ਚ ਇੱਕ ਦਿਨ ਪਿੱਠ 'ਤੇ ਆਕਸੀਜਨ ਵਾਲਾ ਸਿਲੰਡਰ ਵੀ ਬੰਨ੍ਹਣਾ ਪੈ ਸਕਦਾ ਹੈ। ਉਕਤ ਗੱਲਾਂ ਦਾ ਪ੍ਰਗਟਾਵਾ ਡੀ.ਐਸ.ਪੀ ਕਰਮਵੀਰ ਸਿੰਘ ਤੂਰ, ਜ਼ਿਲ੍ਹਾ ਟਰੈਫਿਕ ਇੰਚਾਰਜ ਖੰਨਾ ਦੇ ਇੰਸਪੈਕਟਰ ਕੁਲਜੀਤ ਸਿੰਘ, ਜ਼ਿਲ੍ਹਾ ਸਾਂਝ ਕੇਂਦਰ ਇੰਚਾਰਜ ਪ੍ਰਗਟ ਸਿੰਘ, ਭਾਈ ਸੁਖਵਿੰਦਰ ਸਿੰਘ ਭਗਵਾਨਪੁਰਾ, ਮੈਡਮ ਪਰਮਜੀਤ ਕੌਰ ਸੈਣੀ ਨੇ ਛਾਂਦਾਰ ਤੇ ਫ਼ਲਦਾਰ ਬੂਟੇ ਵੰਡਣ ਸਮੇਂ ਕੀਤਾ। ਇਸ ਦੌਰਾਨ ਉਨ੍ਹਾਂ ਵੱਲੋਂ ਪੁਲਿਸ ਟੀਮ ਦੀ ਸਹਿਯੋਗ ਨਾਲ ਬੂਟੇ ਵੰਡੇ। ਉਨ੍ਹਾਂ ਕਿਹਾ ਆਉਣ ਵਾਲੀ ਪੀੜ੍ਹੀ ਨੂੰ ਚੰਗੀ ਸਿਹਤ ਓਦੋਂ ਮਿਲ ਸਕਦੀ ਹੈ ਜਦੋਂ ਉਹ ਵਾਤਾਵਰਨ ਪ੍ਰਤੀ ਇਮਾਨਦਾਰ ਹੋਵੇਗੀ। ਹਰ ਕਿਸੇ ਨੂੰ ਆਪਣੇ ਘਰਾਂ 'ਚ ਤੇ ਬਾਹਰ ਛਾਂਦਾਰ ਬੂਟੇ ਤੇ ਫਲਾ ਦੇ ਬੂਟੇ ਲਗਾਉਣੇ ਚਾਹੀਦੇ ਹਨ। ਇਸ ਮੌਕੇ ਪੁਲਿਸ ਜ਼ਿਲ੍ਹਾਂ ਖੰਨਾ ਦੇ ਧਰਮਿੰਦਰ ਸਿੰਘ ਰੀਡਰ,ਭਾਈ ਅੰਤਰਜੋਤ ਸਿੰਘ ਸਮਰਾਲਾ, ਥਾਣੇਦਾਰ ਰਿਸ਼ੀ ਪਾਲ, ਥਾਣੇਦਾਰ ਜਸਪਾਲ ਸਿੰਘ,ਅਮਰਦੀਪ ਸਿੰਘ,ਨਵਰਾਜਦੀਪ ਸਿੰਘ, ਕੁਲਜੀਤ ਕੌਰ, ਕਿਰਨ ਕੌਰ,ਅਮਰਿੰਦਰ ਲਸੋਈ, ਜੈਸਮੀਨ ਆਦਿ ਮੌਜੂਦ ਸਨ ਜਿਨ੍ਹਾਂ ਨੇ 'ਰੁੱਖ ਲਗਾਓ ਵਾਤਾਵਰਨ ਬਚਾਓ÷ ਦਾ ਹੋਕਾ ਦਿੰਦਿਆ ਰਾਹਗੀਰਾਂ ਨੂੰ ਬੂਟੇ ਵੰਡੇ।

# ਨਗਰ ਕੌਂਸਲ ਦੇ ਕਾਰਜ ਤੋਂ ਰਾਹਗੀਰਾਂ ਵਿੱਚ ਭਾਰੀ ਖੁਸ਼ੀ

## ਦੁਕਾਨਦਾਰਾਂ ਵੱਲੋਂ ਕੀਤੇ ਨਜਾਇਜ਼ ਕਬਜ਼ੇ ਛੁਡਵਾਉਣ ਦਾ ਸਿਲਸਿਲਾ ਲਗਾਤਾਰ ਜਾਰੀ: ਇੰਸ. ਬਿੱਟੂ






**ਮਾਛੀਵਾੜਾ ਸਾਹਿਬ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਬੀਤੇ ਤਿੰਨ ਚਾਰ ਦਿਨਾਂ ਤੋਂ ਨਗਰ ਕੌਂਸਲ ਮਾਛੀਵਾੜਾ ਸਾਹਿਬ ਵੱਲੋਂ ਬਾਜ਼ਾਰਾਂ ਦੇ ਵਿੱਚ ਸੜਕਾਂ ਦੇ ਉੱਤੇ ਦੁਕਾਨਦਾਰਾਂ ਵੱਲੋਂ ਰੱਖੇ ਗਏ ਸਮਾਨ ਕਾਰਨ ਰਾਹਗੀਰਾਂ ਨੂੰ ਆਉਂਦੀ ਦਿੱਕਤ ਨੂੰ ਸੁਲਝਾਉਣ ਵਾਸਤੇ ਦੁਕਾਨਦਾਰਾਂ ਨੂੰ ਆਪਣਾ ਸਮਾਨ ਦੁਕਾਨ ਦੇ ਅੰਦਰ ਰੱਖਣ ਦੀ ਅਪੀਲ ਕੀਤੀ ਗਈ। ਇੱਕਾ ਦੁੱਕਾ ਥਾਵਾਂ ਤੇ ਜਿੱਥੇ ਦੁਕਾਨਦਾਰ ਆਪਣਾ ਸਮਾਨ ਬਾਹਰ ਰੱਖਣ ਲਈ ਬਜ਼ਿਦ ਰਹੇ ਉਹਨਾਂ ਦਾ ਸਮਾਨ ਨਗਰ ਕੌਂਸਲ ਵੱਲੋਂ ਜਬਤ ਵੀ ਕੀਤਾ ਗਿਆ,ਤੇ ਕੁਝ ਕੁ ਨੂੰ ਜੁਰਮਾਨੇ ਵੀ ਕੀਤੇ ਗਏ। ਸੈਂਨਟਰੀ ਇੰਸਪੈਕਟਰ ਸੁਖਦੇਵ ਸਿੰਘ ਬਿੱਟੂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿਛਲੇ ਦਿਨ੍ਹਾਂ ਤੋਂ ਸ਼ਹਿਰ ਨੂੰ ਸਾਫ ਸੁਥਰਾ ਤੇ ਸੋਹਣਾ ਬਣਾਉਣ ਦੀ ਮੁਹਿੰਮ ਤਹਿਤ ਦੁਕਾਨਦਾਰਾਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣਾ ਸਮਾਨ ਦੁਕਾਨ ਦੇ ਅੰਦਰ ਅਤੇ ਸੀਮਤ ਕੀਤੇ ਗਏ ਥਾਂ ਤੇ ਹੀ ਟਿਕਾਉਣ ਪਰ ਕੁਝ ਕੁ ਦੁਕਾਨਦਾਰ ਬਾਜ਼ਾਰ ਦੇ ਵਿੱਚ ਸਮਾਨ ਸੜਕਾਂ ਦੇ ਵਿਚਕਾਰ ਤੱਕ ਰੱਖ ਦਿੰਦੇ ਹਨ ਜਿਸ ਕਾਰਨ ਆਣ ਜਾਣ ਵਾਲੇ ਰਾਹਗੀਰਾਂ ਤੇ ਗ੍ਰਾਹਕਾਂ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ।

ਉਹਨਾਂ ਦੱਸਿਆ ਕਿ ਪਹਿਲਾਂ ਦੁਕਾਨਦਾਰਾਂ ਨੂੰ ਨਗਰ ਕੌਂਸਲ ਕਰਮਚਾਰੀਆਂ ਨੂੰ ਨਾਲ ਲੈ ਕੇ ਬੇਨਤੀ ਕੀਤੀ ਗਈ ਕਿ ਉਹ ਆਪਣੇ ਸਮਾਨ ਨੂੰ ਦੁਕਾਨ ਦੇ ਅੰਦਰ ਹੀ ਰੱਖਣ ਪਰ ਜਿੱਥੇ ਕਿਤੇ ਦੁਕਾਨਦਾਰਾਂ ਨੇ ਆਪਣੀ ਦੁਕਾਨ ਤੋਂ ਬਾਹਰ ਬਹੁਤੀ ਥਾਂ ਘੇਰੀ ਹੋਈ ਹੈ ਉਹਨਾਂ ਦੇ ਸਮਾਨ ਨੂੰ ਜਬਤ ਵੀ ਕੀਤਾ ਗਿਆ ਤੇ ਕਾਰਜ ਸਾਧਕ ਅਫਸਰ ਦੀ ਅਗਵਾਈ ਵਿੱਚ ਉਹਨਾਂ ਨੂੰ ਜੁਰਮਾਨਾ ਵੀ ਕੀਤਾ ਗਿਆ ਹੈ। ਉਹਨਾਂ ਜਿੱਥੇ ਦੁਕਾਨਦਾਰਾਂ ਨੂੰ ਆਪਣਾ ਸਮਾਨ ਦੁਕਾਨ ਦੇ ਅੰਦਰ ਰੱਖਣ ਦੀ ਬੇਨਤੀ ਕੀਤੀ ਉੱਥੇ ਹੀ ਸਮਾਨ ਦੀ ਖਰੀਦੋ ਫਰੋਸਤ ਕਰਨ ਆ ਰਹੇ ਗ੍ਰਾਹਕਾਂ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਮੋਟਰਸਾਈਕਲ, ਗੱਡੀਆਂ ਸਹੀ ਥਾਂ ਤੇ ਪਾਰਕ ਕਰਨ ਤਾਂ ਜੋ ਦੂਸਰੇ ਲੋਕਾਂ ਨੂੰ ਉਹਨਾਂ ਦੇ ਕਾਰਨ ਕਿਸੇ ਤਰ੍ਹਾਂ ਦੀ ਕੋਈ ਪਰੇਸ਼ਾਨੀ ਨਾ ਹੋਵੇ। ਨਗਰ ਕੌਂਸਲ ਵੱਲੋਂ ਲਗਾਤਾਰ ਕੀਤੀ ਜਾ ਰਹੇ ਇਸ ਕਾਰਜ ਦੇ ਲੋਕਾਂ ਵੱਲੋਂ ਜਿੱਥੇ ਭਰਪੂਰ ਸ਼ਲਾਂਘਾ ਕੀਤੀ ਜਾ ਰਹੀ ਹੈ ਉੱਥੇ ਲੋਕਾਂ ਦਾ ਕਹਿਣਾ ਕਿ ਜੇਕਰ ਇਹ ਕਾਰਵਾਈ ਕੁਝ ਦਿਨ ਲਗਾਤਾਰ ਜਾਰੀ ਰਹੀ ਤਾਂ ਸ਼ਹਿਰ ਦੇ ਵਿੱਚ ਬਾਜ਼ਾਰ ਖੁੱਲ੍ਹੇ ਡੁੱਲ੍ਹੇ ਨਜ਼ਰ ਆਉਣਗੇ, ਪਰ ਦੁਕਾਨਦਾਰ ਨਗਰ ਕੌਂਸਲ ਕਰਮਚਾਰੀਆਂ ਦੇ ਜਾਣ ਤੋਂ ਬਾਅਦ ਤੁਰੰਤ ਆਪਣਾ ਸਮਾਨ ਬਾਜ਼ਾਰ ਦੇ ਵਿੱਚ ਪਹਿਲੇ ਥਾਵੇਂ ਟਿਕਾ ਲੈਂਦੇ ਹਨ।

# ਪਛੜੀਆਂ ਸ਼੍ਰੇਣੀਆਂ, ਆਰਥਿਕ ਤੌਰ ਤੇ ਕੰਮਜੋਰ ਵਰਗ ਅਤੇ ਘੱਟ ਗਿਣਤੀ ਵਰਗ ਦੀ ਭਲਾਈ ਲਈ ਬੈਕਫਿੰਕੋ ਦੇ ਬੋਰਡ ਆਫ ਡਾਇਰੈਕਟਰਜ ਦੀ ਮੀਟਿੰਗ ਵਿੱਚ ਹੋਏ ਵੱਡੇ ਫੈਸਲੇ



**ਚੰਡੀਗੜ੍ਹ, 15 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ। ਇਸੇ ਮੰਤਵ ਦੀ ਪੂਰਤੀ ਲਈ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ ਬਲਜੀਤ ਕੌਰ ਅਤੇ ਪੰਜਾਬ ਵਿਧਾਨ ਸਭਾ, ਭਲਾਈ ਕਮੇਟੀ ਵੱਲੋਂ ਸਮੇਂ-ਸਮੇਂ ਤੇ ਦਿੱਤੇ ਗਏ ਨਿਰਦੇਸ਼ਾਂ ਅਨੁਸਾਰ ਸ਼ੁੱਕਰਵਾਰ ਨੂੰ ਬੈਕਫਿੰਕੋ ਦੇ ਬੋਰਡ ਆਫ ਡਾਇਰੈਕਟਰਜ ਦੀ 141ਵੀਂ ਮੀਟਿੰਗ ਚੇਅਰਮੈਨ ਬੈਕਫਿੰਕੋ ਸੰਦੀਪ ਸੈਣੀ ਦੀ ਪ੍ਰਧਾਨਗੀ ਹੇਠ ਹੋਈ।

ਇਸ ਮੀਟਿੰਗ ਦੌਰਾਨ ਪੰਜਾਬ ਰਾਜ ਦੇ ਪਛੜੀਆਂ ਸ਼੍ਰੇਣੀਆਂ, ਆਰਥਿਕ ਤੌਰ ਤੇ ਕੰਮਜੋਰ ਵਰਗ ਅਤੇ ਘੱਟ ਗਿਣਤੀ ਵਰਗ ਦੀ ਭਲਾਈ ਲਈ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਸੂਬੇ ਦੇ ਲੋੜਵੰਦ ਵਿਅਕਤੀਆਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਾਉਣ ਲਈ ਅਹਿਮ ਫੈਸਲੇ ਲਏ ਗਏ।

ਵਧੇਰੇ ਜਾਣਕਾਰੀ ਦਿੰਦੇ ਹੋਏ ਬੈਕਫਿੰਕੋ ਦੇ ਬੋਰਡ ਆਫ ਡਾਇਰੈਕਟਰਜ ਦੇ ਚੇਅਰਮੈਨ ਸੰਦੀਪ ਸੈਣੀ ਨੇ ਦੱਸਿਆ ਕਿ ਸਿੱਧਾ ਕਰਜਾ ਸਕੀਮ ਅਧੀਨ ਕਰਜੇ ਦੀ ਰਕਮ ਨੂੰ 2 ਲੱਖ ਰੁਪਏ ਤੋਂ ਵਧਾ ਕੇ 5 ਲੱਖ ਰੁਪਏ ਅਤੇ ਸਾਲਾਨਾ ਪਰਿਵਾਰਕ ਆਮਦਨ ਨੂੰ 1 ਲੱਖ ਰੁਪਏ ਤੋਂ ਵਧਾ ਕੇ 3 ਲੱਖ ਰੁਪਏ ਕਰਨ ਦਾ ਫੈਸਲਾ ਲਿਆ ਗਿਆ।

ਉਨ੍ਹਾ ਕਿਹਾ ਕਿ ਮੀਟਿੰਗ ਵਿੱਚ ਨਿਗਮ ਦੀ ਸ਼ੇਅਰ ਕੈਪੀਟਲ ਨੂੰ ਵਧਾਉਣ ਸਬੰਧੀ ਸਰਕਾਰ ਨੂੰ ਸਿਫਾਰਸ਼ ਕਰਨ ਦਾ ਫੈਸਲਾ ਕੀਤਾ ਗਿਆ। ਇਸ ਨਾਲ ਪੰਜਾਬ ਰਾਜ ਦੇ ਪੜ੍ਹੇ ਲਿਖੇ ਬੇਰੋਜਗਾਰਾਂ ਨੂੰ ਸਵੈ-ਰੋਜਗਾਰ ਸਥਾਪਿਤ ਕਰਨ ਦੇ ਵੱਧ ਤੋਂ ਵੱਧ ਮੌਕੇ ਪ੍ਰਦਾਨ ਕੀਤੇ ਜਾ ਸਕਣਗੇ। ਸ੍ਰੀ ਸੈਣੀ ਨੇ ਅੱਗੇ ਦੱਸਿਆ ਕਿ ਮੀਟਿੰਗ ਵਿੱਚ ਕਰਜਦਾਰਾਂ ਅਤੇ ਨਿਗਮ ਦੇ ਹਿੱਤ ਵਿੱਚ ਹੋਰ ਵੀ ਕਈ ਲੋਕ ਪੱਖੀ ਅਹਿਮ ਫੈਸਲੇ ਲਏ ਗਏ।

ਇਸ ਮੀਟਿੰਗ ਵਿੱਚ ਵਾਈਸ-ਚੇਅਰਮੈਨ ਬੈਕਫਿੰਕੋ ਹਰਜਿੰਦਰ ਸਿੰਘ ਸੀਚੇਵਾਲ, ਕਾਰਜਕਾਰੀ ਡਾਇਰੈਕਟਰ ਬੈਕਫਿੰਕੋ ਡਾ. ਸੋਨਾ ਥਿੰਦ, ਵਧੀਕ ਸਕੱਤਰ, ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਅਜੈ ਅਰੋੜਾ ਅਤੇ ਬੋਰਡ ਆਫ ਡਾਇਰੈਕਟਰਜ ਦੇ ਨੁਮਾਇੰਦੇ ਸ਼ਾਮਿਲ ਸਨ।

# ਜਲੰਧਰ ਜਿਮਨੀ ਚੋਣ ਜਿੱਤਣ ਮਗਰੋਂ ਮੋਹਿੰਦਰ ਭਗਤ ਦਾ ਵੱਡਾ ਬਿਆਨ

**ਏਜੰਸੀਆਂ**

ਜਲੰਧਰ 15 ਜੁਲਾਈ। ਜਲੰਧਰ ਵੈਸਟ ਹਲਕੇ ਦੀ ਹੋਈ ਜ਼ਿਮਨੀ ਚੋਣ ਦੇ ਨਤੀਜੇ ਅੱਜ ਐਲਾਨ ਦਿੱਤੇ ਗਏ ਹਨ। ਆਮ ਆਦਮੀ ਪਾਰਟੀ ਦੇ ਉਮੀਦਵਾਰ ਮੋਹਿੰਦਰ ਪਾਲ ਭਗਤ ਨੇ 37,325 ਵੋਟਾਂ ਦੇ ਵੱਡੇ ਮਾਰਜਨ ਨਾਲ ਜਿੱਤ ਦਰਜ ਕਰਵਾਈ ਹੈ। ਉਨ੍ਹਾਂ ਨੇ ਕਾਂਗਰਸੀ ਉਮੀਦਵਾਰ ਸੁਰਿੰਦਰ ਕੌਰ ਅਤੇ ਭਾਜਪਾ



ਉਮੀਦਵਾਰ ਸ਼ੀਤਲ ਅੰਗੁਰਾਲ ਨੂੰ ਪਿੱਛੇ ਛੱਡਦੇ ਹੋਏ 55,246 ਵੋਟਾਂ ਹਾਸਲ ਕਰਕੇ ਵੱਡੀ ਜਿੱਤ ਦਰਜ ਕੀਤੀ ਹੈ। ਜਿੱਤ ਦੇ ਮਗਰੋਂ ਮੋਹਿੰਦਰ ਭਗਤ ਦੇ ਘਰ ਖੁਸ਼ੀ ਦਾ ਮਾਹੌਲ ਬਣਿਆ ਹੋਇਆ ਹੈ। ਸਮਰਥਕਾਂ ਦੀ ਖੁਸ਼ੀ ਦਾ ਕੋਈ ਟਿਕਾਣਾ ਨਹੀਂ ਰਿਹਾ ਅਤੇ ਢੋਲ ਵਜਾ ਕੇ ਵੈਸਟ ਹਲਕੇ ਵਿਚ ਭੰਗੜੇ ਪਾ ਕੇ ਜਿੱਤ ਦੀ ਖੁਸ਼ੀ ਮਨਾਈ ਜਾ ਰਹੀ ਹੈ। ਵੱਡੀ ਲੀਡ ਨਾਲ ਜਿੱਤਣ ਮਗਰੋਂ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਮੋਹਿੰਦਰ ਭਗਤ ਨੇ ਕਿਹਾ ਕਿ ਅੱਜ ਜੋ ਨਤੀਜੇ ਆਏ ਹਨ, ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਮਿਹਨਤ, ਉਨ੍ਹਾਂ ਦੇ ਪਰਿਵਾਰ ਅਤੇ ਸਾਰੇ ਹੀ ਵਾਲੰਟੀਅਰਾਂ ਦੀ ਦਿਨ-ਰਾਤ ਕੀਤੀ ਗਈ ਮਿਹਨਤ ਸਦਕਾ ਆਏ ਹਨ। ਜੋ ਅੱਜ ਨਤੀਜੇ ਆਏ ਹਨ, ਉਹ ਸਿਰਫ ਮਾਨ ਸਾਬ੍ਹ ਵੱਲੋਂ ਕੀਤੇ ਗਏ ਚੰਗੇ ਕੰਮਾਂ ਨੂੰ ਲੈ ਕੇ ਆਏ ਹਨ। ਵੱਡੀ ਲੀਡ ਨਾਲ ਜਨਤਾ ਨੇ ਜੋ ਵੀ ਮੈਨੂੰ ਵੋਟ ਦਿੱਤੀ ਹੈ, ਉਹ ਮਾਨ ਸਾਬ੍ਹ ਦੇ ਕੀਤੇ ਗਏ ਚੰਗੇ ਕੰਮਾਂ ਨੂੰ ਲੈ ਕੇ ਦਿੱਤੀ ਹੈ। ਮੈਂ ਸਾਰਿਆਂ ਦਾ ਧੰਨਵਾਦ ਕਰਦਾ ਹਾਂ। ਉਨ੍ਹਾਂ ਕਿਹਾ ਕਿ ਜੋ ਵੀ ਜਨਤਾ ਦੀਆਂ ਮੁੱਢਲੀਆਂ ਲੋੜਾਂ ਹਨ, ਉਨ੍ਹਾਂ ਨੂੰ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਵੈਸਟ ਹਲਕੇ ਵਿਚ ਨਸ਼ੇ ਦੀ ਜੋ ਬੀਮਾਰੀ ਹੈ, ਉਸ ਨੂੰ ਵੀ ਹੱਲ ਕੀਤਾ ਜਾਵੇਗਾ। ਜਿਹੜੇ ਲੋਕ ਨਸ਼ੇ ਦੇ ਕੰਮਾਂ ਵਿਚ ਪਏ ਹਨ, ਉਨ੍ਹਾਂ ਦਾ ਸਰਕਾਰ ਪੂਰਾ ਇੰਤਜਾਮ ਕਰਕੇ ਬੈਠੀ ਹੈ, ਉਨ੍ਹਾਂ 'ਤੇ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਜਿੱਤ ਦੌਰਾਨ ਮੀਡੀਆ ਨਾਲ ਗੱਲਬਾਤ ਕਰਦਿਆਂ ਮਹਿੰਦਰ ਸਿੰਘ ਭਗਤ ਨੇ ਵੋਟਰਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਜਲੰਧਰ ਪੱਛਮੀ ਦੀ ਜਨਤਾ ਨੇ ਮੁੱਖ ਮੰਤਰੀ ਮਾਨ ਦੇ ਕੰਮਾਂ 'ਤੇ ਮੋਹਰ ਲਗਾਈ ਹੈ। ਇਹ ਵੋਟਾਂ ਉਨ੍ਹਾਂ ਨੂੰ ਹੀ ਪਈਆਂ ਹਨ । ਪਿਛਲੀ ਵਾਰ ਮਿਲੀ ਹਾਰ ਬਾਰੇ ਪੁੱਛੇ ਇਕ ਸਵਾਲ ਦੇ ਜਵਾਬ 'ਚ ਉਨ੍ਹਾਂ ਕਿਹਾ ਕਿ ਸਮੇਂ-ਸਮੇਂ ਦੀ ਗੱਲ ਹੈ, ਜਨਤਾ ਆਪਣਾ ਫਤਵਾ ਦਿੰਦੀ ਹੈ। ਜਨਤਾ ਨੇ ਇਸ ਵਾਰ ਆਪਣਾ ਫੈਸਲਾ ਸੁਣਾਇਆ ਹੈ। ਮਾਨ ਕੈਬਨਿਟ 'ਚ ਮੰਤਰੀ ਬਣਨ ਦੇ ਸਵਾਲ 'ਤੇ ਭਗਤ ਨੇ ਕਿਹਾ ਕਿ ਇਹ ਫੈਸਲਾ ਮੁੱਖ ਮੰਤਰੀ ਭਗਵੰਤ ਮਾਨ ਨੇ ਕਰਨਾ ਹੈ। ਜਦ ਉਨ੍ਹਾਂ ਨੂੰ ਪੁੱਛਿਆ ਗਿਆ ਕਿ ਚੋਣ ਪ੍ਰਚਾਰ ਦੌਰਾਨ ਭਗਵੰਤ ਮਾਨ ਨੇ ਹਲਕੇ ਦੇ ਲੋਕਾਂ ਨੂੰ ਕਿਹਾ ਸੀ ਕਿ ਤੁਸੀਂ ਵਿਧਾਇਕ ਬਣਾਓ ਮੈਂ ਮੰਤਰੀ ਬਣਾਵਾਂਗਾ, ਜਿਸ 'ਤੇ ਭਗਤ ਨੇ ਕਿਹਾ ਕਿ ਸੀ. ਐੱਮ. ਸਾਹਿਬ ਜੋ ਵਾਅਦਾ ਕਰਦੇ ਹਨ, ਉਹ ਉਸ ਨੂੰ ਜ਼ਰੂਰ ਪੂਰਾ ਕਰਦੇ ਹਨ।

# ਇੰਗਲੈਂਡ ਦੇ ਗੁਰਦੁਆਰਾ ਸਾਹਿਬ 'ਚ ਹਮਲਾ ਕਰਨ ਦੀ ਘਟਨਾ ਦੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਵਲੋਂ ਨਿੰਦਾ

**ਸਰਦੂਲ ਸਿੰਘ**

ਅੰਮ੍ਰਿਤਸਰ 15 ਜੁਲਾਈ। ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਇੰਗਲੈਂਡ ਦੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਗ੍ਰੇਵਸੈਂਡ ਅੰਦਰ ਦਾਖਲ ਹੋ ਕੇ ਦੋ ਵਿਅਕਤੀਆਂ ਵਲੋਂ ਸੰਗਤ 'ਤੇ ਕਿਰਪਾਨਾਂ ਨਾਲ ਹਮਲਾ ਕਰਨ ਦੀ ਘਟਨਾ 'ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਕੀਤਾ ਹੈ। ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਸਰਬੱਤ ਦਾ ਭਲਾ ਮੰਗਣ ਵਾਲੀ ਸਿੱਖ ਕੌਮ ਨੇ ਦਸ ਗੁਰੂ ਸਾਹਿਬਾਨ ਦੁਆਰਾ ਬਖਸੇ ਅਕੀਦੇ 'ਤੇ ਪਹਿਰਾ ਦਿੰਦਿਆਂ ਆਪਣੀ ਮਿਹਨਤ, ਲਿਆਕਤ ਅਤੇ ਈਮਾਨਦਾਰੀ ਦੇ ਨਾਲ ਦੇਸ-ਵਿਦੇਸ ਵਿਚ ਚੰਗਾ ਨਾਮਣਾ ਖੱਟਿਆ ਹੈ। ਹੁਣੇ-ਹੁਣੇ ਇੰਗਲੈਂਡ ਵਿਚ ਹੋਈਆਂ ਪਾਰਲੀਮੈਂਟ ਚੋਣਾਂ ਵਿਚ ਕਈ ਪੰਜਾਬੀ, ਜਿਨ੍ਹਾਂ ਵਿਚੋਂ 4 ਦਸਤਾਰਧਾਰੀ ਸਿੱਖ ਹਨ, ਮੈਂਬਰ ਪਾਰਲੀਮੈਂਟ ਬਣੇ ਹਨ। ਉਨ੍ਹਾਂ ਕਿਹਾ ਕਿ ਇਸੇ ਦਰਮਿਆਨ ਇੰਗਲੈਂਡ ਦੇ ਇਕ ਗੁਰਦੁਆਰਾ ਸਾਹਿਬ ਦੇ ਅੰਦਰ ਜਾ ਕੇ ਦੋ ਹਮਲਾਵਰਾਂ ਵਲੋਂ ਕਿਰਪਾਨ ਨਾਲ ਸੰਗਤ 'ਤੇ ਹਮਲਾ ਕਰਨ ਦੀ ਘਟਨਾ ਵਾਪਰਨੀ ਬੇਹੱਦ ਚਿੰਤਾਜਨਕ ਅਤੇ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਤੋਂ ਰੋਜਾਨਾ ਸਰਬੱਤ ਦੇ ਭਲੇ ਦੀ ਅਰਦਾਸ ਹੁੰਦੀ ਹੈ ਅਤੇ ਜਦੋਂ ਕਦੇ ਕਿਸੇ ਵੀ ਦੇਸ, ਖਿੱਤੇ ਵਿਚ ਮਨੁੱਖਤਾ 'ਤੇ ਕੋਈ ਬਿਪਤਾ ਦੀ ਘੜੀ ਆਈ ਤਾਂ ਇਹ ਗੁਰਦੁਆਰਾ ਸਾਹਿਬਾਨ ਧਰਮ, ਰੰਗ, ਨਸਲ ਅਤੇ ਖਿੱਤੇ ਦਾ ਵਿਤਕਰਾ ਕੀਤੇ ਬਗੈਰ ਲੋੜਵੰਦਾਂ ਲਈ ਸਰਨਗਾਹ ਬਣਦੇ ਹਨ। ਗੁਰਦੁਆਰਾ ਸਾਹਿਬਾਨ ਵਿਚੋਂ ਬੀਮਾਰਾਂ ਨੂੰ ਦਵਾ-ਦਾਰੂ, ਨੰਗਿਆਂ ਨੂੰ ਤਨ ਢੱਕਣ ਲਈ ਬਸਤਰ ਅਤੇ ਭੁੱਖਿਆਂ ਨੂੰ ਲੰਗਰ ਵੰਡਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਹ ਯਕੀਨੀ ਹੈ ਕਿ ਇੰਗਲੈਂਡ ਵਿਚ ਗੁਰਦੁਆਰਾ ਸਾਹਿਬ ਅੰਦਰ ਆ ਕੇ ਸੰਗਤ 'ਤੇ ਹਮਲਾ ਕਰਨ ਵਾਲੇ ਲੋਕਾਂ ਦਾ ਕੋਈ ਧਰਮ ਨਹੀਂ ਹੋਵੇਗਾ ਅਤੇ ਉਹ ਮਨੁੱਖਤਾ ਦੇ ਦੁਸਮਣ



ਅਤੇ ਹੈਵਾਨੀਅਤ ਦੀ ਸੋਚ ਦੇ ਧਾਰਨੀ ਹੋਣਗੇ। ਉਨ੍ਹਾਂ ਕਿਹਾ ਕਿ ਇਸ ਹਮਲੇ ਵਿਚ ਬੇਸ਼ੱਕ ਕੋਈ ਜਾਨੀ ਨੁਕਸਾਨ ਜਾਂ ਬੇਅਦਬੀ ਵਰਗੀ ਦੁਖਦਾਈ ਸਥਿਤੀ ਤੋਂ ਬਚਾਅ ਹੋ ਗਿਆ ਪਰ ਸੰਗਤ ਵਿਚੋਂ ਕੁਝ ਲੋਕਾਂ ਦੇ ਜਖਮੀ ਹੋਣ ਦਾ ਸਮਾਚਾਰ ਦੁਖਦਾਈ ਹੈ। ਉਨ੍ਹਾਂ ਕਿਹਾ ਕਿ ਇੰਗਲੈਂਡ ਸਰਕਾਰ ਨੂੰ ਅਜਿਹੇ ਹਮਲੇ ਕਰਨ ਵਾਲੇ ਮਨੁੱਖਤਾ ਦੇ ਵੈਰੀਆਂ ਖ਼ਿਲਾਫ ਸਖਤ ਕਾਰਵਾਈ ਕਰ ਕੇ ਉੱਥੇ ਵੱਸਦੇ ਸਿੱਖਾਂ ਨੂੰ ਸੁਰੱਖਿਅਤ ਹੋਣ ਦਾ ਅਹਿਸਾਸ ਕਰਵਾਉਣਾ ਚਾਹੀਦਾ ਹੈ, ਤਾਂ ਜੋ ਸਿੱਖ ਸੁਤੰਤਰਤਾ ਦੇ ਨਾਲ ਇੰਗਲੈਂਡ ਵਿਚ ਆਪਣੇ ਧਾਰਮਿਕ ਵਿਸਵਾਸਾਂ ਦੀ ਪਾਲਣਾ ਕਰਦਿਆਂ ਉਥੋਂ ਦੇ ਸਰਬਪੱਖੀ ਵਿਕਾਸ ਵਿਚ ਆਪਣਾ ਯੋਗਦਾਨ ਪਾ ਸਕਣ।

## ਜਲੰਧਰ ਜਿਮਨੀ ਚੋਣ 'ਚ ਭਾਜਪਾ ਦੀ ਹਾਰ ਮਗਰੋਂ ਸੁਨੀਲ ਜਾਖੜ ਦਾ ਬਿਆਨ

ਜਲੰਧਰ 15 ਜੁਲਾਈ। ਜਲੰਧਰ ਜ਼ਿਮਨੀ ਚੋਣਾਂ 'ਚ ਹਾਰ ਤੋਂ ਬਾਅਦ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਦਾ ਬਿਆਨ ਸਾਹਮਣੇ ਆਇਆ ਹੈ। ਉਨ੍ਹਾਂ ਨੇ ਸੋਸ਼ਲ ਮੀਡੀਆ 'ਤੇ ਲਿਖਿਆ ਕਿ ਜਲੰਧਰ ਦੇ ਲੋਕਾਂ ਫਤਵਾ ਸਿਰ ਮੱਥੇ ਹੈ। ਉਨ੍ਹਾਂ ਨੇ ਲਿਖਿਆ ਕਿ ਮੁੱਖ ਮੰਤਰੀ ਨੇ ਪ੍ਰਚਾਰ ਦੌਰਾਨ ਜੋ ਵਾਅਦੇ ਕੀਤੇ ਸੀ, ਜੋ ਸਫਾਈ ਅਭਿਆਨ ਸ਼ੁਰੂ ਕੀਤੇ ਸੀ, ਆਸ ਹੈ ਹੁਣ ਉਹ ਕੰਮ ਹੋਰ ਤੇਜ ਰਫਤਾਰ ਨਾਲ ਕਰਨ ਦਾ ਫਰਜ ਸਰਕਾਰ ਯਾਦ ਰੱਖੇਗੀ। ਸੁਨੀਲ ਜਾਖੜ ਨੇ ਕਿਹਾ ਕਿ ਹੁਣ 'ਆਪ' ਸਰਕਾਰ ਤੋਂ ਇਹ ਵੀ ਉਮੀਦ ਕਰਦੇ ਹਾਂ ਕਿ ਉਹ ਸਾਰੇ ਪੰਜਾਬ 'ਚ ਵਿਕਾਸ ਦੇ ਕੰਮ ਸ਼ੁਰੂ ਕਰਵਾਏਗੀ। ਲੋਕਾਂ ਦੀ ਹੋ ਰਹੀ ਖੱਜਲ-ਖੁਆਰੀ ਰੋਕੇਗੀ ਅਤੇ ਬੇਲਗਾਮ ਭ੍ਰਿਸ਼ਟਾਚਾਰ 'ਤੇ ਕਾਰਵਾਈ ਕਰੇਗੀ ਅਤੇ ਅਮਨ-ਕਾਨੂੰਨ ਦੀ ਸਥਿਤੀ 'ਚ ਸੁਧਾਰ ਕਰੇਗੀ। ਦੱਸਣਯੋਗ ਹੈ ਕਿ ਜਲੰਧਰ ਜ਼ਿਮਨੀ ਚੋਣ ਦੌਰਾਨ ਆਮ ਆਦਮੀ ਪਾਰਟੀ ਦੇ ਮੋਹਿੰਦਰ ਭਗਤ ਨੇ 37,325 ਵੋਟਾਂ ਦੇ ਵੱਡੇ ਫਰਕ ਨਾਲ ਜਿੱਤ ਹਾਸਲ ਕੀਤੀ ਹੈ, ਜਦੋਂ ਕਿ ਦੂਜੇ ਨੰਬਰ 'ਤੇ ਭਾਜਪਾ ਦੇ ਸ਼ੀਤਲ ਅੰਗੁਰਾਲ ਰਹੇ ਹਨ, ਜਿਨ੍ਹਾਂ ਨੂੰ 17,921 ਵੋਟਾਂ ਹਾਸਲ ਹੋਈਆਂ। ਇਸੇ ਤਰ੍ਹਾਂ ਕਾਂਗਰਸ ਦੇ ਸੁਰਿੰਦਰ ਕੌਰ ਤੀਜੇ ਅਤੇ ਅਕਾਲੀ ਦਲ ਦੇ ਸੁਰਜੀਤ ਕੌਰ ਚੌਥੇ ਨੰਬਰ 'ਤੇ ਰਹੇ ਹਨ।

## ਔਰਤ ਸ਼ਰੀਰ 'ਚ ਖਾਸ ਥਾਂ ਲੁੱਕਾ ਕੇ ਲਿਜਾ ਰਹੀ ਸੀ ਕਰੋੜਾਂ ਦੀ ਡਰੱਗ, ਕਸਟਮ ਵਿਭਾਗ ਨੇ ਏਅਰਪੋਰਟ 'ਤੇ ਫੜਿਆ

ਨਵੀਂ ਦਿੱਲੀ 15 ਜੁਲਾਈ। ਦਿੱਲੀ ਅੰਤਰਰਾਸਟਰੀ ਹਵਾਈ ਅੱਡੇ 'ਤੇ ਅੰਗੋਲਾ ਦੀ ਇਕ ਔਰਤ ਫੜੀ ਗਈ ਹੈ, ਜਿਸ ਨੇ ਆਪਣੇ ਢਿੱਡ 'ਚ 34 ਕੈਪਸੂਲ 'ਚ 7 ਕਰੋੜ ਰੁਪਏ ਦੀ ਕੋਕੀਨ ਲੁੱਕਾ ਰੱਖੀ ਸੀ। ਵੀਰਵਾਰ ਨੂੰ ਜਾਰੀ ਇਕ ਅਧਿਕਾਰਤ ਬਿਆਨ 'ਚ ਇਹ ਜਾਣਕਾਰੀ ਦਿੱਤੀ ਗਈ। ਬਿਆਨ ਮੁਤਾਬਕ ਔਰਤ ਨੂੰ 2 ਜੁਲਾਈ ਨੂੰ ਫੜਿਆ ਗਿਆ ਸੀ ਜਦੋਂ ਉਹ ਦੋਹਾ ਤੋਂ ਇੰਦਰਾ ਗਾਂਧੀ ਅੰਤਰਰਾਸਟਰੀ ਹਵਾਈ ਅੱਡੇ 'ਤੇ ਪਹੁੰਚੀ ਸੀ। ਕਸਟਮ ਵਿਭਾਗ ਵੱਲੋਂ ਜਾਰੀ ਬਿਆਨ 'ਚ ਕਿਹਾ ਗਿਆ ਕਿ ਇਕ ਮਹਿਲਾ ਯਾਤਰੀ ਦੀ ਤਲਾਸੀ ਦੌਰਾਨ ਉਸ ਕੋਲੋਂ ਅੱਠ ਆਂਡਾਕਾਰ ਕੈਪਸੂਲ ਮਿਲੇ ਹਨ। ਮਹਿਲਾ ਯਾਤਰੀ ਨੇ ਅਧਿਕਾਰੀਆਂ ਨੂੰ ਦੱਸਿਆ ਕਿ ਉਸ ਨੇ ਆਪਣੇ ਢਿੱਡ ਵਿਚ ਨਸੀਲੇ ਪਦਾਰਥ ਲੁਕੋ ਕੇ ਰੱਖੇ ਸਨ। ਬਿਆਨ ਮੁਤਾਬਕ ਯਾਤਰੀ ਨੂੰ ਡਰੱਗ ਨੂੰ ਹਟਾਉਣ ਲਈ ਮੈਡੀਕਲ ਪ੍ਰਕਿਰਿਆ ਲਈ ਸਫਦਰਜੰਗ ਹਸਪਤਾਲ ਲਿਜਾਇਆ ਗਿਆ ਸੀ। ਸਫਦਰਜੰਗ 'ਚ ਦਾਖਲ ਹੋਣ ਸਮੇਂ ਔਰਤ ਦੇ ਢਿੱਡ 'ਚੋਂ ਨਸੇ ਨਾਲ ਭਰੇ



34 ਕੈਪਸੂਲ ਕੱਢੇ ਗਏ। ਬਿਆਨ ਮੁਤਾਬਕ ਇਨ੍ਹਾਂ ਕੈਪਸੂਲਾਂ 'ਚ ਕੁੱਲ 515 ਗ੍ਰਾਮ ਕੋਕੀਨ ਲੁਕਾਈ ਗਈ ਸੀ, ਜਿਸ ਦੀ ਕੀਮਤ 7.04 ਕਰੋੜ ਰੁਪਏ ਦੱਸੀ ਜਾਂਦੀ ਹੈ। ਦੋਸੀ ਮਹਿਲਾ ਯਾਤਰੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਕੋਕੀਨ ਜਬਤ ਕਰ ਲਈ ਗਈ ਹੈ। ਇਕ ਹੋਰ ਮਾਮਲੇ ਵਿਚ ਹਵਾਈ ਅੱਡੇ ਤੋਂ ਇਕ ਭਾਰਤੀ ਨੂੰ 1.2 ਕਰੋੜ ਰੁਪਏ ਦੀ ਚਰਸ ਦੀ ਤਸਕਰੀ ਕਰਨ ਦੇ ਦੋਸ ਵਿਚ ਗ੍ਰਿਫਤਾਰ ਕੀਤਾ ਗਿਆ ਹੈ। ਯਾਤਰੀ ਨੂੰ 6 ਜੁਲਾਈ ਨੂੰ ਉਦੋਂ ਫੜਿਆ ਗਿਆ ਸੀ ਜਦੋਂ ਉਹ ਸਾਰਜਾਹ ਦੇ ਰਸਤੇ ਬੈਂਕਾਕ ਤੋਂ ਇੱਥੇ ਪਹੁੰਚਿਆ ਸੀ। ਬਿਆਨ ਵਿਚ ਕਿਹਾ ਗਿਆ ਹੈ ਕਿ ਯਾਤਰੀ ਦੇ ਸਮਾਨ ਦੀ ਤਲਾਸੀ ਦੌਰਾਨ ਕਸਟਮ ਅਧਿਕਾਰੀਆਂ ਨੇ ਉਸ ਦੇ ਬੈਗ ਵਿਚੋਂ 2.4 ਕਿਲੋਗ੍ਰਾਮ ਚਰਸ ਬਰਾਮਦ ਕੀਤੀ।

## ਪੰਜਾਬ 'ਚ ਵੱਡਾ ਐਨਕਾਊਂਟਰ, ਗੈਂਗਸਟਰਾਂ ਤੇ ਪੁਲਸ ਵਿਚਾਲੇ ਚੱਲੀਆਂ ਗੋਲੀਆਂ

ਬਨੂੜ 15 ਜੁਲਾਈ। ਇੱਥੇ ਬਨੂੜ ਨੇੜੇ ਪੰਜਾਬ ਪੁਲਸ ਅਤੇ ਗੈਂਗਸਟਰਾਂ ਵਿਚਾਲੇ ਫਾਇਰਿੰਗ ਹੋਣ ਦੀ ਖਬਰ ਸਾਹਮਣੇ ਆਈ ਹੈ। ਦੱਸਿਆ ਜਾ ਰਿਹਾ ਹੈ ਕਿ ਬਨੂੜ ਸਨੇਟਾ ਨੇੜੇ ਐਨਕਾਊਂਟਰ ਦੌਰਾਨ ਦੀਪਕ ਅਤੇ ਰਮਨਦੀਪ ਸਿੰਘ ਨਾਂ ਦੇ ਗੈਂਗਸਟਰਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਇਹ ਦੋਵੇਂ ਰਾਜਪੁਰਾ-ਪਟਿਆਲਾ ਟੋਲ ਪਲਾਜਾ ਅਤੇ ਰਾਜਪੁਰਾ ਵਿਖੇ ਇਕ ਸ਼ਰਾਬ ਦੇ ਠੇਕੇ 'ਤੇ ਬੀਤੀ ਦੇਰ ਰਾਤ ਗੋਲੀਬਾਰੀ ਦੀਆਂ 2 ਘਟਨਾਵਾਂ 'ਚ ਸ਼ਾਮਲ ਸਨ। ਜਦੋਂ ਉਹ ਮੋਹਾਲੀ ਤੋਂ ਆ ਰਹੇ ਸਨ ਤਾਂ ਪੁਲਸ ਨੇ ਉਨ੍ਹਾਂ ਨੂੰ ਰੋਕਿਆ ਅਤੇ ਗ੍ਰਿਫਤਾਰੀ ਤੋਂ ਬਚਣ ਲਈ ਦੋਹਾਂ ਗੈਂਗਸਟਰਾਂ ਨੇ ਪੰਜਾਬ ਪੁਲਸ 'ਤੇ ਗੋਲੀਆਂ ਚਲਾ ਦਿੱਤੀਆਂ। ਪੁਲਸ ਪਾਰਟੀ ਨੇ ਵੀ ਜਵਾਬੀ ਗੋਲੀਬਾਰੀ ਕੀਤੀ, ਜਿਸ ਦੌਰਾਨ ਇਕ ਗੈਂਗਸਟਰ ਦੇ ਪੈਰ 'ਚ ਗੋਲੀ ਲੱਗ ਗਈ ਅਤੇ ਉਹ ਜਖਮੀ ਹੋ ਗਿਆ। ਏ. ਜੀ. ਟੀ. ਐੱਫ. ਨੇ ਪਟਿਆਲਾ ਪੁਲਸ ਨਾਲ ਮਿਲ ਕੇ ਇਸ ਆਪਰੇਸ਼ਨ ਨੂੰ ਅੰਜਾਮ ਦਿੱਤਾ ਹੈ। ਦੱਸਿਆ ਜਾ ਰਿਹਾ ਹੈ ਕਿ ਜਿਸ ਗੈਂਗਸਟਰ ਨੂੰ ਐਨਕਾਊਂਟਰ ਦੌਰਾਨ ਗੋਲੀ ਵੱਜੀ ਹੈ, ਉਸ ਨੇ ਟੋਲ ਪਲਾਜਾ 'ਤੇ ਫਾਇਰਿੰਗ ਕੀਤੀ ਸੀ। ਜਦੋਂ ਇਹ ਸੀ. ਸੀ. ਟੀ. ਵੀ. 'ਚ ਕੈਦ ਹੋ ਗਿਆ ਤਾਂ ਪੁਲਸ ਹਰਕਤ 'ਚ ਆਈ, ਜਿਸ ਤੋਂ ਬਾਅਦ ਸਾਂਝਾ ਆਪਰੇਸ਼ਨ ਚਲਾ ਕੇ 2 ਗੈਂਗਸਟਰਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਪੰਜਾਬ ਪੁਲਸ ਵਲੋਂ ਇਸ ਮਾਮਲੇ ਨੂੰ ਲੈ ਕੇ ਥੋੜ੍ਹੀ ਦੇਰ ਬਾਅਦ ਹੀ ਪ੍ਰੈੱਸ ਕਾਨਫਰੰਸ ਕੀਤੀ ਜਾ ਰਹੀ ਹੈ। ਫਿਲਹਾਲ ਘਟਨਾ ਵਾਲੀ ਥਾਂ 'ਤੇ ਪੂਰੇ ਇਲਾਕੇ ਨੂੰ ਸੀਲ ਕਰ ਦਿੱਤਾ ਗਿਆ ਹੈ।

# ਬੈਂਕ ਮੈਨੇਜਰ ਦੀ ਮਿਲੀ ਭੁਗਤ ਨਾਲ ਕੀਤਾ ਵੱਡਾ ਕਾਂਡ, ਕਿਸੇ ਹੋਰ ਦੇ ਨਾਂ 'ਤੇ 29 ਲੱਖ ਦਾ ਲਿਆ ਕਰਜਾ

**ਕਿਸ਼ਨ ਪਾਲ**

ਫ਼ਰੀਦਕੋਟ 15 ਜੁਲਾਈ। ਸਥਾਨਕ ਡੋਗਰ ਬਸਤੀ ਨਿਵਾਸੀ ਇਕ ਔਰਤ ਦੀ ਘਰੇਲੂ ਮਦਦ ਕਰਵਾਉਣ ਦਾ ਝਾਂਸਾ ਦੇ ਕੇ ਉਸ ਦੇ ਜਰੂਰੀ ਦਸਤਾਵੇਜਾਂ ਦੀਆਂ ਫੋਟੋ ਕਾਪੀਆਂ ਲੈ ਕੇ ਮਿਲੀਭੁਗਤ ਨਾਲ 29 ਲੱਖ ਰੁਪਏ ਦਾ ਕਰਜਾ ਲੈਣ ਵਾਲਿਆਂ ਤੋਂ ਇਲਾਵਾ ਬੈਂਕ ਦੇ ਮੈਨੇਜਰ ਅਤੇ ਕੈਸ਼ੀਅਰ 'ਤੇ ਸਥਾਨਕ ਥਾਣਾ ਸਿਟੀ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਇਸ ਮਾਮਲੇ ਵਿਚ ਸਥਾਨਕ ਡੋਗਰ ਬਸਤੀ ਦੀ ਗਲੀ ਨੰਬਰ 24 ਨਿਵਾਸੀ ਅਮਰਜੀਤ ਕੌਰ ਪਤਨੀ ਕਾਰਜ ਸਿੰਘ ਨੇ ਜ਼ਿਲ੍ਹੇ ਦੇ ਸੀਨੀਅਰ ਪੁਲਸ ਕਪਤਾਨ ਨੂੰ ਸ਼ਿਕਾਇਤ ਕਰ ਕੇ ਦੋਸ਼ ਲਾਇਆ ਸੀ ਕਿ ਅਮਨਪ੍ਰੀਤ ਸਿੰਘ ਪੁੱਤਰ ਸੁਰਿੰਦਰ ਸਿੰਘ, ਪਰਮਿੰਦਰ ਕੌਰ ਪਤਨੀ ਅਮਨਪ੍ਰੀਤ ਸਿੰਘ, ਮਨਪ੍ਰੀਤ ਕੌਰ ਅਤੇ ਰਮਨਦੀਪ ਕੌਰ ਪੁੱਤਰੀ ਸੁਰਿੰਦਰ ਸਿੰਘ ਵਾਸੀ ਡੋਗਰ ਬਸਤੀ ਗਲੀ ਨੰਬਰ-2 ਅਤੇ ਨਿਸ਼ਾਨ ਸਿੰਘ ਪੁੱਤਰ ਸਰਬਜੀਤ ਸਿੰਘ ਵਾਸੀ ਫਿਰੋਜ਼ਪੁਰ ਨੇ ਮੈਨੂੰ ਕਿਸੇ ਸਮਾਜਸੇਵੀ ਸੰਸਥਾ ਕੋਲੋਂ ਵਿੱਤੀ ਸਹਾਇਤਾ ਦਿਵਾਉਣ ਦਾ ਝਾਂਸਾ




ਦੇ ਕੇ ਮੇਰੇ ਜਰੂਰੀ ਦਸਤਾਵੇਜਾਂ ਦੀਆਂ ਫੋਟੋ ਸਟੇਟ ਕਾਪੀਆਂ ਕਰਵਾ ਕੇ ਆਪਣੇ ਕੋਲ ਰੱਖ ਲਈਆਂ। ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਇਸ ਉਪਰੰਤ ਉਕਤ ਸਾਰਿਆਂ ਨੇ ਉਨ੍ਹਾਂ ਡਾਕੂਮੈਂਟਾਂ 'ਤੇ ਬੈਂਕ ਮੈਨੇਜਰ ਦੀ ਮਿਲੀਭੁਗਤ ਨਾਲ ਵੱਖ-ਵੱਖ ਫਰਮਾਂ ਦੇ ਨਾਂ 'ਤੇ 29 ਲੱਖ ਰੁਪਏ ਦਾ ਕਰਜਾ ਲੈ ਕੇ ਉਸ ਨਾਲ ਧੋਖਾਦੇਹੀ ਕੀਤੀ ਹੈ। ਇੱਥੇ ਇਹ ਵੀ ਦੱਸਣਯੋਗ ਹੈ ਕਿ ਇਸ ਸ਼ਿਕਾਇਤ ਦੀ ਪੜਤਾਲ ਸੀਨੀਅਰ ਪੁਲਸ ਕਪਤਾਨ ਵੱਲੋਂ ਉੱਚ ਪੁਲਸ ਅਧਿਕਾਰੀਆਂ ਪਾਸੋਂ ਕਰਵਾਉਣ ਤੋਂ ਬਾਅਦ ਜਾਰੀ ਕੀਤੇ ਦਿਸ਼ਾ-ਨਿਰਦੇਸ਼ਾਂ 'ਤੇ ਉਕਤ ਦੋਸ਼ੀਆਂ ਤੋਂ ਇਲਾਵਾ ਮਿਲੀਭੁਗਤ ਨਾਲ ਕਰਜਾ ਦੇਣ ਵਾਲੇ ਦੀਪਕ ਕੁਮਾਰ ਵਾਸੀ ਕੋਟਕਪੂਰਾ ਬੈਂਕ ਮੈਨੇਜਰ ਪੰਜਾਬ ਐਂਡ ਸਿੰਧ ਬੈਂਕ ਪਿੰਡ ਭਾਣਾ ਅਤੇ ਇਸੇ ਹੀ ਬੈਂਕ ਦੇ ਕੈਸ਼ੀਅਰ ਹਰਚਰਨ ਸਿੰਘ ਵਾਸੀ ਭਾਨ ਸਿੰਘ ਕਾਲੋਨੀ ਫ਼ਰੀਦਕੋਟ 'ਤੇ ਵੀ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਇਸ ਮਾਮਲੇ 'ਚ ਅਜੇ ਕਿਸੇ ਵੀ ਦੋਸ਼ੀ ਦੀ ਗ੍ਰਿਫ਼ਤਾਰੀ ਨਹੀਂ ਹੋਈ ਹੈ।

## ਜਲੰਧਰ 'ਚ 'ਆਪ' ਦੀ ਜਿੱਤ, ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਸ਼ੀਤਲ ਅੰਗੂਰਾਲ ਨੂੰ ਲਿਆ ਨਿਸ਼ਾਨੇ 'ਤੇ

ਜਲੰਧਰ 15 ਜੁਲਾਈ। ਜਲੰਧਰ 'ਚ ਜ਼ਿਮਨੀ ਚੋਣ ਦੇ ਨਤੀਜਿਆਂ ਦਾ ਅੱਜ ਐਲਾਨ ਹੋ ਚੁੱਕਾ ਹੈ। ਆਮ ਆਦਮੀ ਪਾਰਟੀ ਦੇ ਉਮੀਦਵਾਰ ਮੋਹਿੰਦਰ ਭਗਤ 37,352 ਵੋਟਾਂ ਦੇ ਵੱਡੇ ਫਰਕ ਨਾਲ ਜਿੱਤ ਹਾਸਲ ਕਰ ਚੁੱਕੇ ਹਨ। ਉਨ੍ਹਾਂ ਨੂੰ ਕੁੱਲ 55,246 ਵੋਟਾਂ ਹਾਸਲ ਹੋਈਆਂ ਹਨ। ਇਸ ਜਿੱਤ ਤੋਂ ਬਾਅਦ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਵੱਡੇ ਮਾਰਜਨ ਨਾਲ ਆਮ ਆਦਮੀ ਪਾਰਟੀ ਨੂੰ ਜਿਤਾਉਣ 'ਤੇ ਜਲੰਧਰ ਦੇ ਲੋਕਾਂ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਨੇ ਕਿਹਾ ਕਿ ਲੋਕਾਂ ਨੇ ਤਾਂ ਸਾਲ 2022 'ਚ ਵੀ ਪਾਰਟੀ ਨੂੰ ਜਿਤਾ ਦਿੱਤਾ ਸੀ। ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਪਾਰਟੀ ਦੇ ਵਿਧਾਇਕ ਸ਼ੀਤਲ ਅੰਗੂਰਾਲ ਤੋਂ ਬਹੁਤ ਉਮੀਦਾਂ ਸਨ ਕਿ ਉਹ ਵਧੀਆ ਕੰਮ ਕਰੇਗਾ ਪਰ ਉਸ ਨੇ ਪਾਰਟੀ ਦੇ ਨਾਲ-ਨਾਲ ਲੋਕਾਂ ਨਾਲ ਵੀ ਬੁਰਾ ਕੀਤਾ ਹੈ। ਮੰਤਰੀ ਨੇ ਕਿਹਾ ਕਿ ਜਦੋਂ ਪਾਰਟੀ ਅਤੇ ਲੋਕਾਂ ਦੋਹਾਂ ਨੇ ਮਿਲ ਕੇ ਤੁਹਾਡੇ ਲਈ ਕੰਮ ਕੀਤਾ ਹੋਵੇ ਤਾਂ ਅਜਿਹਾ ਨਹੀਂ ਹੁੰਦਾ ਕਿ ਤੁਸੀਂ ਆਪਣੇ ਨਿੱਜੀ ਸਵਾਰਥ ਲਈ ਪਾਰਟੀ ਨੂੰ ਛੱਡ ਕੇ ਭੱਜ ਜਾਓ। ਉਨ੍ਹਾਂ ਕਿਹਾ ਕਿ ਲੋਕਾਂ ਨੇ ਇਸ ਦਾ ਬਹੁਤ ਬੁਰਾ ਮੰਨਿਆ ਹੈ ਅਤੇ ਇਹ ਆਮ ਆਦਮੀ ਪਾਰਟੀ ਦੀ ਜਲੰਧਰ 'ਚ ਜਿੱਤ ਦਾ ਇਕ ਵੱਡਾ ਕਾਰਨ ਰਿਹਾ ਹੈ। ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਕਿਹਾ ਕਿ ਲੋਕ ਪਹਿਲਾਂ ਵੀ ਪਾਰਟੀ ਨਾਲ ਸਨ ਅਤੇ ਅੱਜ ਵੀ ਪਾਰਟੀ ਦੇ ਨਾਲ ਹੀ ਖੜ੍ਹੇ ਹਨ।

## ਉਤਰਾਖੰਡ 'ਚ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀ ਘਟਨਾ ਨਿੰਦਣਯੋਗ : ਐਡਵੋਕੇਟ ਧਾਮੀ

ਅੰਮ੍ਰਿਤਸਰ 15 ਜੁਲਾਈ। ਉਤਰਾਖੰਡ ਦੇ ਜ਼ਿਲ੍ਹਾ ਊਧਮ ਸਿੰਘ ਨਗਰ ਵਿਚ ਪੈਂਦੇ ਸਿਤਾਰਗੰਜ ਇਲਾਕੇ 'ਚ ਸਥਿਤ ਗੁਰਦੁਆਰਾ ਗੁਰੂ ਨਾਨਕ ਪੁਰੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀ ਵਾਪਰੀ ਘਟਨਾ 'ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਤਿੱਖਾ ਪ੍ਰਤੀਕਰਮ ਦਿੰਦਿਆਂ ਕਿਹਾ ਕਿ ਅਜਿਹੀਆਂ ਘਟਨਾਵਾਂ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣਾ ਸਰਕਾਰਾਂ ਦੀ ਜ਼ਿੰਮੇਵਾਰੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚ ਦਰਜ



ਬਾਣੀ ਸਿੱਖੀ ਜੀਵਨ ਦਾ ਆਧਾਰ ਹੈ। ਉਨ੍ਹਾਂ ਕਿਹਾ ਕਿ ਕੁਝ ਸਮਾਜ ਵਿਰੋਧੀ ਲੋਕ ਗੁਰਬਾਣੀ ਦੀ ਬੇਅਦਬੀ ਕਰ ਕੇ ਸਿੱਖ ਭਾਵਨਾਵਾਂ ਨੂੰ ਤਾਰ-ਤਾਰ ਕਰਨ ਦੀ ਕੋਝੀ ਹਰਕਤ ਕਰਦੇ ਹਨ, ਜਿਸ ਨਾਲ ਸਿੱਖ ਭਾਵਨਾਵਾਂ ਨੂੰ ਭਾਰੀ ਸੱਟ ਵੱਜਦੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਬਾਣੀ ਦੀ ਬੇਅਦਬੀ ਦੀਆਂ ਘਟਨਾਵਾਂ ਲਗਾਤਾਰ ਵਾਪਰ ਰਹੀਆਂ ਹਨ, ਜੋ ਵੱਡੀ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਜਿਥੇ ਗੁਰਦੁਆਰਾ ਸਾਹਿਬ ਦੀਆਂ ਪ੍ਰਬੰਧਕ ਕਮੇਟੀਆਂ ਨੂੰ ਗੁਰਦੁਆਰਾ ਸਾਹਿਬ ਵਿਖੇ ਜ਼ਰੂਰੀ ਨਿਗਰਾਨੀ ਕਰਨ ਲਈ ਆਖਿਆ, ਉਥੇ ਹੀ ਉਤਰਾਖੰਡ ਦੇ ਪੁਲਸ ਪ੍ਰਸ਼ਾਸਨ ਨੂੰ ਜ਼ਿਲ੍ਹਾ ਊਧਮ ਸਿੰਘ ਨਗਰ ਵਿਖੇ ਵਾਪਰੀ ਘਟਨਾ ਦੇ ਦੋਸ਼ੀਆਂ ਪਾਸੋਂ ਸਖ਼ਤੀ ਨਾਲ ਪੁਛਗਿੱਛ ਕਰਕੇ ਘਟਨਾ ਪਿੱਛੇ ਕੰਮ ਕਰਦੇ ਲੋਕਾਂ ਨੂੰ ਸਾਹਮਣੇ ਲਿਆਉਣ ਲਈ ਵੀ ਕਿਹਾ।

## ਮਹਿਤਪੁਰ 'ਚ ਚੋਰਾਂ ਦੇ ਹੌਸਲੇ ਬੁਲੰਦ, ਜਨਰਲ ਸਟੋਰ ਨੂੰ ਬਣਾਇਆ ਨਿਸਾਨਾ

ਮਹਿਤਪੁਰ 15 ਜੁਲਾਈ। ਮਹਿਤਪੁਰ ਦੇ ਪੁਰਾਣਾ ਬਾਜਾਰ ਕਿਤਾਬਾਂ ਦੀ ਮਾਰਕੀਟ ਦੇ ਨੇੜੇ ਗੋਲਡੀ ਜਨਰਲ ਸਟੋਰ ਨੂੰ ਅਣਪਛਾਤੇ ਵਿਅਕਤੀ ਨੇ ਤਾਲੇ ਭੰਨ ਕੇ ਨਿਸਾਨਾ ਬਣਾਇਆ। ਇਸ ਮੌਕੇ ਦੁਕਾਨ ਮਾਲਕ ਪ੍ਰਭਜੋਤ ਸਿੰਘ ਸਪੁੱਤਰ ਗੁਰਚਰਨ ਸਿੰਘ ਨੇ ਦੱਸਿਆ ਕਿ ਇਕ ਵਿਅਕਤੀ ਜੋਕਿ ਸਵੇਰੇ ਤੜਕਸਾਰ 3:50 ਤੋਂ 4 ਵਜੇ ਦੇ ਕਰੀਬ ਮੋਟਰਸਾਈਕਲ 'ਤੇ ਆਇਆ ਤੇ ਦੁਕਾਨ ਦੇ ਤਾਲੇ ਭੰਨ ਕੇ ਦੁਕਾਨ 'ਚੋਂ ਬੈਟਰਾ, 8000 ਨਕਦੀ ਅਤੇ ਹੋਰ ਮਨਿਆਰੀ ਦਾ ਸਾਮਾਨ ਲੈ ਕੇ ਰਫੂਚੱਕਰ ਹੋ ਗਿਆ, ਜੋਕਿ ਜਿਸ ਦੀ ਸਾਰੀ ਘਟਨਾ ਆਸ-ਪਾਸ ਦੇ ਦੁਕਾਨਦਾਰਾਂ 'ਤੇ ਲੱਗੇ ਕੈਮਰਿਆਂ 'ਚ ਕੈਦ ਹੋ ਗਈ ਹੈ। ਦੁਕਾਨਦਾਰ ਨੇ ਦੱਸਿਆ ਕਿ ਇਸ ਦੀ ਜਾਣਕਾਰੀ ਮਹਿਤਪੁਰ ਪੁਲਸ ਨੂੰ ਦੇ ਦਿੱਤੀ ਗਈ ਹੈ। ਉਨ੍ਹਾਂ ਕਾਰਵਾਈ ਕਰਨ ਲਈ ਵਿਸਵਾਸ ਦਵਾਇਆ ਹੈ। ਇਸ ਮੌਕੇ ਦੁਕਾਨਦਾਰਾਂ ਨੇ ਪ੍ਰਸਾਸਨ ਤੋਂ ਮੰਗ ਕਰਦਿਆਂ ਕਿਹਾ ਕਿ ਲਗਾਤਾਰ ਹੋ ਰਹੀਆਂ ਚੋਰੀ ਦੀਆਂ ਵਾਰਦਾਤਾਂ ਤੋਂ ਦੁਕਾਨਦਾਰ ਬਹੁਤ ਤੰਗ ਆ ਚੁੱਕੇ ਹਨ। ਇਨ੍ਹਾਂ ਚੋਰਾਂ 'ਤੇ ਨਕੇਲ ਕੱਸਣੀ ਚਾਹੀਦੀ ਹੈ। ਦੱਸਣਯੋਗ ਹੈ ਕਿ ਮਹਿਤਪੁਰ ਵਿਖੇ ਆਏ ਦਿਨ ਚੋਰੀ ਅਤੇ ਲੁੱਟ-ਖਸੁੱਟ ਦੀਆਂ ਵਾਰਦਾਤਾਂ 'ਚ ਵਾਧਾ ਹੋ ਰਿਹਾ ਹੈ ਪਰ ਸਥਾਨਕ ਪੁਲਸ ਕੁੰਭਕਰਨੀ ਨੀਂਦ ਤੋਂ ਉੱਠਣ ਦਾ ਨਾਂ ਨਹੀਂ ਲੈ ਰਹੀ।

# ਗਰੀਬ ਕਿਸਾਨ ਦੀਆਂ ਸੜ ਗਈਆਂ 40 ਭੇਡਾਂ, ਪੰਜਾਬ ਸਰਕਾਰ ਨੇ ਦਿੱਤੀ 8 ਲੱਖ 30 ਹਜਾਰ ਰੁਪਏ ਦੀ ਸਹਾਇਤਾ ਰਾਸ਼ੀ

**ਏਜੰਸੀਆਂ**

ਭਵਾਨੀਗੜ੍ਹ 15 ਜੁਲਾਈ। ਨੇੜਲੇ ਪਿੰਡ ਰਾਮਗੜ੍ਹ ਵਿਖੇ ਕਰੀਬ ਦੋ ਮਹੀਨੇ ਪਹਿਲਾਂ 4 ਮਈ ਨੂੰ ਖੇਤਾਂ ਲੱਗੀ ਅੱਗ ਕਾਰਨ ਇਕ ਭੇਡਾਂ ਬੱਕਰੀਆਂ ਵਾਲੇ ਵਾੜੇ ਨੂੰ ਅੱਗ ਲੱਗ ਗਈ ਸੀ, ਜਿਸ ਕਾਰਨ ਇਕ ਗਰੀਬ ਪਸ਼ੂ ਪਾਲਕ ਦੀਆਂ 40 ਦੇ ਕਰੀਬ ਭੇਡਾਂ-ਬੱਕਰੀਆਂ ਸੜ ਕੇ ਸੁਆਹ ਹੋ ਗਈਆਂ ਸਨ। ਇਸ ਦੁਖਦਾਈ ਘਟਨਾ ਸਬੰਧੀ ਉਕਤ ਗਰੀਬ ਪਸ਼ੂ ਪਾਲਕ ਦੀ ਸਹਾਇਤਾ ਲਈ ਪੰਜਾਬ ਸਰਕਾਰ ਵੱਲੋਂ ਜਾਰੀ 8 ਲੱਖ 30 ਹਜਾਰ ਰੁਪਏ ਦੀ ਸਹਾਇਤਾ ਰਾਸ਼ੀ ਦਾ ਚੈੱਕ ਹਲਕਾ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਪਿੰਡ ਰਾਮਗੜ੍ਹ ਵਿਖੇ ਉਕਤ ਪਸ਼ੂ ਪਾਲਕ ਮਹਿੰਦਰ ਸਿੰਘ ਨੂੰ ਭੇਟ ਕੀਤਾ ਗਿਆ। ਇਸ ਮੌਕ ਗੱਲਬਾਤ ਕਰਦਿਆਂ ਹਲਕਾ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਕਣਕ ਦੇ ਸੀਜਨ ਦੌਰਾਨ ਦੋ ਮਹੀਨੇ ਪਹਿਲਾਂ ਪਿੰਡ ਰਾਮਗੜ੍ਹ ਤੇ ਘਨੌੜ ਜੱਟਾਂ ਨੇੜੇ ਖੇਤਾਂ 'ਚ ਅਚਾਨਕ ਲੱਗੀ ਅੱਗ ਨੇ ਪਿੰਡ ਰਾਮਗੜ੍ਹ ਵਿਖੇ ਮਹਿੰਦਰ ਸਿੰਘ ਦੇ ਬੱਕਰੀਆਂ ਭੇਡਾਂ ਵਾਲੇ ਵਾੜੇ ਨੂੰ ਵੀ ਆਪਣੀ ਲਪੇਟ 'ਚ ਲੈ ਲਿਆ ਸੀ ਤੇ ਇਸ ਘਟਨਾ 'ਚ ਮਹਿੰਦਰ ਸਿੰਘ ਦੀਆਂ ਸਾਰੀਆਂ 40 ਦੇ ਕਰੀਬ ਬੱਕਰੀਆਂ ਭੇਡਾਂ ਇਕ ਅੱਗ ਦੀ ਭੇਟਾਂ ਚੜ੍ਹ ਗਈਆਂ ਸਨ। ਇਸ ਸਬੰਧੀ ਉਨ੍ਹਾਂ ਵੱਲੋਂ ਇਸ ਸਾਰੀ ਘਟਨਾ ਦੀ ਜਾਣਕਾਰੀ ਮੁੱਖ ਮੰਤਰੀ



ਪੰਜਾਬ ਭਗਵੰਤ ਸਿੰਘ ਮਾਨ ਨੂੰ ਦਿੰਦਿਆਂ ਇਸ ਦੀ ਪੂਰੀ ਰਿਪੋਰਟ ਤਿਆਰ ਕਰ ਕੇ ਪੰਜਾਬ ਸਰਕਾਰ ਨੂੰ ਭੇਜੀ ਗਈ ਸੀ। ਇਸ ਸਬੰਧੀ ਹੁਣ ਪੰਜਾਬ ਸਰਕਾਰ ਵੱਲੋਂ ਮਹਿੰਦਰ ਸਿੰਘ ਨੂੰ 8 ਲੱਖ 30 ਹਜਾਰ ਰੁਪਏ ਦੀ ਸਹਾਇਤਾ ਰਾਸ਼ੀ ਭੇਜੀ ਗਈ ਹੈ, ਜਿਸ ਨਾਲ ਹੁਣ ਇਸ ਗਰੀਬ ਦੇ ਵਾੜੇ 'ਚ ਮੁੜ ਬੱਕਰੀਆਂ ਭੇਡਾਂ ਦੀ ਰੌਣਕ ਆਵੇਗੀ। ਉਨ੍ਹਾਂ ਦੱਸਿਆ ਕਿ ਅੱਗ ਦੀ ਇਸ ਘਟਨਾ 'ਚ ਪਿੰਡ ਘਨੌੜ ਜੱਟਾਂ ਦੇ ਰਾਜਦੀਪ ਸਿੰਘ ਦਾ ਤੂੜੀ ਵਾਲਾ ਕੁੱਪ ਸੜ ਜਾਣ 'ਤੇ ਹੋਰ ਨੁਕਸਾਨ ਹੋ ਗਿਆ ਸੀ ਇਸ ਉਸ ਨੂੰ ਵੀ ਪੰਜਾਬ ਸਰਕਾਰ ਵੱਲੋਂ 1 ਲੱਖ 12 ਹਜਾਰ ਰੁਪਏ ਦੀ ਸਹਾਇਤਾ ਰਾਸ਼ੀ ਤੇ ਅੱਗ ਦੀ ਇਸ ਘਟਨਾ 'ਚ ਇਕ ਹੋਰ ਵਿਅਕਤੀ ਗੁਰਚਰਨ ਸਿੰਘ ਰਾਮਗੜ੍ਹ ਦੇ ਸੈੱਡ ਦੇ ਹੋਏ ਨੁਕਸਾਨ ਲਈ 19500 ਰੁਪਏ ਦੀ ਸਹਾਇਤਾ ਰਾਸ਼ੀ ਸਰਕਾਰ ਵੱਲੋਂ ਮੁਹੱਈਆ ਕਰਵਾਈ ਗਈ ਹੈ। ਇਸ ਮੌਕੇ ਹਲਕਾ ਵਿਧਾਇਕ ਵੱਲੋਂ ਤਿੰਨਾਂ ਵਿਅਕਤੀਆਂ ਨੂੰ ਇਹ ਸਹਾਇਤਾ ਰਾਸ਼ੀ ਦੇ ਚੈੱਕ ਭੇਟ ਕਰਨ ਤੋਂ ਬਾਅਦ ਕਿਹਾ ਪੰਜਾਬ ਸਰਕਾਰ ਵੱਲੋਂ ਆਪਣੇ ਹਰ ਵਾਅਦੇ ਨੂੰ ਪੂਰਾ ਕੀਤਾ ਜਾ ਰਿਹਾ ਹੈ। ਸਰਕਾਰ ਵੱਲੋਂ ਸੂਬੇ ਦੇ ਵਿਕਾਸ ਕਾਰਜਾਂ 'ਚ ਵੀ ਕੋਈ ਕਮੀ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਭਾਵੁਕ ਹੋਏ ਮਹਿੰਦਰ ਸਿੰਘ ਤੇ ਪਿੰਡ ਵਾਸੀਆਂ ਵੱਲੋਂ ਇਸ ਮਦਦ ਲਈ ਪੰਜਾਬ ਸਰਕਾਰ ਤੇ ਹਲਕਾ ਵਿਧਾਇਕ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਕਈ ਆਪ ਆਗੂ ਮੌਜੂਦ ਸਨ।

## ਦੇਖ ਲਓ ਨਸ਼ੇੜੀਆਂ ਦਾ ਹਾਲ ! ਨਸ਼ਾ ਕਰਨ ਤੋਂ ਰੋਕਿਆ ਤਾਂ ਨੌਜਵਾਨ ਨੇ ਆਪਣੇ ਪਿਓ ਨੂੰ ਹੀ ਪਹੁੰਚਾ'ਤਾ ਹਸਪਤਾਲ

ਅਬੋਹਰ 15 ਜੁਲਾਈ। ਬਹੁਤ ਵਾਰ ਦੇਖਣ-ਸੁਣਨ ਨੂੰ ਮਿਲਦਾ ਹੈ ਕਿ ਨਸ਼ੇ 'ਚ ਅੰਨ੍ਹੇ ਵਿਅਕਤੀ ਲਈ ਰਿਸ਼ਤੇ ਕੋਈ ਮਾਇਨੇ ਨਹੀਂ ਰੱਖਦੇ। ਉਨ੍ਹਾਂ ਨੂੰ ਸਿਰਫ ਨਸ਼ਾ ਚਾਹੀਦਾ ਹੈ, ਜੇਕਰ ਸਮੇਂ ਸਿਰ ਉਨ੍ਹਾਂ ਦੀ ਤੋੜ ਪੂਰੀ ਨਾ ਹੋਈ ਤਾਂ ਉਹ ਕਿਸੇ ਵੀ ਹੱਦ ਤੱਕ ਜਾ ਸਕਦੇ ਹਨ। ਅਜਿਹਾ ਹੀ ਇਕ ਮਾਮਲਾ ਸਾਹਮਣੇ ਆਇਆ ਹੈ ਅਬੋਹਰ ਤੋਂ, ਜਿੱਥੇ ਨਸ਼ਾ ਕਰਨ ਤੋਂ ਰੋਕਣ 'ਤੇ ਇਕ ਨੌਜਵਾਨ ਨੇ ਆਪਣੇ ਹੀ ਪਿਓ 'ਤੇ ਰਾਡ ਨਾਲ ਹਮਲਾ ਕਰ ਦਿੱਤਾ। ਇਹ ਘਟਨਾ ਹੈ ਸਰਾਭਾ ਨਗਰ ਦੀ, ਜਿੱਥੋਂ ਦੇ ਇਕ ਵਿਅਕਤੀ ਨੂੰ ਉਸ ਦੇ ਹੀ ਪੁੱਤਰ ਨੇ ਰਾਡ ਨਾਲ ਹਮਲਾ ਕਰ ਕੇ ਗੰਭੀਰ ਜ਼ਖਮੀ ਕਰ ਦਿੱਤਾ। ਇਲਾਜ ਅਧੀਨ ਸੁਖਪਾਲ ਪੁੱਤਰ ਮੁਖਤਿਆਰ ਸਿੰਘ ਨੇ ਦੱਸਿਆ ਕਿ ਉਸ ਦੇ ਦੋ ਪੁੱਤਰ ਹਨ ਅਤੇ ਉਸ ਦਾ ਇਕ ਪੁੱਤਰ ਪਿਛਲੇ ਛੇ ਮਹੀਨਿਆਂ ਤੋਂ ਨਸ਼ੇ ਦਾ ਆਦੀ ਹੈ। ਉਹ ਗੋਲੀਆਂ ਸਮੇਤ ਕਈ ਤਰ੍ਹਾਂ ਦੇ ਨਸ਼ਿਆਂ ਦਾ ਸੇਵਨ ਕਰਦਾ ਹੈ। ਉਸ ਨੂੰ ਕਈ ਵਾਰ ਸਮਝਾਇਆ ਗਿਆ, ਪਰ ਹਰ ਵਾਰ ਉਹ ਉਨ੍ਹਾਂ ਦੀ ਗੱਲ ਸੁਣਨ ਦੀ ਬਜਾਏ ਲੜਦਾ ਰਹਿੰਦਾ ਹੈ। ਬੀਤੀ ਰਾਤ ਵੀ ਉਸ ਦਾ ਪੁੱਤਰ ਉਸ ਦੇ ਸਾਹਮਣੇ ਨਸ਼ੇ ਵਾਲੀਆਂ ਗੋਲੀਆਂ ਖਾ ਰਿਹਾ ਸੀ ਅਤੇ ਜਦੋਂ ਉਸ ਨੂੰ ਅਜਿਹਾ ਕਰਨ ਤੋਂ ਰੋਕਿਆ ਤਾਂ ਉਸ ਨੇ ਲੋਹੇ ਦੀ ਰਾਡ ਨਾਲ ਹਮਲਾ ਕਰ ਕੇ ਉਸ ਨੂੰ ਜ਼ਖਮੀ ਕਰ ਦਿੱਤਾ। ਫਿਲਹਾਲ ਜਖਮੀ ਸੁਖਪਾਲ ਹਸਪਤਾਲ 'ਚ ਇਲਾਜ ਅਧੀਨ ਹੈ।

# ਪੀ. ਜੀ. ਆਈ. ਐਮਰਜੈਂਸੀ ਅਤੇ ਟ੍ਰਾਮਾ ਸੈਂਟਰ ਦਾ ਹੋਵੇਗਾ ਵਿਸਥਾਰ, ਮਰੀਜਾਂ ਨੂੰ ਮਿਲੇਗੀ ਸਹੂਲਤ

**ਏਜੰਸੀਆਂ**

ਚੰਡੀਗੜ੍ਹ 15 ਜੁਲਾਈ। ਪੀ. ਜੀ. ਆਈ. 'ਚ ਸ਼ੁਰੂ ਹੋਣ ਵਾਲੇ ਨਿਊਰੋ ਸਾਇੰਸ ਸੈਂਟਰ ਨਾਲ ਇੱਥੋਂ ਦੀ ਐਮਰਜੈਂਸੀ ਅਤੇ ਟ੍ਰਾਮਾ ਸੈਂਟਰਾਂ 'ਚ ਮਰੀਜਾਂ ਦੇ ਬੋਝ ਨੂੰ ਘਟਾਵੇਗਾ। ਪੀ.ਜੀ.ਆਈ ਐਮਰਜੈਂਸੀ ਮੈਡੀਕਲ ਵਾਰਡ 'ਚ ਸਿਰਫ 109 ਬੈੱਡ ਹਨ ਪਰ ਇੱਥੇ ਹਰ ਸਮੇਂ 350 ਤੋਂ ਵੱਧ ਮਰੀਜ਼ਾਂ ਦਾ ਇਲਾਜ ਹੁੰਦਾ ਹੈ। ਐਡਵਾਂਸਡ ਟ੍ਰਾਮਾ ਸੈਂਟਰ (ਏ.ਟੀ.ਸੀ.) ਜਿੱਥੇ ਕਈ ਸਰਜੀਕਲ ਸਪੈਸ਼ਲਿਟਜ਼ ਨਾਲ ਇਲਾਜ ਕੀਤਾ ਜਾਂਦਾ ਹੈ। ਇੱਥੇ 100 ਮਰੀਜਾਂ ਦੀ ਸਮਰੱਥਾ ਹੈ ਅਤੇ ਇੱਥੇ 200-225 ਮਰੀਜ ਦਾਖਲ ਰਹਿੰਦੇ ਹਨ। ਇਸ ਦਬਾਅ ਨੂੰ ਹੁਣ ਨਿਊਰੋ ਸਾਇੰਸ ਸੈਂਟਰ ਘੱਟ ਕਰੇਗਾ। ਪੀ. ਜੀ. ਆਈ. ਡਾਇਰੈਕਟਰ ਡਾ. ਵਿਵੇਕ ਲਾਲ ਅਨੁਸਾਰ ਐਮਰਜੈਂਸੀ ਅਤੇ ਟ੍ਰਾਮਾ ਸੈਂਟਰ ਲਈ ਅਸੀਂ ਯੋਜਨਾ ਬਣਾਈ ਹੈ ਕਿ ਨਿਊਰੋ ਸਾਇੰਸ ਸੈਂਟਰ ਦੇ ਸ਼ੁਰੂ ਹੁੰਦੇ ਹੀ ਐਮਰਜੈਂਸੀ ਅਤੇ ਟ੍ਰਾਮਾ ਸੈਂਟਰ ਵਿਚ ਆਉਣ ਵਾਲੇ ਨਿਊਰੋ ਦੇ ਮਰੀਜਾਂ ਨੂੰ ਉੱਥੇ ਸ਼ਿਫਟ ਕਰ ਦਿੱਤਾ ਜਾਵੇਗਾ। ਇਸ ਦੀ ਮਦਦ ਨਾਲ ਹੋਰ ਐਮਰਜੈਂਸੀ ਮਰੀਜਾਂ ਲਈ ਜਗ੍ਹਾ ਬਣਾਈ ਜਾਵੇਗੀ। ਡਾਇਰੈਕਟਰ ਡਾ. ਲਾਲ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਯੋਜਨਾ ਬਣਾ ਰਹੇ ਸੀ ਕਿ ਸਾਰੰਗਪੁਰ ਐਕਸਟੈਨਸ਼ਨ ਵਿਚ ਮੌਜੂਦਾ ਐਮਰਜੈਂਸੀ ਅਤੇ ਟ੍ਰਾਮਾ ਸੈਂਟਰ ਨੂੰ ਸ਼ਿਫਟ ਕੀਤਾ ਜਾਵੇਗਾ, ਪਰ ਹੁਣ ਇਸ ਵਿਚ ਕਾਫੀ ਸਮਾਂ ਲੱਗ ਸਕਦਾ ਹੈ। ਹਾਲ ਹੀ ਵਿਚ ਸਾਰੰਗਪੁਰ ਐਕਸਟੈਨਸਨ ਦੀ ਚਾਰਦੀਵਾਰੀ ਦਾ ਕੰਮ ਮੁਕੰਮਲ ਕੀਤਾ ਗਿਆ ਹੈ। ਇਹ




ਬਹੁਤ ਲੰਬਾ ਪ੍ਰੋਜੈਕਟ ਹੈ। ਐੱਮ. ਬੀ. ਬੀ.ਐੱਸ. ਦੇ ਲਈ ਮੈਡੀਕਲ ਕਾਲਜ ਸਾਰੰਗਪੁਰ ਵਿਚ ਬਣਨ ਵਾਲੇ ਐਕਸਟੈਨਸਨ ਦਾ ਨੀਂਹ ਪੱਥਰ ਰੱਖਣਾ ਸਾਡੀ ਤਰਜੀਹ ਹੈ। ਪੀ. ਜੀ. ਆਈ. ਪ੍ਰਸਾਸਨ ਲਈ ਨਹਿਰੂ ਹਸਪਤਾਲ ਦਾ ਨਵੀਨੀਕਰਨ ਪਿਛਲੇ ਕਈ ਸਾਲਾਂ ਤੋਂ ਚੁਣੌਤੀ ਬਣਿਆ ਹੋਇਆ ਹੈ। ਨਹਿਰੂ ਹਸਪਤਾਲ ਵਿਚ ਢਾਈ ਤੋਂ ਤਿੰਨ ਹਜਾਰ ਇੰਨਡੋਰ ਮਰੀਜ ਦਾਖਲ ਹੁੰਦੇ ਹਨ। ਪੀ. ਜੀ. ਆਈ. ਨਹਿਰੂ ਇਮਾਰਤ ਵਿਚ ਮੌਜੂਦ ਐਮਰਜੈਂਸੀ ਅਤੇ ਟ੍ਰਾਮਾ ਸੈਂਟਰ ਨੂੰ ਹੋਰ ਜ਼ਿਆਦਾ ਨਹੀਂ ਵਧਾਇਆ ਜਾ ਸਕਦਾ। ਹੁਣ ਨਿਊਰੋ ਸਾਇੰਸ ਸੈਂਟਰ ਬਣਾਇਆ ਜਾ ਰਿਹਾ ਹੈ ਅਤੇ ਐਮਰਜੈਂਸੀ ਅਤੇ ਟ੍ਰਾਮਾ 'ਚਆਉਣ ਵਾਲੇ ਨਿਊਰੋ ਮਰੀਜਾਂ ਨੂੰ ਉੱਥੇ ਸ਼ਿਫਟ ਕੀਤਾ ਜਾਵੇਗਾ ਤਾਂ ਇਸ ਨਾਲ ਕੁੱਝ ਰਾਹਤ ਮਿਲੇਗੀ। ਇਹ ਪਹਿਲੀ ਵਾਰ ਹੋਵੇਗਾ ਕਿ ਮੌਜੂਦਾ ਪੁਰਾਣੀ ਇਮਾਰਤ ਨੂੰ ਰੈਨੋਵੇਟ ਹੋਣ ਦਾ ਮੌਕੇ ਮਿਲ ਸਕੇਗਾ। ਟ੍ਰਾਮਾ ਸੈਂਟਰ ਵਿਚ ਜ਼ਿਆਦਾਤਰ ਐਕਸੀਡੈਂਟਲ ਕੇਸ ਆਉਂਦੇ ਹਨ, ਜਿਨ੍ਹਾਂ ਦੇ ਸਿਰ 'ਤੇ ਸੱਟ ਹੁੰਦੀ ਹੈ। ਸਾਲ 2023 ਦੇ ਅੰਕੜੇ ਦੇਖੀਏ ਤਾਂ ਐਮਰਜੈਂਸੀ ਮੈਡੀਕਲ ਓ. ਪੀ. ਡੀ. ਵਿਚ 54050 ਮਰੀਜ਼ ਦਾਖਲ ਕੀਤੇ ਗਏ ਸੀ, ਜਿਨ੍ਹਾਂ ਵਿਚ ਮੈਡੀਕਲ ਸਰਜ਼ੀਕਲ ਓ. ਪੀ. ਡੀ. 9543 ਅਤੇ ਐਡਵਾਂਸ ਟ੍ਰਾਮਾ ਸੈਂਟਰ ਓ. ਪੀ. ਡੀ. ਵਿਚ 12578 ਮਰੀਜ਼ ਦਾਖਲ ਕੀਤੇ ਗਏ।

## ਦਸੂਹਾ 'ਚ ਕਰੋੜਾਂ ਰੁਪਏ ਦੇ ਗਹਿਣੇ ਅਤੇ ਸੋਨੇ ਦੀ ਧੋਖਾਧੜੀ ਕਰਨ ਤੇ 2 ਵਿਰੁੱਧ ਕੇਸ ਦਰਜ

ਦਸੂਹਾ 15 ਜੁਲਾਈ। ਸਰਾਫਾ ਬਜਾਰ ਦਸੂਹਾ ਵਿਖੇ ਸਰਾਫਾਂ ਦਾ ਕੰਮ ਕਰ ਰਹੇ ਦੁਕਾਨਦਾਰਾਂ ਨੂੰ ਜੋ ਸੋਨੇ ਦੇ ਗਹਿਣੇ ਬਣਾਉਣ ਵਾਲੇ ਕਾਰੀਗਰ ਅਮਿਤ ਕੁਮਾਰ ਅਤੇ ਅਖਿਲੇਸ਼ ਕੁਮਾਰ ਪੁੱਤਰਾਨ ਮੰਗਲ ਪ੍ਰਸ਼ਾਦ ਹਾਲ ਵਾਸੀ ਧੋਬੀ ਮੁਹੱਲਾ ਦਸੂਹਾ ਵੱਲੋਂ 1810 ਗ੍ਰਾਮ ਸੋਨਾ ਅਤੇ ਸੋਨੇ ਦੇ ਗਹਿਣੇ ਦੀ ਧੋਖਾਧੜੀ ਕਰਨ ਸਬੰਧੀ ਐੱਸ. ਐੱਸ. ਪੀ. ਹੁਸ਼ਿਆਰਪੁਰ ਸਰਿੰਦਰ ਲਾਂਬਾ ਦੇ ਹੁਕਮਾਂ ਅਨੁਸਾਰ ਉਪਰੋਕਤ ਦੋਵਾਂ ਮੁਲਜਮਾਂ ਦੇ ਵਿਰੁੱਧ ਧੋਖਾਧੜੀ ਕਰਨ ਸਬੰਧੀ ਕੇਸ ਦਰਜ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਥਾਣਾ ਮੁਖੀ ਦਸੂਹਾ ਹਰਪ੍ਰੇਮ ਸਿੰਘ ਨੇ ਦੱਸਿਆ ਕਿ ਸਵਰਨਕਾਰ ਸੰਘ ਦਸੂਹਾ ਦਾ ਇਕ ਵਫਦ ਇਸ ਸਬੰਧੀ ਐੱਸ. ਐੱਸ. ਪੀ. ਹੁਸ਼ਿਆਰਪੁਰ ਨੂੰ ਮਿਲਿਆ ਸੀ। ਜਿਨਾਂ ਵਿੱਚ ਰਾਕੇਸ਼ ਵਰਮਾ ਪੁੱਤਰ ਜੁਗਲ ਕਿਸ਼ੋਰ ,ਅਨੁਜ ਵਰਮਾ ,ਸੰਜੀਵ ਕੁਮਾਰ, ਮੋਹਿਤ ਵਰਮਾ ,ਮੁਨੀਸ਼ ਵਰਮਾ ,ਰਣਜੀਤ ਕੁਮਾਰ, ਸੰਦੀਪ ਕੁਮਾਰ, ਪ੍ਰਦੀਪ ਕੁਮਾਰ, ਵਿਕਾਸ ਪਾਟਿਲ, ਅਕਾਸਦੀਪ, ਪ੍ਰਿੰਸ ਸਰਮਾਂ ਆਦਿ ਨੇ ਲਿਖਤੀ ਸ਼ਿਕਾਇਤ ਕੀਤੀ ਸੀ ਕਿ ਉਹ ਸੋਨੇ ਦੇ ਗਹਿਣੇ ਬਣਾਉਣ ਦਾ ਕੰਮ ਕਰਦੇ ਹਨ ਅਤੇ ਜੋ ਕਾਰੀਗਰ ਅਮਿਤ ਕੁਮਾਰ ਅਤੇ ਅਖਿਲੇਸ਼ ਕੁਮਾਰ ਨੂੰ ਨਵੀਂ ਤਕਨੀਕ ਦੇ ਸੋਨੇ ਦੇ ਗਹਿਣੇ ਬਣਾਉਣ ਲਈ ਦਿੰਦੇ ਸਨ ਜਦਕਿ ਇਹ ਦੋਵੇਂ ਸੋਨਾ ਅਤੇ ਸੋਨੇ ਦੇ ਗਹਿਣੇ ਲੈ ਕੇ ਫਰਾਰ ਹੋ ਗਏ। ਉਨਾਂ ਦੱਸਿਆ ਕਿ ਤਕਨੀਕੀ ਪੁਲਸ ਦੀਆ ਟੀਮਾਂ ਗਠਿਤ ਕਰ ਦਿੱਤੀਆ ਗਈਆਂ ਹਨ, ਜਿਨਾਂ ਨੂੰ ਇਸ ਸਬੰਧੀ ਜਾਂਚ ਆਰੰਭ ਕਰ ਦਿੱਤੀ ਹੈ ਤਾਂ ਜੋ ਇਨਾਂ ਮੁਲਜਮਾਂ ਨੂੰ ਫੜ ਕੇ ਕਾਬੂ ਕੀਤਾ ਜਾਵੇ ਅਤੇ ਸੋਨਾ ਵੀ ਬਰਾਮਦ ਕਰ ਸਕੇ। ਉਨਾਂ ਦੱਸਿਆ ਕਿ ਇਹ ਦੋਵੇ ਲਖਨਾਓ ਯੂ. ਪੀ. ਦੇ ਵਾਸੀ ਦੱਸੇ ਜਾ ਰਹੇ ਜਿੱਥੇ ਜਾ ਕੇ ਇਨਾਂ ਦੀ ਭਾਲ ਕੀਤੀ ਜਾਵੇਗੀ।